ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 21 ਮਾਰਚ 2024 (ਨਾਨਕਸ਼ਾਹੀ ਸੰਮਤ : ੫੫੬, ੮ ਚੇਤਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111, +447976210161, +919729091243




## ਸੰਗਰੂਰ ਤੋਂ ਦਿਲ ਦਹਿਲਾਉਣ ਵਾਲੀ ਖਬਰ ! ਘਰ ਦੀ ਕੱਢੀ ਸ਼ਰਾਬ ਪੀ ਕੇ ਚਾਰ ਦੋਸਤਾਂ ਦੀ ਮੌਤ


**ਸੰਗਰੂਰ, 20 ਮਾਰਚ (ਆਵਾਜ਼ਿ ਕੌਮ ਬਿਊਰੋ)-** ਸੰਗਰੂਰ ਤੋਂ ਦਿਲ ਦਹਿਲਾਉਣ ਵਾਲੀ ਖਬਰ ਆਈ ਹੈ। ਜ਼ਿਲ੍ਹੇ ਦੇ ਪਿੰਡ ਗੁੱਜਰਾਂ ਵਿੱਚ ਜ਼ਿਹਰੀਲੀ ਸ਼ਰਾਬ ਪੀਣ ਨਾਲ ਚਾਰ ਲੋਕਾਂ ਦੀ ਮੌਤ ਹੋ ਗਈ। ਮੰਗਲਵਾਰ ਰਾਤ ਚਾਰ ਦੋਸਤਾਂ ਨੇ ਮਿਲ ਕੇ ਸ਼ਰਾਬ ਪੀਤੀ ਸੀ। ਬੁੱਧਵਾਰ ਸਵੇਰੇ ਉਹ ਸੁੱਤੇ ਹੀ ਨਹੀਂ ਉਠੇ। ਦਿੜ੍ਹਬਾ ਪੁਲਿਸ ਨੇ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਸਰਕਾਰੀ ਹਸਪਤਾਲ ਦੀ ਮੋਰਚਰੀ ਵਿੱਚ ਰੱਖਵਾ ਦਿੱਤਾ ਹੈ। ਪੋਸਟਮਾਰਟਮ ਤੋਂ ਬਾਅਦ ਲਾਸ਼ਾਂ ਵਾਰਸਾਂ ਦੇ ਹਵਾਲੇ ਕਰ ਦਿੱਤੀਆਂ ਜਾਣਗੀਆਂ। ਮ੍ਰਿਤਕਾਂ ਦੀ ਪਛਾਣ ਭੋਲਾ ਸਿੰਘ (50), ਨਿਰਮਲ ਸਿੰਘ (42), ਪ੍ਰੀਤ ਸਿੰਘ (42) ਤੇ ਜਗਜੀਤ ਸਿੰਘ (30) ਵਜੋਂ ਹੋਈ ਹੈ। ਪੁਲਿਸ ਮੁਤਾਬਕ ਚਾਰੇ ਰਾਤ ਨੂੰ ਸ਼ਰਾਬ ਪੀ ਕੇ ਸੌਂ ਗਏ ਸਨ। ਸਵੇਰੇ ਜਦੋਂ ਉਹ ਨਾ ਉੱਠੇ ਤਾਂ ਪਰਿਵਾਰਕ ਮੈਂਬਰਾਂ ਨੇ ਉਨ੍ਹਾਂ ਨੂੰ ਜਗਾਉਣ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਨੂੰ ਬੇਹੋਸ਼ ਦੇਖ ਕੇ ਪਰਿਵਾਰਕ ਮੈਂਬਰ ਚਾਰਾਂ ਨੂੰ ਡਾਕਟਰ ਕੋਲ ਲੈ ਗਏ। ਉੱਥੇ ਡਾਕਟਰ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਸੂਤਰਾਂ ਅਨੁਸਾਰ ਚਾਰੇ ਪਿੰਡ ਵਿੱਚ ਵਿਕਣ ਵਾਲੀ ਦੇਸੀ ਸ਼ਰਾਬ ਹੀ ਪੀਂਦੇ ਸਨ। ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਘਟਨਾ ਨੂੰ ਲੈ ਕੇ ਪੂਰਾ ਪ੍ਰਸ਼ਾਸਨ ਚੌਕਸ ਹੋ ਗਿਆ ਹੈ।

## 25 ਲੱਖ ਦਾ ਰੱਖਿਆ ਇਨਾਮ

# ਬੀਜੇਪੀ 'ਚ ਸ਼ਾਮਲ ਹੋਏ ਤਰਨਜੀਤ ਸਿੰਘ ਸੰਧੂ ਨੂੰ ਧਮਕੀ

**ਨਵੀਂ ਦਿੱਲੀ, 20 ਮਾਰਚ (ਆਵਾਜ਼ਿ ਕੌਮ ਬਿਊਰੋ)-** ਅਮਰੀਕਾ 'ਚ ਭਾਰਤ ਦੇ ਰਾਜਦੂਤ ਰਹੇ ਤਰਨਜੀਤ ਸਿੰਘ ਸੰਧੂ ਨੂੰ ਸਿਆਸਤ 'ਚ ਆਉਂਦੇ ਹੀ ਜਾਨੋਂ ਮਾਰਨ ਦੀਆਂ ਧਮਕੀਆਂ ਮਿਲੀਆਂ ਹਨ। ਖਾਲਿਸਤਾਨੀ ਲੀਡਰ ਗੁਰਪਤਵੰਤ ਸਿੰਘ






ਪੰਨੂ ਨੇ ਅੱਜ ਇੱਕ ਵੀਡੀਓ ਜਾਰੀ ਕਰਕੇ ਸੰਧੂ ਨੂੰ ਭਾਈ ਹਰਦੀਪ ਸਿੰਘ ਨਿੱਝਰ ਦਾ ਕਾਤਲ ਦੱਸਦਿਆਂ ਇਹ ਧਮਕੀ ਦਿੱਤੀ ਹੈ। ਗੁਰਪਤਵੰਤ ਸਿੰਘ ਪੰਨੂ ਨੇ ਕਿਹਾ ਹੈ ਕਿ ਖਾਲਿਸਤਾਨੀ ਲੀਡਰ ਹਰਦੀਪ ਸਿੰਘ ਨਿੱਝਰ ਨੂੰ ਮਾਰਨ 'ਚ ਤਰਨਜੀਤ ਸਿੰਘ ਸੰਧੂ ਸ਼ਾਮਲ ਸੀ। ਉਸ ਦੇ ਨਾਲ ਮਿਲ ਕੇ ਵਰਮਾ ਨੇ ਭਾਈ ਹਰਦੀਪ ਸਿੰਘ ਨਿੱਝਰ ਦਾ ਕੈਨੇਡਾ 'ਚ ਕਤਲ ਕਰਵਾਇਆ ਸੀ। ਵੀਡੀਓ ਪੁਲਿਸ ਕੋਲ ਵੀ ਪਹੁੰਚ ਗਈ ਹੈ। ਇਸ ਦੇ ਆਧਾਰ 'ਤੇ ਉਨ੍ਹਾਂ ਦੀ ਸੁਰੱਖਿਆ ਵੀ ਵਧਾਈ ਜਾ ਰਹੀ ਹੈ। ਗੁਰਪਤਵੰਤ ਸਿੰਘ ਪੰਨੂ ਨੇ ਸਵੇਰੇ ਪੌਣੇ 9 ਵਜੇ ਦੇ ਕਰੀਬ 1.23 ਮਿੰਟ ਦਾ ਵੀਡੀਓ ਜਾਰੀ ਕੀਤੀ ਹੈ। ਇਹ ਵੀਡੀਓ ਕਿਸੇ ਅਣਜਾਣ YouTube ਚੈਨਲ ਤੋਂ ਅਪਲੋਡ ਕੀਤੀ ਗਈ ਹੈ ਜੋ ਰਾਤ ਨੂੰ ਹੀ ਬਣਾਇਆ ਗਿਆ ਸੀ। ਭਾਈ ਪੰਨੂ ਨੇ ਕਿਹਾ ਹੈ ਇਹ ਉਹ ਕਾਤਲ ਚਿਹਰਾ ਹੈ ਜਿਸ ਨੇ ਭਾਈ ਨਿੱਝਰ ਦਾ ਕੈਨੇਡਾ 'ਚ ਕਤਲ ਕਰਵਾਇਆ ਸੀ। ਭਾਈ ਪੰਨੂ ਨੇ ਸੰਧੂ ਨੂੰ ਭਾਰਤ ਸਰਕਾਰ ਦਾ ਦਲਾਲ ਦੱਸਦਿਆਂ ਕਿਹਾ ਹੈ ਕਿ ਨਿੱਝਰ ਦੇ ਕਤਲ ਲਈ ਹੋਰ ਕੋਈ ਨਹੀਂ ਬਲਕਿ ਸੰਧੂ ਹੀ ਜ਼ਿੰਮੇਵਾਰ ਹੈ। ਅਮਰੀਕਾ ਦੇ ਵਾਸ਼ਿੰਗਟਨ ਡੀਸੀ ਵਿੱਚ ਰਹਿੰਦਿਆਂ ਸੰਧੂ ਨੇ ਆਪਣੇ ਕੈਨੇਡੀਅਨ ਸਾਥੀ ਵਰਮਾ ਦੀ ਮਦਦ ਨਾਲ ਭਾਈ ਨਿੱਝਰ ਦਾ ਕਤਲ ਕਰਵਾਇਆ ਸੀ। ਭਾਈ ਪੰਨੂੰ ਨੇ ਕਿਹਾ ਹੈ ਕਿ ਭਾਜਪਾ ਸਰਕਾਰ ਸੰਧੂ ਨੂੰ ਅੰਮ੍ਰਿਤਸਰ ਤੋਂ ਲੋਕ ਸਭਾ ਉਮੀਦਵਾਰ ਐਲਾਨਣਾ ਚਾਹੁੰਦੀ ਹੈ। ਇਸੇ ਤਰ੍ਹਾਂ 1984 ਵਿੱਚ ਸਿੱਖਾਂ ਦਾ ਕਤਲੇਆਮ ਕਰਨ ਵਾਲਿਆਂ ਨੂੰ ਲੋਕ ਸਭਾ ਮੈਂਬਰ ਬਣਾਇਆ ਗਿਆ। ਭਾਈ ਪੰਨੂ ਨੇ ਕਿਹਾ ਹੈ ਕਿ ਸਿੱਖ ਫਾਰ ਜਸਟਿਸ ਐਲਾਨ ਕਰਦੀ ਹੈ ਕਿ ਭਾਈ ਨਿੱਝਰ ਦੇ ਕਤਲ ਦਾ ਬਦਲਾ ਲਿਆ ਜਾਵੇਗਾ। ਭਾਈ ਪੰਨੂ ਨੇ ਕਿਹਾ ਹੈ ਕਿ ਮੇਰੀ ਸੰਸਥਾ 25 ਲੱਖ ਰੁਪਏ ਦੇ ਇਨਾਮ ਦਾ ਐਲਾਨ ਕਰਦੀ ਹੈ। ਜੇ ਕੋਈ ਸੰਧੂ ਤੋਂ ਭਾਈ ਨਿੱਝਰ ਦੇ ਕਤਲ ਬਾਰੇ ਸਵਾਲ ਕਰੇਗਾ ਤਾਂ ਉਸ ਨੂੰ ਇਹ ਇਨਾਮ ਦਿੱਤਾ ਜਾਵੇਗਾ ਤੇ ਜੇਕਰ ਕੋਈ ਸੰਧੂ ਨੂੰ ਕਤਲ ਲਈ ਫਸਾਉਂਦਾ ਹੈ ਤਾਂ ਉਸ ਨੂੰ ਹੋਰ ਇਨਾਮ ਦਿੱਤਾ ਜਾਵੇਗਾ।

## ਦਮਦਮੀ ਟਕਸਾਲ ਦੇ ਸ਼ੋਸ਼ਲ ਮੀਡੀਆ ਫੇਸਬੁੱਕ ਅਕਾਂਊਟ ਸਰਕਾਰਾਂ ਵਲੋਂ ਬੰਦ

**ਮਹਿਤਾ ਚੌਕ, 20 ਮਾਰਚ (ਆਵਾਜ਼ਿ ਕੌਮ ਬਿਊਰੋ)-** ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਅਤੇ ਨਾਲ ਦੇ ਸਿੰਘਾਂ ਦੇ ਹੱਕ 'ਚ ਬਿਆਨ ਲਾਉਣ ਅਤੇ ਅੰਮ੍ਰਿਤਸਰ ਸਾਹਿਬ 'ਚ ਲੱਗੇ

ਆਵਾਜ਼ਿ ਕੌਮ AWAZE QAUM International Newspaper & WEB TV

ਧਰਨੇ ਵਿੱਚ ਜਾਣ ਕਰਕੇ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਦਾ ਔਫੀਸ਼ਲ ਫੇਸਬੁੱਕ ਅਕਾਂਉਟ ਅਤੇ ਗਿ: ਜੀਵਾ ਸਿੰਘ ਦਾ ਅਕਾਊਟ ਹੋਰ ਵੀ ਸਿੰਘਾਂ ਦੇ ਸ਼ੋਸ਼ਲ ਮੀਡੀਆ ਦੇ ਪੇਜ ਸਰਕਾਰਾਂ ਦੇ ਇਸ਼ਾਰੇ 'ਤੇ ਪਿੱਛਲੇ ਦਿਨੀ ਬੰਦ ਕਰ ਦਿਤੇ ਗਏ ਹਨ। ਭਾਜਪਾ ਅਤੇ ਆਪ ਸਰਕਾਰ ਦੋਵਾਂ ਵੱਲੋਂ ਮਿਲਕੇ ਸਿੱਖਾਂ ਤੇ ਲਗਾਤਾਰ




ਬੇਹੱਦ ਜੁਲਮ ਕੀਤਾ ਜਾ ਰਿਹਾ ਹੈ ਅਤੇ ਸਿੱਖ ਨੌਜਵਾਨਾਂ ਤੇ ਐਨ. ਐਸ. ਏ. ਲਗਾਕੇ ਨੌਜਵਾਨਾ ਨੂੰ ਜੇਲ੍ਹਾਂ 'ਚ ਬੰਦ ਕੀਤਾ ਜਾ ਰਿਹਾ ਹੈ ਅਤੇ ਸਿੱਖਾਂ ਦੀ ਅਵਾਜ ਬੰਦ ਕਰਨ ਲਈ ਸ਼ੋਸ਼ਲ ਮੀਡੀਆ ਦੇ ਚੈਂਨਲ ਅਤੇ ਪੇਜਾਂ ਨੂੰ ਵੀ ਬੰਦ ਕੀਤਾ ਜਾ ਰਿਹਾ ਹੈ ਜਿੰਨਾਂ ਤੋਂ ਸਰਕਾਰਾਂ ਖਿਲਾਫ ਅਵਾਜ ਬੁਲੰਦ ਕੀਤੀ ਜਾਂਦੀ ਹੈ ।ਸਰਕਾਰਾਂ ਵੱਲੋਂ ਸ਼ੋਸ਼ਲ ਮੀਡੀਆ ਤੇ ਸਿੱਖਾਂ ਦੀ ਅਵਾਜ ਬੰਦ ਕਰਨੀ ਛੋਟੀ ਮਾਨਸਕਿਤਾ ਅਤੇ ਸੌੜੀ ਸੋਚ ਦੇ ਨਿਸ਼ਾਨੀ ਹੈ ।

## ਪੰਜਾਬ 'ਚ 5195 ਵੋਟਰਾਂ ਦੀ ਉਮਰ 100 ਸਾਲ ਤੋਂ ਵੀ ਜ਼ਿਆਦਾ, 85 ਸਾਲ ਤੋਂ ਵੱਧ ਉਮਰ ਦੇ 2.57 ਲੱਖ ਵੋਟਰ

**ਚੰਡੀਗੜ੍ਹ, 20 ਮਾਰਚ (ਆਵਾਜ਼ਿ ਕੌਮ ਬਿਊਰੋ)-** ਲੋਕ ਸਭਾ ਚੋਣਾਂ ਦੌਰਾਨ ਪੰਜਾਬ ਵਿਚ ਇਸ ਵਾਰ ਵੋਟਰਾਂ ਦੀ ਗਿਣਤੀ ਵਧੀ ਹੈ। ਇਸ ਵਾਰ 2 ਲੱਖ ਤੋਂ ਵੱਧ ਬਜ਼ੁਰਗ ਵੋਟਰ ਘਰ ਬੈਠੇ ਵੋਟ



ਪਾ ਸਕਣਗੇ। ਚੋਣ ਕਮਿਸ਼ਨ ਦੇ ਅੰਕੜਿਆਂ ਮੁਤਾਬਕ, 18 ਸਾਲ ਤੋਂ ਵੱਧ ਉਮਰ ਦੇ 4 ਲੱਖ 89 ਹਜ਼ਾਰ 631 ਨੌਜਵਾਨਾਂ ਨੂੰ ਇਸ ਵਾਰ ਵੋਟਰ ਲਿਸਟ ਵਿਚ ਸ਼ਾਮਲ ਕੀਤਾ ਗਿਆ ਹੈ, ਜਦਕਿ 85 ਸਾਲ ਤੋਂ ਵੱਧ ਉਮਰ ਵਾਲੇ 2 ਲੱਖ 57 ਹਜ਼ਾਰ 211 ਵੋਟਰ ਆਪਣੀ ਵੋਟ ਦੀ ਵਰਤੋਂ ਕਰ ਸਰਕਾਰ ਚੁਣਨ ਵਿਚ ਆਪਣਾ ਯੋਗਦਾਨ ਪਾਉਣਗੇ। ਇਨ੍ਹਾਂ ਵਿਚ 100 ਸਾਲ ਤੋਂ ਵੱਧ ਉਮਰ ਦੇ 5 ਹਜ਼ਾਰ 195 ਬਜ਼ੁਰਗ, 90 ਤੋਂ ਵੱਧ ਉਮਰ ਦੇ 61 ਹਜ਼ਾਰ 491 ਬਜ਼ੁਰਗ ਤੇ 85 ਤੋਂ ਵੱਧ ਉਮਰ ਦੇ 1 ਲੱਖ 90 ਹਜ਼ਾਰ 525 ਬਜ਼ੁਰਗ ਸ਼ਾਮਲ ਹਨ, ਜੋ ਪੰਜਾਬ ਦੀਆਂ 13 ਲੋਕ ਸਭਾ ਸੀਟਾਂ 'ਤੇ ਸੰਸਦ ਮੈਂਬਰ ਚੁਣਨ ਵਿਚ ਆਪਣਾ ਯੋਗਦਾਨ ਪਾਉਣਗੇ।

**ਖਡੂਰ ਸਾਹਿਬ 'ਚ ਸਭ ਤੋਂ ਵੱਧ 100+ ਉਮਰ ਦੇ ਵੋਟਰ :** ਸਭ ਤੋਂ ਜ਼ਿਆਦਾ 100 ਸਾਲ ਤੋਂ ਵੱਧ ਉਮਰ ਦੇ ਵੋਟਰ ਖਡੂਰ ਸਾਹਿਬ ਵਿਚ ਹਨ। ਖਡੂਰ ਸਾਹਿਬ ਵਿਚ ਅਜਿਹਾ ਵੋਟਰਾਂ ਦੀ ਗਿਣਤੀ 731 ਹੈ, ਜਦਕਿ ਸਭ ਤੋਂ ਘੱਟ ਫ਼ਤਿਹਗੜ੍ਹ ਸਾਹਿਬ ਰਿਜ਼ਰਵ ਲੋਕ ਸਭਾ ਸੀਟ ਵਿਚ ਹਨ, ਇੱਥੇ ਅਜਿਹੇ ਵੋਟਰਾਂ ਦੀ ਗਿਣਤੀ 274 ਹੈ।

**ਗੁਰਦਾਸਪੁਰ 'ਚ ਸਭ ਤੋਂ ਜ਼ਿਆਦਾ ਨੌਜਵਾਨ ਵੋਟਰ :** ਪੰਜਾਬ ਵਿਚ 18 ਸਾਲ ਤੋਂ ਵੱਧ ਉਮਰ ਦੇ 4 ਲੱਖ 89 ਹਜ਼ਾਰ 631 ਨੌਜਵਾਨ ਪਹਿਲੀ ਵਾਰ ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰਨਗੇ। ਇਨ੍ਹਾਂ ਵਿਚ ਸਭ ਤੋਂ ਵੱਧ ਗੁਰਦਾਸਪੁਰ ਵਿਚ 48 ਹਜ਼ਾਰ 919 ਵੋਟਰ ਹਨ, ਜਦਕਿ ਸਭ ਤੋਂ ਘੱਟ ਲੁਧਿਆਣਾ ਵਿਚ 31 ਹਜ਼ਾਰ 68 ਵੋਟਰ ਹਨ। ਪਹਿਲੀ ਵਾਰ ਵੋਟ ਪਾਉਣ ਵਾਲੇ ਨੌਜਵਾਨ ਵੋਟਰਾਂ ਨੂੰ ਪੋਲਿੰਗ ਬੂਥ 'ਤੇ BLO ਵੱਲੋਂ ਸਨਮਾਨਿਤ ਵੀ ਕੀਤਾ ਜਾਵੇਗਾ।

**1597 NRI ਵੋਟਰਾਂ ਦੀ ਰਹੇਗੀ ਉਡੀਕ :** ਚੋਣ ਕਮਿਸ਼ਨ ਦੇ ਅੰਕੜਿਆਂ ਮੁਤਾਬਕ ਸੂਬੇ ਵਿਚ ਇਸ ਵੇਲੇ 1597 NRI ਵੋਟਰ ਹਨ। ਇਨ੍ਹਾਂ ਵਿਚ ਸਭ ਤੋਂ ਵੱਧ ਗੁਰਦਾਸਪੁਰ ਵਿਚ 442 ਐੱਨ.ਆਰ.ਆਈ. ਵੋਟਰ ਹਨ, ਜਦਕਿ ਬਠਿੰਡਾ ਵਿਚ ਸਭ ਤੋਂ ਘੱਟ 16 ਵੋਟਰ ਹਨ। ਹੁਣ ਵੇਖਣਾ ਇਹ ਹੋਵੇਗਾ ਕਿ ਇਨ੍ਹਾਂ ਵਿਚ ਕਿੰਨੇ ਵੋਟਰ ਚੋਣਾਂ ਵਿਚ ਹਿੱਸਾ ਲੈਣ ਲਈ ਇੱਥੇ ਆਉਂਦੇ ਹਨ। ਉੱਥੇ ਹੀ ਜੇਕਰ 2019 ਦੀ ਗੱਲ ਕੀਤੀ ਜਾਵੇ ਤਾਂ ਉਸ ਵੇਲੇ NRI ਵੋਟਰਾਂ ਦੀ ਗਿਣਤੀ 1522 ਸੀ। ਇਸ ਵਾਰ ਇਨ੍ਹਾਂ ਵੋਟਰਾਂ ਦੀ ਗਿਣਤੀ ਵਿਚ 74 ਵੋਟਰ ਹੋਰ ਜੁੜੇ ਹਨ।

ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਅਕਾਲੀ-ਭਾਜਪਾ ਵਿਚਾਲੇ ਮੁੜ ਗੱਲਬਾਤ ਦਾ ਦੌਰ ਸ਼ੁਰੂ, ਪੰਜਾਬ 'ਚ ਗਠਜੋੜ ਦੀਆਂ ਸੰਭਾਵਨਾਵਾਂ

**ਚੰਡੀਗੜ੍ਹ, 20 ਮਾਰਚ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਦੇ ਸਿਆਸੀ ਮਾਹੌਲ ਵਿੱਚ ਇੱਕ ਵਾਰ ਫਿਰ ਹਲਚਲ ਮਚ ਗਈ ਹੈ।



ਲੋਕ ਸਭਾ ਚੋਣਾਂ ਲਈ ਭਾਰਤੀ ਜਨਤਾ ਪਾਰਟੀ (ਭਾਜਪਾ) ਅਤੇ ਸ਼੍ਰੋਮਣੀ ਅਕਾਲੀ ਦਲ ਵਿਚਾਲੇ ਗਠਜੋੜ ਨੂੰ ਲੈ ਕੇ ਇੱਕ ਵਾਰ ਫਿਰ ਚਰਚਾ ਸ਼ੁਰੂ ਹੋ ਗਈ ਹੈ। ਚੋਣ ਕਮਿਸ਼ਨ ਨੇ ਲੋਕ ਸਭਾ ਚੋਣਾਂ ਦੇ ਪ੍ਰੋਗਰਾਮ ਦਾ ਐਲਾਨ ਕਰ ਦਿੱਤਾ ਹੈ। ਦੇਸ਼ ਭਰ ਵਿੱਚ ਸੱਤ ਪੜਾਵਾਂ ਵਿੱਚ ਵੋਟਿੰਗ ਪ੍ਰਕਿਰਿਆ ਹੋਵੇਗੀ। ਪਹਿਲੇ ਪੜਾਅ ਲਈ 19 ਅਪ੍ਰੈਲ, ਦੂਜੇ ਪੜਾਅ ਲਈ 26 ਅਪ੍ਰੈਲ, ਤੀਜੇ ਪੜਾਅ ਲਈ 7 ਮਈ, ਚੌਥੇ ਪੜਾਅ ਲਈ 13 ਮਈ, ਪੰਜਵੇਂ ਪੜਾਅ ਲਈ 20 ਮਈ, ਛੇਵੇਂ ਪੜਾਅ ਲਈ 25 ਮਈ ਅਤੇ 1 ਜੂਨ ਨੂੰ ਵੋਟਾਂ ਪੈਣਗੀਆਂ ਤੇ ਨਤੀਜੇ 4 ਜੂਨ ਨੂੰ ਆਉਣਗੇ। ਪੰਜਾਬ ਦੀਆਂ 13 ਲੋਕ ਸਭਾ ਸੀਟਾਂ ਲਈ 7ਵੇਂ ਪੜਾਅ ਵਿੱਚ 1 ਜੂਨ ਨੂੰ ਵੋਟਾਂ ਪੈਣਗੀਆਂ। ਇਸ ਦੀ ਪੁਸ਼ਟੀ ਕਰਦਿਆਂ ਭਾਜਪਾ ਦੇ ਸੀਨੀਅਰ ਆਗੂ ਅਤੇ ਪਾਰਟੀ ਦੇ ਬੁਲਾਰੇ ਐਸਐਸ ਚੰਨੀ ਨੇ ਦੱਸਿਆ ਕਿ ਪੰਜਾਬ ਵਿੱਚ ਅਕਾਲੀ ਦਲ ਨਾਲ ਗੱਠਜੋੜ ਲਈ ਵਿਚਾਰ-ਵਟਾਂਦਰਾ ਚੱਲ ਰਿਹਾ ਹੈ, ਇਸ ਵਿੱਚ ਕੁਝ ਸਮਾਂ ਲੱਗੇਗਾ। ਸ਼੍ਰੋਮਣੀ ਅਕਾਲੀ ਦਲ 22 ਮਾਰਚ ਨੂੰ ਕੋਰ ਕਮੇਟੀ ਦੀ ਮੀਟਿੰਗ ਕਰੇਗਾ। ਇਸ ਤੋਂ ਬਾਅਦ ਭਾਜਪਾ ਅਤੇ ਅਕਾਲੀ ਦਲ ਵਿਚਾਲੇ ਰਸਮੀ ਮੀਟਿੰਗ ਹੋਵੇਗੀ। ਚੰਨੀ ਨੇ ਕਿਹਾ, 'ਗਠਜੋੜ ਬਾਰੇ ਅੰਤਿਮ ਫੈਸਲਾ ਭਾਜਪਾ ਹਾਈਕਮਾਂਡ ਵੱਲੋਂ ਲਿਆ ਜਾਵੇਗਾ।' ਸ਼੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਦੀ ਮੀਟਿੰਗ ਚੰਡੀਗੜ੍ਹ ਵਿੱਚ ਹੋਵੇਗੀ। ਉੱਥੇ ਹੀ ਦੂਜੇ ਪਾਸੇ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਪਾਰਟੀ ਦੇ ਜਨਰਲ ਸਕੱਤਰ ਦਲਜੀਤ ਸਿੰਘ ਚੀਮਾ ਨੇ ਵੀ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਕੋਰ ਕਮੇਟੀ ਦੀ ਮੀਟਿੰਗ ਦੌਰਾਨ ਚੋਣ ਗਠਜੋੜ ਸਣੇ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕੀਤੀ ਜਾਵੇਗੀ। ਸਮਾਨ ਵਿਚਾਰਧਾਰਾ ਵਾਲੀ ਸਿਆਸੀ ਪਾਰਟੀ ਨਾਲ ਗਠਜੋੜ ਦੀ ਸੰਭਾਵਨਾ 'ਤੇ ਇਸ਼ਾਰਾ ਕਰਦਿਆਂ ਚੀਮਾ ਨੇ ਕਿਹਾ, 'ਜਦੋਂ ਵੀ ਕੋਰ ਕਮੇਟੀ ਦੀ ਮੀਟਿੰਗ ਹੁੰਦੀ ਹੈ ਤਾਂ ਸਾਰੇ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਜਾਂਦੀ ਹੈ। ਲੋਕ ਸਭਾ ਚੋਣਾਂ ਸਬੰਧੀ ਰਣਨੀਤੀ ਦੇ ਨਾਲ-ਨਾਲ ਦੇਸ਼ ਅਤੇ ਪੰਜਾਬ ਦੇ ਹਾਲਾਤ 'ਤੇ ਵੀ ਚਰਚਾ ਕੀਤੀ ਜਾਵੇਗੀ। ਸ਼੍ਰੋਮਣੀ ਅਕਾਲੀ ਦਲ ਦੇ ਨੇੜਲੇ ਸੂਤਰਾਂ ਨੇ ਇਹ ਵੀ ਖੁਲਾਸਾ ਕੀਤਾ ਕਿ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) ਲਈ ਕਾਨੂੰਨੀ ਢਾਂਚੇ ਅਤੇ ਸਿੱਖ ਕੈਦੀਆਂ ਦੀ ਰਿਹਾਈ ਵਰਗੇ ਅਣਸੁਲਝੇ ਮੁੱਦਿਆਂ ਕਾਰਨ ਪਾਰਟੀ ਸ਼ੁਰੂ ਵਿੱਚ ਭਾਜਪਾ ਨਾਲ ਮੁੜ ਗਠਜੋੜ ਕਰਨ ਤੋਂ ਝਿਜਕ ਰਹੀ ਸੀ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)



## ਹੋਲਾ ਮਹੱਲਾ ਸ਼੍ਰੀ ਅਨੰਦਪੁਰ ਸਾਹਿਬ ਜੀ

## ਹੋਲੇ ਮਹੱਲੇ ਨੂੰ ਸਮਰਪਿਤ

# ਵਿਸ਼ਾਲ ਨਗਰ ਕੀਰਤਨ ਕਾਜ਼ਲਮੋਰਾਨੋ

23 ਮਾਰਚ 2024 ਸਨੀਵਾਰ ਗੁਰਦੁਆਰਾ ਸਾਹਿਬ ਤੋ ਨਗਰ ਕੀਰਤਨ ਦੀ ਅਰੰਭਤਾ 12 ਵਜੇਂ ਹੋਵੇਗੀ ਅਤੇ ਗੁਰਦੁਆਰਾ ਸਾਹਿਬ ਵਿਖੇ ਹੀ ਸ਼ਾਮ 5 ਵਜੇ ਸਮਾਪਤੀ ਹੋਵੇਗੀ।

ਨਗਰ ਕੀਰਤਨ ਵਿੱਚ ਸ਼ਮੂਲੀਅਤ ਸਿੱਖ ਪ੍ਰਚਾਰਕ ਕਥਾ ਵਾਚਕ, ਰਾਗੀ ਸਿੰਘ ਕਵੀਸ਼ਰੀ,ਢਾਡੀ ਜਥੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ
☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢ ਕੇ ਨਗਰ ਕੀਰਤਨ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778





# ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਵੱਲੋਂ ਵਿੱਤੀ ਸੇਵਾਵਾਂ ਦੇ ਖੇਤਰ ਵਿੱਚ ਪਲੇਸਮੈਂਟ ਲਈ ਓਰੀਐਂਟੇਸ਼ਨ ਸੈਸ਼ਨ ਕਰਵਾਇਆ



**ਤਲਵੰਡੀ ਸਾਬੋ, 20 ਮਾਰਚ (ਗੁਰਜੰਟ ਸਿੰਘ ਨਥੇਹਾ)**-ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵੱਲੋਂ ਕੈਂਪਸ ਵਿੱਚ ਚਲਾਏ ਜਾ ਰਹੇ ਵੱਖ-ਵੱਖ ਕੋਰਸਾਂ ਦੇ ਅੰਤਿਮ ਸਾਲ ਦੇ ਵਿਦਿਆਰਥੀਆਂ ਲਈ ਇੱਕ ਰੋਜ਼ਾ ਕੈਰੀਅਰ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕਰਵਾਇਆ। ਸੈਮੀਨਾਰ ਕਨਵੀਨਰ ਡਾ. ਗੁਰਵਿੰਦਰ ਸਿੰਘ ਅਨੁਸਾਰ ਇਹ ਪ੍ਰੋਗਰਾਮ ਸਨ-ਫਾਊਡੇਸ਼ਨ, ਜੋ ਕਿ ਪਿਛਲੇ ਲੰਬੇ ਸਮੇਂ ਤੋਂ ਵਿਦਿਆਰਥੀਆਂ ਦੇ ਵਿੱਚ ਹੁਨਰ ਵਿਕਾਸ ਨੂੰ ਵਾਧਾ ਕਰਨ ਦੇ ਲਈ ਕੰਮ ਕਰ ਰਹੀ ਹੈ, ਦੇ ਸਹਿਯੋਗ ਨਾਲ ਕਰਵਾਇਆ। ਕੈਂਪਸ ਡਾਇਰੈਕਟਰ, ਪ੍ਰੋ. ਕਮਲਜੀਤ ਸਿੰਘ ਨੇ ਆਪਣੇ ਸਵਾਗਤੀ ਭਾਸ਼ਣ ਵਿੱਚ ਵਿਦਿਆਰਥੀਆਂ ਵਿੱਚ ਹੁਨਰ ਵਿਕਾਸ ਦੀ ਲੋੜ 'ਤੇ ਜ਼ੋਰ ਦਿੱਤਾ ਅਤੇ ਵਿਦਿਆਰਥੀਆਂ ਨੂੰ ਆਤਮ ਨਿਰਭਰ ਬਣਾਉਣ ਲਈ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਸੈਮੀਨਾਰ ਦੇ ਵਿੱਚ ਆਈ. ਐਮ. ਐਫ. ਫਿਨਕੋਚ ਦੇ ਡਾਇਰੈਕਟਰ ਸ੍ਰੀ ਮਨੋਜ ਸਹਿਗਲ ਅਤੇ ਸੀ.ਈ.ਓ. ਸ. ਸੁਖਜੀਵ ਸਿੰਘ ਬਜਾਜ ਮੁੱਖ ਬੁਲਾਰਿਆਂ ਵੱਲੋਂ ਵਜੋਂ ਸ਼ਾਮਿਲ ਹੋਏ। ਸਨ-ਫਾਊਡੇਸ਼ਨ ਦੇ ਪ੍ਰੋਜੈਕਟ ਡਾਇਰੈਕਟਰ ਕੰਵਰ ਸੁਖਜਿੰਦਰ ਸਿੰਘ ਛਟਵਾਲ ਨੇ ਵਿਦਿਆਰਥੀਆਂ ਨੂੰ ਭਾਰਤ ਦੇ ਬੈਂਕਿੰਗ ਖੇਤਰ ਅਤੇ ਵਿੱਤੀ ਸੇਵਾਵਾਂ ਵਿੱਚ ਕੈਰੀਅਰ ਦੀਆਂ ਸੰਭਾਵਨਾਵਾਂ ਅਤੇ ਤਰੀਕ ਬਾਰੇ ਚਾਨਣਾ ਪਾਇਆ। ਵਿਭਾਗ ਦੇ ਮੁਖੀ ਪ੍ਰੋ. ਆਨੰਦ ਬਾਂਸਲ ਨੇ ਦੱਸਿਆ ਕਿ ਸੈਮੀਨਾਰ ਵਿੱਚ ਕੈਂਪਸ ਦੇ ਵੱਖ-ਵੱਖ ਵਿਭਾਗਾਂ ਦੇ ਲਗਭਗ

ਆਵਾਜ਼ਿ ਕੌਮ AWAZE QAUM International Newspaper & WEB TV




100 ਵਿਦਿਆਰਥੀਆਂ ਨੇ ਸ਼ਿਰਕਤ ਕੀਤੀ ਅਤੇ ਅੰਤ ਵਿੱਚ ਉਹਨਾਂ ਨੇ ਆਏ ਹੋਏ ਪਤਵੰਤਿਆਂ ਦਾ ਧੰਨਵਾਦ ਕੀਤਾ। ਅਖੀਰ ਵਿੱਚ ਵਿਦਿਆਰਥੀਆਂ ਲਈ ਰੱਖੇ ਸਵਾਲ-ਜਵਾਬ ਸੈਸ਼ਨ ਨੇ ਇਸ ਸੈਮੀਨਾਰ ਨੂੰ ਹੋਰ ਵੀ ਵਧੇਰੇ ਦਿਲਚਸਪ ਅਤੇ ਸਫਲ ਬਣਾ ਦਿੱਤਾ।







# SANT BEANT SINGH JI

BER KALAN WALE | UK TOUR 2024

SAT 2ND MARCH - SUN 3RD MARCH: SOUTHAMPTON

MON 4TH MARCH - SUN 10TH MARCH 7:40-8:20PM:
NANAKSAR THATH ISHER DARBAR, WOLVERHAMPTON, WV3 0JU

MON 11TH MARCH - TUES 12TH MARCH 7:30-8:00PM:
GURU HAR RAI GURDWARA, WEST BROMWICH, B70 6JW

WED 13TH MARCH - FRI 15TH MARCH 6:45-7:45PM:
DARBAR SRI GURU GRANTH SAHIB JI, WALSALL, WS2 9EQ

SAT 16TH MARCH 7:30-8:00PM:
GURU HAR RAI GURDWARA, WEST BROMWICH, B70 6JW

SUN 17TH MARCH 2:00-3:00PM:
GURU HAR RAI GURDWARA, WEST BROMWICH, B70 6JW

SUN 17TH MARCH 6:30-7:30PM:
GURDWARA GURU NANAK PARKASH, COVENTRY, CV1 4FB

MON 18TH - SUN 24TH MARCH
7:30-8:15AM | 10:00-11:00AM | 6:30-7:15PM:
BABA SANG GURDWARA, SMETHWICK, B66 1EE

MON 25TH - SUN 31ST MARCH: SOUTHALL



SANT BEANT SINGH | WHATSAPP: +918530000006



ਪਤੀਜੋ ਸਬਦ ਸਚੀ ਟਕਸਾਲ ॥

ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi


ਗਤਕਾ ਸਿੱਖੋ Learn Gatka

www.damdamitaksal.net



ਸਾਬਤ ਸੂਰਤਿ ਦਸਤਾਰ ਸਿਰਾ

ਦਸਤਾਰਾਂ ਹੀ ਦਸਤਾਰਾਂ



# ਰੰਧਾਵਾ ਪਗੜੀ ਸੈਂਟਰ



ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।

✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ.:
+91 98882-22446



# ASA Gas Heating Solution Ltd.

Boilers
Certificates
Gas Work
Cylinders
Maintenance Services

Gas Safety Inspections
Plumbing Work

Vaillant APPROVED INSTALLER | WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com

Call us now for a Free no-olbigation quote

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

### ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿੱਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਲਗਾਤਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਸੋ ਹੁਣ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿੱਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜਗ੍ਹਾ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਕਾਬਿਲ ਦੇ ਪਾਠੀ, ਗਿਆਨੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਧਾਰਨ ਕਰ ਸਕਣ। ਇਸ ਤੋਂ ਇਲਾਵਾ ਇੱਕ ਵਿਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖੋਜ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਭਾਈਚਾਰੇ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ ,ਜਿੰਮ , ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿੱਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਵੱਧ ਤੋਂ ਵੱਧ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ ਇਹ ਜਗ੍ਹਾ £630,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ ਇੱਕ ਵਾਰ ਸੇਵਾ ਦੇਣੀ ਜਾਂ ਪੂਰੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਉਂਟ ਵਿੱਚ ਭੇਜ ਸਕਦੇ ਹੋ ਜੀ:

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵੇਲੇ ਜ਼ਰੂਰ ਲਿਖੋ ਜੀ। ਧੰਨਵਾਦ।

Stay Connected:
email: info@damdamitaksal.co.uk
DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642

# ਕੰਗ ਸਾਹਬੂ NRI's ਵੈਲਫੇਅਰ ਸੁਸਾਇਟੀ

ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ

# ਫਰੀ ਮੈਡੀਕਲ ਕੈਂਪ

Heart Chekcup (ECG Test)

ਕੰਗ ਸਾਹਬੂ ਵਿਖੇ ਲਗਾਇਆ ਜਾ ਰਿਹਾ ਹੈ।

ਦਿਨ ਸ਼ਨੀਵਾਰ ਮਿਤੀ 23.03.2024 ਸਮਾਂ ਸਵੇਰੇ 9 ਵਜੇ ਤੋਂ ਸ਼ਾਮ 3.30 ਵਜੇ ਤੱਕ

• ਹੱਡੀਆਂ ਦੇ ਮਾਹਿਰ ਡਾਕਟਰ ਪਹੁੰਚਣਗੇ • ਜੋੜਾਂ ਦੇ ਦਰਦਾਂ ਦੀਆਂ ਦਵਾਈਆਂ ਮੁਫ਼ਤ ਦਿੱਤੀਆਂ ਜਾਣਗੀਆਂ।

ਸਥਾਨ : ਸਰਕਾਰੀ ਹਾਈ ਸਕੂਲ ਪਿੰਡ ਕੰਗ ਸਾਹਬੂ, ਤਹਿ. ਨਕੋਦਰ (ਜਲੰਧਰ)

1. ਔਰਤਾਂ ਅਤੇ ਮਰਦਾਂ ਦੇ ਕੈਂਸਰ ਦੀ ਸਰੀਰਕ ਜਾਂਚ।
2. ਔਰਤਾਂ ਦੇ ਛਾਤੀ ਤੇ ਕੈਂਸਰ ਦੀ ਜਾਂਚ ਲਈ (ਮੈਮੋਗ੍ਰਾਫੀ) ਟੈਸਟ।
3. ਔਰਤਾਂ ਦੇ ਬੱਚੇਦਾਨੀ ਦੇ ਕੈਂਸਰ ਦੀ ਜਾਂਚ ਲਈ (ਪੈਪ ਸਮਿਅਰ) ਟੈਸਟ
4. ਮਰਦਾਂ ਦੇ ਗਦੂਦਾਂ ਦੇ ਕੈਂਸਰ ਲਈ PSA ਟੈਸਟ
5. ਕੈਂਸਰ ਦੇ ਮਰੀਜ਼ਾਂ ਨੂੰ ਇਲਾਜ ਲਈ ਸਹੀ ਸਲਾਹ।
6. ਔਰਤਾਂ ਅਤੇ ਮਰਦਾਂ ਦੀ ਸ਼ੂਗਰ ਤੇ ਬਲੱਡ ਪ੍ਰੈਸ਼ਰ ਟੈਸਟ
7. ਸ਼ੂਗਰ, ਬਲੱਡ ਪ੍ਰੈਸ਼ਰ ਸਬੰਧੀ ਮੁਫ਼ਤ ਦਵਾਈਆਂ
8. ਆਮ ਬੀਮਾਰੀਆਂ ਸਬੰਧੀ ਸਿਰਫ਼ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ।

--✶ ਨੋਟ ✶--

ਇਹ ਕੈਂਪ ਔਰਤਾਂ ਲਈ ਸਪੈਸ਼ਲ ਹੈ, ਸੋ ਸਾਰੀਆਂ ਔਰਤਾਂ ਚੈਕ ਜ਼ਰੂਰ ਕਰਵਾਉਣ।

ਆਵਾਜ਼ਿ ਕੌਮ AWAZE QAUM International Newspaper & WEB TV

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :

ਮੋ. 94630-27634, 98151-89612


THE GURBANI SCHOOL
THE GURBANI SCHOOL
ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।
LEARN THE CORRECT PRONUNCIATION OF GURBANI IN THE CONVENIENCE OF YOUR OWN HOME
GET IT ON Google Play
Download on the App Store
12:47
THE GURBANI SCHOOL
Read Gurbani
Language & Preferences
About us
Feedback
Share app
ਆਵਾਜ਼ਿ ਕੌਮ AWAZE QAUM International Newspaper & WEB TV
INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION
8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN
AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION
ੳ A अ
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

ੴ



## ਸਰਦਾਰਨੀ ਸੁਰਜੀਤ ਕੌਰ ਬਣਵੈਤ

ਸੁਪਤਨੀ

## ਸਰਦਾਰ ਗੁਰਚਰਨ ਸਿੰਘ ਬਣਵੈਤ

ਪ੍ਰਸਿੱਧ ਸਮਾਜ ਸੇਵੀ

ਸੰਸਥਾਪਕ ਇੰਟਰਨੈਸ਼ਨਲ ਪੰਜਾਬੀ ਫਾਊਂਡੇਸ਼ਨ, ਕਨੈਡਾ

ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ ਜੀ!

**ਭੋਗ ਸ੍ਰੀ ਸਹਿਜ ਪਾਠ**

**20 ਮਾਰਚ 2024**

ਸਮਾਂ - ਸਵੇਰੇ 11 ਵਜੇ ਤੋਂ ਦੋਪਹਿਰ 1 ਵਜੇ ਤਕ

ਸਥਾਨ - ਗੁਰੂਦਵਾਰਾ ਸਿੰਘ ਸ਼ਹੀਦਾਂ, ਪਿੰਡ ਉੜਾਪੜ, ਸ਼ਹੀਦ ਭਗਤ ਸਿੰਘ ਨਗਰ, ਨਵਾਂਸ਼ਹਿਰ ਪੰਜਾਬ

ਆਵਾਜ਼ਿ ਕੌਮ AWAZE QAUM International Newspaper & WEB TV

MOB. +91 98154 81235

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਨਵੇਂ ਦਸਹਿੱਦੇ ਸਥਾਪਤ ਕਰਦੀ ਹੋਈ ਯਾਦਗਾਰ ਹੋ ਨਿਬੜੀ ਗੁਰੂ ਕਾਸ਼ੀ ਯੂਨੀਵਰਸਿਟੀ ਦੀ "11ਵੀਂ ਅਥਲੈਟਿਕ ਮੀਟ"

## 33 ਖੇਡਾਂ ਵਿੱਚ 99 ਤਗਮਿਆਂ ਦਾ ਹੋਇਆ ਫੈਸਲਾ, ਫੈਕਲਟੀ ਆਫ਼ ਇੰਜੀਨਿਅਰਿੰਗ ਦਾ ਮੈਚੋਨਾ ਰੇਮੰਡ ਬਣਿਆ ਸਭ ਤੋਂ ਤੇਜ਼ ਦੌੜਾਕ

**ਤਲਵੰਡੀ ਸਾਬੋ, 20 ਮਾਰਚ (ਗੁਰਜੰਟ ਸਿੰਘ ਨਥੇਹਾ)**- ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਤੇ ਮੈਨੇਜ਼ਿੰਗ ਡਾਇਰੈਕਟਰ ਸ. ਸੁਖਰਾਜ ਸਿੰਘ ਸਿੱਧੂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਉਪ ਕੁਲਪਤੀ ਪ੍ਰੋ.(ਡਾ.) ਐਸ.ਕੇ.ਬਾਵਾ ਦੀ ਰਹਿਨੁਮਾਈ ਹੇਠ ਗੁਰੂ ਕਾਸ਼ੀ ਯੂਨੀਵਰਸਿਟੀ ਦੀ ਦੋ ਰੋਜ਼ਾ ਅਥਲੈਟਿਕ ਮੀਟ ਨਵੇਂ ਯੂਨੀਵਰਸਿਟੀ ਰਿਕਾਰਡ ਸਥਾਪਿਤ ਕਰਦੀ ਹੋਈ ਯਾਦਗਾਰ ਹੋ ਨਿਬੜੀ। ਇਨਾਮ ਵੰਡ ਸਮਾਰੋਹ ਵਿੱਚ ਨਾਮਵਰ ਐਥਲੀਟ ਸ. ਕੇ.ਪੀ.ਐਸ.ਬਰਾੜ ਆਈ.ਆਰ.ਐਸ. ਡਿਪਟੀ ਕਮਿਸ਼ਨਰ ਇਨਕਮ ਟੈਕਸ, ਬਠਿੰਡਾ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਇਸ ਮੌਕੇ ਆਪਣੇ ਵਧਾਈ ਸੰਦੇਸ਼ ਵਿੱਚ ਸ. ਗੁਰਲਾਭ ਸਿੰਘ ਸਿੱਧੂ ਨੇ ਕਿਹਾ ਕਿ ਜੀ.ਕੇ.ਯੂ. ਦੇ ਖੇਡ ਵਿਭਾਗ ਨੇ ਡਾਇਰੈਕਟਰ ਸਪੋਰਟਸ ਡਾ. ਬਲਵਿੰਦਰ ਕੁਮਾਰ ਸ਼ਰਮਾ ਦੀ ਦੇਖ-ਰੇਖ ਹੇਠ ਖਿਡਾਰੀਆਂ ਨੇ ਅੰਤਰ-ਰਾਸ਼ਟਰੀ ਅਤੇ ਰਾਸ਼ਟਰੀ ਪੱਧਰ 'ਤੇ ਆਪਣੀ ਖੇਡ ਕਲਾ ਦਾ ਲੋਹਾ ਮਨਵਾਇਆ ਹੈ। ਉਨ੍ਹਾਂ 'ਵਰਸਿਟੀ ਵੱਲੋਂ ਖਿਡਾਰੀਆਂ ਦੇ ਖੇਡ ਪੱਧਰ ਨੂੰ ਉੱਚਾ ਚੁੱਕਣ ਲਈ 'ਵਰਸਿਟੀ ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ, ਇੰਸਟਰੂਮੈਂਟ ਅਤੇ ਉੱਚ ਪੱਧਰੀ ਕੋਚਿੰਗ ਦਾ ਜ਼ਿਕਰ ਕਰਦਿਆਂ ਕਿਹਾ ਕਿ ਜੀ.ਕੇ.ਯੂ. ਦੇ ਖਿਡਾਰੀ ਆਪਣੀ ਖੇਡ ਸਦਕਾ ਸਰਕਾਰੀ ਅਤੇ ਗੈਰ-ਸਰਕਾਰੀ ਅਦਾਰਿਆਂ ਵਿੱਚ ਉੱਚ ਅਹੁਦਿਆਂ 'ਤੇ ਸੇਵਾਵਾਂ ਨਿਭਾ ਕੇ ਇਲਾਕੇ ਦਾ ਨਾਮ ਰੌਸ਼ਨ ਕਰ ਰਹੇ ਹਨ। ਮੁੱਖ ਮਹਿਮਾਨ ਕੇ.ਪੀ.ਐਸ. ਬਰਾੜ ਨੇ ਆਯੋਜਕਾਂ ਨੂੰ ਸਫਲ ਆਯੋਜਨ ਦੀ ਵਧਾਈ ਦਿੰਦੇ ਹੋਏ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਹਾਰ ਜਿੱਤ ਦੇ ਵਿਚਾਰ ਨੂੰ ਛੱਡ ਕੇ ਖੇਡਾਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਖੇਡਾਂ

ਆਵਾਜ਼ਿ ਕੌਮ
AWAZE QAUM
International Newspaper & WEB TV

ਵਿਦਿਆਰਥੀਆਂ ਨੂੰ ਵਿਸ਼ਾਲ ਹਿਰਦੇ ਦਾ ਮਾਲਕ ਬਣਾਉਂਦੀਆਂ ਹਨ ਤੇ ਸਫਲਤਾ ਅਸਫਲਤਾ ਨੂੰ ਖਿੜੇ ਮੱਥੇ ਸਵੀਕਾਰ ਕਰਨ ਦੀ ਤਾਕਤ ਬਖ਼ਸ਼ਦੀਆਂ ਹਨ। ਡਾ. ਬਾਵਾ ਨੇ ਖਿਡਾਰੀਆਂ ਨੂੰ ਸ਼ੁਭ ਕਾਮਨਾਵਾਂ ਭੇਂਟ ਕਰਦੇ ਹੋਏ ਦੱਸਿਆ ਕਿ ਅਥਲੈਟਿਕ ਮੀਟ ਵਿੱਚ 'ਵਰਸਿਟੀ ਦੀਆਂ 13 ਫੈਕਲਟੀਆਂ ਦੇ ਲਗਭਗ 500 ਖਿਡਾਰੀਆਂ ਨੇ 33 ਖੇਡਾਂ ਵਿੱਚ ਆਪਣੀ ਜ਼ੋਰ ਅਜ਼ਮਾਇਸ਼ ਕੀਤੀ ਹੈ। ਇਸ ਮੌਕੇ 99 ਤਗਮਿਆਂ ਦਾ ਫੈਸਲਾ ਹੋਇਆ। ਉਨ੍ਹਾਂ ਖਿਡਾਰੀਆਂ ਦੀ ਇਸ ਸ਼ਾਨਾਮੱਤੀ ਪ੍ਰਾਪਤੀ ਬਾਰੇ ਦੱਸਦਿਆਂ ਕਿਹਾ ਕਿ 'ਵਰਸਿਟੀ ਨੇ ਭਾਰਤ ਸਰਕਾਰ ਵੱਲੋਂ ਆਯੋਜਿਤ ਖੇਲੋ ਇੰਡੀਆ ਵਿੱਚ 19 ਸੋਨ, 8 ਚਾਂਦੀ ਤੇ 17 ਕਾਂਸੇ ਦੇ ਤਗਮੇ ਜਿੱਤ ਕੇ ਸਾਰੇ ਭਾਰਤ ਵਿੱਚ 7ਵਾਂ ਸਥਾਨ ਹਾਸਿਲ ਕੀਤਾ ਹੈ। ਉਨ੍ਹਾਂ ਵਿਸ਼ੇਸ਼ ਤੌਰ 'ਤੇ 'ਵਰਸਿਟੀ ਦੀ ਬਾਕਸਰ ਲਲਿਤਾ ਨੂੰ















ਸੀਨੀਅਰ ਰਾਸ਼ਟਰੀ ਵੂਮੈਨ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਜਿੱਤੇ ਗਏ ਸੋਨ ਤਗਮੇ ਅਤੇ ਮੋਸਟ ਪ੍ਰੋਮੀਨੈਂਟ ਖਿਡਾਰੀ ਚੁਣੇ ਜਾਣ 'ਤੇ ਵਧਾਈ ਦਿੱਤੀ। ਉਨ੍ਹਾਂ ਇਲਾਕੇ ਦੇ ਨੌਜਵਾਨਾਂ ਨੂੰ ਖੇਡਾਂ ਵਿੱਚ ਪ੍ਰੋਤਸਾਹਿਤ ਕਰਨ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ 'ਵਰਸਿਟੀ ਵੱਲੋਂ ਖੁੱਲਣ ਜਾ ਰਹੀ ਤਲਵਾਰਬਾਜ਼ੀ, ਤੀਰ ਅੰਦਾਜ਼ੀ, ਕਬੱਡੀ ਤੇ ਕਰਾਟੇ ਅਕਾਦਮੀ ਦਾ ਐਲਾਨ ਵੀ ਕੀਤਾ। ਡਾ. ਰਵੀ ਗਹਿਲਾਵਤ ਨੇ ਅਥਲੈਟਿਕ ਮੀਟ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 100 ਮੀਟਰ ਦੌੜ, ਲੜਕਿਆਂ ਵਿੱਚ ਮੈਚੋਨਾ ਰੇਮੰਡ ਨੇ ਸੋਨ, ਅਨੁਜ ਕੁਮਾਰ ਯਾਦਵ ਨੇ ਚਾਂਦੀ, ਕੁਰਾਰ ਹਾਮੀਦ ਜਰਗਰ ਨੇ ਕਾਂਸੇ, 5000 ਮੀਟਰ ਦੌੜ ਵਿੱਚ ਦਿਲਬਾਗ ਸਿੰਘ ਨੇ ਸੋਨ, ਜਗਦੀਪ ਸਿੰਘ ਨੇ ਚਾਂਦੀ, ਸਿਮਰਜੀਤ ਸਿੰਘ ਨੇ ਕਾਂਸੇ, 800 ਮੀਟਰ ਦੌੜ ਵਿੱਚ ਸੇਵਕ ਸਿੰਘ ਨੇ ਸੋਨ, ਜਗਦੀਪ ਸਿੰਘ ਨੇ ਚਾਂਦੀ, ਸੁਖਵੀਰ ਸਿੰਘ ਨੇ ਕਾਂਸੇ, 400 ਮੀਟਰ ਦੌੜ ਵਿੱਚ ਆਨੰਦ ਕੁਮਾਰ ਨੇ ਸੋਨ, ਸੇਵਕ ਸਿੰਘ ਨੇ ਚਾਂਦੀ, ਮੋਹਸੀਨ ਜਾਫਰ ਨੇ ਕਾਂਸੇ, ਹੈਮਰ ਥ੍ਰੋ ਵਿੱਚ ਪਰਸ਼ੋਤਮ ਕੁਮਾਰ ਨੇ ਸੋਨ, ਆਕਾਸ਼ਦੀਪ ਨੇ ਚਾਂਦੀ, ਸੈਲੇਸ਼ ਕੁਮਾਰ ਨੇ ਕਾਂਸੇ, 1500 ਮੀਟਰ ਦੌੜ ਵਿੱਚ ਦਿਲਬਾਗ ਸਿੰਘ ਨੇ ਸੋਨ, ਸਿਮਰਜੀਤ ਸਿੰਘ ਨੇ ਚਾਂਦੀ, ਬਿੱਕੀ ਨੇ ਕਾਂਸੇ, ਜੈਵਲੀਨ ਥ੍ਰੋ ਵਿੱਚ ਸੋਰਵ ਨੇ ਸੋਨ, ਸੋਰਵ, (ਐਗਰੀਕਲਚਰ ਵਿਭਾਗ) ਨੇ ਚਾਂਦੀ, ਆਜਮ ਨੇ ਕਾਂਸੇ, ਡਿਸਕਸ ਥ੍ਰੋ ਵਿੱਚ ਸੋਰਵ ਨੇ ਸੋਨ, ਆਕਾਸ਼ਦੀਪ ਨੇ ਚਾਂਦੀ, ਸੂਰਜ ਕੁਮਾਰ ਨੇ ਕਾਂਸੇ, 110 ਮੀਟਰ ਅੜਿਕਾ ਦੌੜ ਵਿੱਚ ਕਨਹਈਆ ਯਾਦਵ ਨੇ ਸੋਨ, ਜਸਵਿੰਦਰ ਸਿੰਘ ਨੇ ਚਾਂਦੀ, ਆਕਾਸ਼ਦੀਪ ਸਿੰਘ ਨੇ ਕਾਂਸੇ, 100 ਮੀਟਰ ਦੌੜ ਲੜਕੀਆਂ ਵਿੱਚ ਜਸਮੀਤ ਕੌਰ ਨੇ ਸੋਨ, ਜਸਪ੍ਰੀਤ ਕੌਰ ਨੇ ਚਾਂਦੀ, ਪੂਰਬਾ ਸਿਨਹਾ ਨੇ ਕਾਂਸੇ, 110 ਮੀਟਰ ਅੜਿਕਾ ਦੌੜ ਵਿੱਚ ਅੰਕੁਸ਼ ਨੇ ਸੋਨ, ਮੁਸਕਾਨ ਨੇ ਚਾਂਦੀ, ਨਿਸ਼ਾ ਨੇ ਕਾਂਸੇ, ਡਿਸਕਸ ਥ੍ਰੋ ਵਿੱਚ ਪੂਨਮ ਨੇ ਸੋਨ, ਕੁਲਵਿੰਦਰ ਕੌਰ ਨੇ ਚਾਂਦੀ, ਸਰਬਜੀਤ ਕੌਰ ਨੇ ਕਾਂਸੇ, ਜੈਵਲੀਨ ਥ੍ਰੋ ਵਿੱਚ ਪੂਜਾ ਨੇ ਸੋਨ, ਰਮਨਾ ਖਾਨ ਨੇ ਚਾਂਦੀ, ਜਸ਼ਨਦੀਪ ਕੌਰ ਨੇ ਕਾਂਸੇ, 1500 ਮੀਟਰ ਦੌੜ ਵਿੱਚ ਬਰਖਾ ਰਾਣੀ ਨੇ ਸੋਨ, ਅਨੁਸ਼ਕਾ ਕੁਮਾਰੀ ਨੇ ਚਾਂਦੀ, ਬੇਅੰਤ ਕੌਰ ਨੇ ਕਾਂਸੇ, 400 ਮੀਟਰ ਦੌੜ ਵਿੱਚ ਰਾਜਨਪ੍ਰੀਤ ਕੌਰ ਨੇ ਸੋਨ, ਲਵਪ੍ਰੀਤ ਕੌਰ ਨੇ ਚਾਂਦੀ ਤੇ ਪਿੰਕੀ ਕੌਰ ਨੇ ਕਾਂਸੇ ਦਾ ਤਗਮਾ ਜਿੱਤਿਆ। ਫੈਕਲਟੀ ਮੈਂਬਰਾਂ ਦੀ 100 ਮੀਟਰ ਦੌੜ ਅਤੇ ਸ਼ਾਟਪੁਟ ਮੁਕਾਬਲੇ ਵਿਦਿਆਰਥੀਆਂ ਦੀ ਖਿੱਚ ਦਾ ਕੇਂਦਰ ਰਹੇ ਅਤੇ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਹੁਲਾਰਾ ਦੇਣ ਦਾ ਸੁਨੇਹਾ ਦੇ ਰਹੇ ਸਨ। ਇਨਾਮ ਵੰਡ ਸਮਾਰੋਹ ਵਿੱਚ ਡਾਇਰੈਕਟਰ ਵਿਦਿਆਰਥੀ ਭਲਾਈ, ਸ. ਸਰਦੂਲ ਸਿੰਘ ਸਿੱਧੂ, ਵੱਖ-ਵੱਖ ਫੈਕਲਟੀਆਂ ਦੇ ਡੀਨ ਅਤੇ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਰਜਿਸਟਰਾਰ, ਡਾ. ਜਗਤਾਰ ਸਿੰਘ ਧੀਮਾਨ ਨੇ ਧੰਨਵਾਦੀ ਪ੍ਰਸਤਾਵ ਵਿੱਚ ਵਿਦਿਆਰਥੀਆਂ ਦੀ ਮਿਹਨਤ ਅਤੇ ਸਮਰਪਣ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਆਪਣੇ ਟੀਚੇ ਹੋਰ ਉੱਚ ਕਰਨ ਦੀ ਪ੍ਰੇਰਣਾ ਦਿੱਤੀ ਤੇ ਸਭਨਾਂ ਨੂੰ ਸਫਲ ਆਯਜੋਨ ਲਈ ਸ਼ੁਭ ਕਾਮਨਾਵਾਂ ਭੇਂਟ ਕੀਤੀਆਂ। ਚੁਸਤ ਰਹੋ, ਤੰਦਰੁਸਤ ਰਹੋ, ਫੇਰ ਮਿਲਣ ਦੇ ਵਾਅਦੇ ਨਾਲ ਅਥਲੈਟਿਕ ਮੀਟ ਸਮਾਪਤ ਹੋਈ।



# ਵਾਹਿਗੁਰੂ ਜੀ ਕਾ ਖਾਲਸਾ
# ਵਾਹਿਗੁਰੂ ਜੀ ਕੀ ਫਤਿਹ

ਗੁਰਦਵਾਰਾ ਸਿੰਘ ਸਭਾ ਸਲੇਮਪੁਰ ਮਸੰਦਾਂ ਪ੍ਰਬੰਧਕ ਕਮੇਟੀ ਵਲੋਂ ਸਾਰੇ ਪਿੰਡ ਦੀ ਦੇਸ਼ਾਂ ਵਿਦੇਸ਼ਾਂ ਵਿੱਚ ਵਸਦੀ ਸੰਗਤ ਅੱਗੇ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ ਕੀ ਗੁਰਦਵਾਰਾ ਸਾਹਿਬ ਵਿਖੇ ਨਵਾਂ ਨਿਸ਼ਾਨ ਸਾਹਿਬ ਬਣਾਉਣ ਦੀ ਸੇਵਾ ਅਰੰਭ ਕੀਤੀ ਗਈ ਹੈ ਜਿਸਦਾ ਖਰਚਾ ਲੱਗਭਗ ਚਾਰ ਲੱਖ ਦੇ ਕਰੀਬ ਆਉਣਾ ਹੈ |

## ਸਾਧ ਸੰਗਤ ਜੀ ਬੇਨਤੀ ਹੈ ਕੀ ਏਸ ਕਾਰਜ ਵਿੱਚ ਆਪਣਾ ਦਸਵੰਧ ਦੇ ਕੇ ਵੱਧ ਤੋਂ ਵੱਧ ਯੋਗਦਾਨ ਦਿਉ ਜੀ

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦਵਾਰਾ ਸਾਹਿਬ ਦੀ ਨਵੀਂ ਕਮੇਟੀ ਵਲੋਂ ਸਾਰੇ ਨੱਗਰ ਦਾ ਤਹਿ ਦਿਲੋਂ ਧੰਨਵਾਦ ਜੀ

ਪ੍ਰਧਾਨ ਜਸਵੀਰ ਸਿੰਘ 9876250317 ਸ: ਜਰਨੈਲ ਸਿੰਘ UK +44 7830202647

ਸ: ਗੁਰਦੇਵ ਸਿੰਘ 9872105611
ਸ: ਕੇਵਲ ਸਿੰਘ UK +44 7875355172

# ਗੁਰੂ ਨਾਨਕ ਗੁਰਦੁਆਰਾ

## ਵੇਲ ਲੇਨ, ਵੈਨਜਫੀਲਡ ਵੁਲਵਰਹੈਂਪਟਨ



ਵੈਡਨਸਫੀਲਡ ਦੀ ਸਮੂਹ ਸਾਧ ਸੰਗਤ ਵੱਲੋਂ

## ਬੰਦੀ ਸਿੰਘਾ ਦੀ ਰਿਹਾਈ ਲਈ ਅਰਦਾਸ ਸਮਾਗਮ

**24 ਮਾਰਚ, 2024 (ਦਿਨ ਐਤਵਾਰ)**

ਸ੍ਰੀ ਅਖੰਡ ਪਾਠ ਸਾਹਿਬ 22 ਮਾਰਚ ਨੂੰ ਸਵੇਰੇ 10 ਵਜੇ ਰੱਖੇ ਜਾਣਗੇ ਅਤੇ 24 ਮਾਰਚ ਨੂੰ ਸਵੇਰੇ 10 ਵਜੇ ਭੋਗ ਪੈਣਗੇ। ਉਪਰੰਤ ਧਾਰਿਮਕ ਦੀਵਾਨ ਸਜਣਗੇ



ਜ਼ਰੂਰੀ ਨੋਟ :- ਸਾਰੀਆਂ ਸੰਗਤਾਂ ਅਤੇ ਸਮੂਹ ਪੰਥਕ ਜਥੇਬੰਦੀਆਂ ਨੂੰ ਇਸ ਸਮਾਗਮ ਵਿੱਚ ਹਾਜਰੀ ਭਰਨ ਦਾ ਸੱਦਾ ਦਿੱਤਾ ਜਾਂਦਾ ਹੈ।

☛ਗੁਰੂ ਕਾ ਲੰਗਰ ਅਤੁੱਟ ਵਰਤੇਗਾ।

# GURU NANAK GURDWARA

**Well Lane, Wednesfield, Wolverhampton, England (U.K.) Post Code : WV11 1XT**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ

ਭਾਈ ਪਰਮਜੀਤ ਸਿੰਘ ਢਾਡੀ
+44 7917 353349

ਆਵਾਜ਼ਿ ਕੌਮ AWAZE QAUM
International Newspaper & WEB TV

ਗੁਰੂ ਨਾਨਕ ਦੇਵ ਜੀ ਪਹਿਲੀ ਪਾਤਿਸ਼ਾਹੀ ਦੇ ਗੁਰਦੁਆਰਾ ਸਾਹਿਬ ਦੀ ਨਵੀਂ ਬਿਲਡਿੰਗ ਦੀ ਉਸਾਰੀ ਲਈ

# ਬਗਦਾਦ ਸਰਕਾਰ ਨੇ ਦਿੱਤੀ ਮਨਜ਼ੂਰੀ : ਗਗਨਦੀਪ ਰਿਆੜ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ**, 20 ਮਾਰਚ (**ਕੁਲਜੀਤ ਸਿੰਘ ਖੋਖਰ**)-ਗੁਰਦੁਆਰਾ ਪਹਿਲੀ ਪਾਤਿਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਦੁਆਰਾ ਸਾਹਿਬ ਜੀ ਦੀ ਨਵੀਂ ਬਿਲਡਿੰਗ ਦੀ ਉਸਾਰੀ ਲਈ ਬਗਦਾਦ ਸਰਕਾਰ ਨੇ ਮਨਜ਼ੂਰੀ ਦੇ ਦਿੱਤੀ ਗਈ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਜਨਰਲ ਸਕੱਤਰ ਸ਼ੌਮਣੀ ਅਕਾਲੀ ਦਲ ਦੇ ਆਗੂ ਭਾਈ ਗਗਨਦੀਪ ਸਿੰਘ ਰਿਆੜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਰਾਕ . ਦੀ ਰਾਜਧਾਨੀ ਬਗ.ਦਾਦ ਸਥਿਤ ਗੁਰਦੁਆਰਾ ਪਹਿਲੀ ਪਾਤਿਸ਼ਾਹੀ ਗੁਰੂ ਨਾਨਕ ਦੇਵ ਉਸਾਰੀ ਲਈ ਉਥੇ ਦੇ ਸੈਰ ਸਪਾਟਾ ਵਿਭਾਗ ਦੇ ਚੈਅਰਮੈਨ ਮਜਿਨ ਅਲ ਇਸਇਕਰ ਵੱਲੋਂ ਲਿਖ਼ਤੀ ਮਨਜ਼ੂਰੀ ਦੇ ਦਿੱਤੀ ਗਈ ਹੈ। ਇਸ ਮਨਜ਼ੂਰੀ ਸੰਬੰਧੀ ਸਿੱਖਜ ਇਨ ਅਮਰੀਕਾ ਦੇ ਪ੍ਰਧਾਨ ਡਾਕਟਰ ਗੁਰਿੰਦਰਪਾਲ ਸਿੰਘ ਜੋਨਸ ਅਤੇ ਮਿਸ਼ਨ ਬਾਬਾ ਨਾਨਕ ਦੇਵ ਹਰਜੀਤ ਸਿੰਘ ਸੋਢੀ ਨੂੰ ਭੇਜੇ ਆਧਿਕਾਰ ਪੱਤਰ ਵਿੱਚ ਦੱਸਿਆ ਗਿਆ ਹੈ ਕਿ ਗੁਰਦੁਆਰਾ ਸਾਹਿਬ ਦੀ ਉਸਾਰੀ ਲਈ ਬਗਦਾਦ ਦੇ ਬਹਿਲੋਲਸਾਹ ਦਸਤਗੀਰ ਨਾਮੀ ਸੂਫ਼ੀ ਬਿਲਕੁਲ ਨਾਲ 7500 ਸਕੇਆਰ ਮੀਟਰ ਜਗਾ ਅਲਾਟ ਕੀਤੀ ਗਈ ਹੈ। ਜਿਸ ਨਾਲ ਹੁਣ ਬਗਦਾਦ ਸਹਿਰ ਗੁਰੂ ਨਾਨਕ ਦੇਵ ਜੀ ਜਲਦੀ ਸਥਾਨ ਬਣਾ ਜਾਵੇਗਾ। ਇਸ ਸਥਾਨ ਯਾਦਗਾਰੀ ਬਣਾਉਣ ਲਈ ਪਿਛਲੇ ਸਮੇਂ ਤੋਂ ਸ਼ੌਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਤੇ ਸਿੱਖ ਬੁੱਧੀਜੀਵੀ ਵਰਗ ਦੇ ਲੋਕਾਂ ਅੱਗੇ ਅਪੀਲ ਕੀਤੀ ਗਈ ਸੀ। ਇਸ ਸਥਾਨ ਤੇ ਪਿਛਲੇ ਸਮੇਂ ਗੁਰਪ੍ਰੀਤ ਸਿੰਘ ਹਰਚੋਵਾਲ ਨੇ ਇਸ ਜਗ੍ਹਾ ਦੋਰਾ ਕੀਤਾ ਉਥੇ ਲੋਕਾਂ ਨਾਲ ਮਿਲ ਕੇ ਇਸ ਜਗ੍ਹਾ ਦੀਆਂ ਤਸਵੀਰਾਂ ਭੇਜੀਆਂ ਗਈਆਂ। ਇਸ ਮੰਗ ਨੂੰ ਉਠਾਉਣ ਲਈ ਪਿਛਲੇ ਸਮੇਂ ਤੋਂ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਵੱਲੋਂ ਮੀਡੀਆ ਵਿੱਚ ਖਬਰਾਂ ਪ੍ਰਕਾਸ਼ਿਤ ਕੀਤੀਆਂ ਗਈਆਂ ਸਨ। ਜੋ ਇਤਿਹਾਸਕ ਫੈਸਲਾ ਨੂੰ ਬੂਰ ਪੈਂਦਾ ਹੋਇਆਂ ਨਜ਼ਰ ਆ ਰਿਹਾ ਹੈ। ਗਗਨਦੀਪ ਸਿੰਘ ਰਿਆੜ ਨੇ ਅੱਗੇ ਕਿਹਾ ਬ.ਗ਼ਦਾਦ ਵਿਖੇ ਦਜਲਾ ਦੇ ਕਿਨਾਰੇ ਰੱਬੀ ਰੰਗ ਵਿਚ ਰੰਗਿਆ ਫ਼ਕੀਰ ਬਹਿਲੋਲ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਮੇਲ ਹੋਇਆ। ਗਿਆਨ ਦੀਆਂ ਗੱਲਾਂ ਚੱਲੀਆਂ ਅਤੇ ਸਤਿਗੁਰੂ ਜੀ ਦੀ ਸ਼ਖ਼ਸੀਅਤ ਨੇ ਪੀਰ ਨੂੰ ਦੀਵਾਨਾ ਬਣਾ ਦਿੱਤਾ। ਉਸ ਨੇ ਜ਼ਿੱਦ ਕਰਕੇ ਗੁਰੂ ਜੀ ਨੂੰ ਕਾਫੀ ਚਿਰ ਜਾਣ ਨਾ ਦਿੱਤਾ । ਆਖਿਰ ਗੁਰੂ ਜੀ ਪੀਰ ਨੂੰ ਸਮਝਾ ਕੇ ਅੱਗੇ ਚੱਲ ਪਏ। ਪੀਰ ਬਹਿਲੋਲ ਉਸ ਤੋਂ ਬਾਅਦ 60 ਸਾਲ ਜਿਊਂਦਾ ਰਿਹਾ ਪਰ ਉਸ ਦੀ ਖਾਮੋਸ਼ ਪ੍ਰੀਤ ਇਕ ਮਿਸਾਲ ਬਣ ਗਈ। ਜਿਥੇ ਬੈਠ ਕੇ ਗੁਰੂ ਸਾਹਿਬ ਇਸ ਨਾਲ ਵਾਰਤਾਲਾਪ ਕਰਦੇ ਸਨ, ਇਹ ਉਸ ਪੱਥਰ ਦੇ ਸਾਹਮਣੇ ਸਿਜਦਾ ਕਰ ਕੇ ਬੈਠ ਗਿਆ ਅਤੇ ਡੂੰਘੀ ਚੁੱਪ ਧਾਰਨ ਕਰ ਲਈ। ਨਾ ਇਹ ਕਿਸੇ ਨਾਲ ਬੋਲਦਾ ਸੀ, ਨਾ ਕਿਸੇ ਨੂੰ ਮਿਲਦਾ ਸੀ ਅਤੇ ਨਾ ਕਿਸੇ ਦੀ ਗੱਲ ਸੁਣਦਾ ਸੀ। ਇਸ ਦੀ ਅਨੋਖੀ ਦਾਸਤਾਨ ਨੂੰ ਸੁਣ ਕੇ ਅਤੇ ਇਸ ਦੀ ਡੂੰਘੀ ਸਰਸ਼ਾਰਤਾ ਨੂੰ ਦੇਖ ਕੇ ਲੋਕ ਇਸ ਦੀ ਮਾਨਤਾ ਕਰਨ ਲੱਗੇ। ਗੁਰੂ ਨਾਨਕ ਦੇਵ ਜੀ ਤੇ ਭਾਈ ਮਰਦਾਨਾ ਦੁਨੀਆਂ ਨੂੰ ਤਾਰਦੇ ਹੋਏ, ਸਿੱਧੇ ਰਾਹ ਪਾਉਦੇ ਹੋਏ ਬਗਦਾਦ ਦੀ ਧਰਤੀ ਤੇ ਜਾ ਪੁੱਜੇ ਬਗਦਾਦ ਇਕ ਮੁਸਲਮਾਨ ਦੇਸ਼ ਦੀ ਰਾਜਧਾਨੀ ਹੈ ਜਿਸਦਾ ਨਾਮ ਹੈ ਇਰਾਕ । ਗੁਰੂ ਨਾਨਕ ਜੀ ਤੇ ਭਾਈ ਮਰਦਾਨਾ ਜੀ ਨੇ ਅਮ੍ਰਿਤ ਵੇਲੇ ਸਤਿਨਾਮੁ ਵਾਹਿਗੁਰੂ ਦਾ ਉਚਾ ਸਾਰਾ ਜੈਕਾਰਾ ਲਾਇਆ ਭਾਈ ਮਰਦਾਨੇ ਨੇ ਰਬਾਬ ਵਜਾਉਣੀ ਸ਼ੁਰੂ ਕੀਤੀ ਤੇ ਗੁਰੂ ਜੀ ਨੇ ਇਲਾਹੀ ਬਾਣੀ ਦਾ ਕੀਰਤਨ ਕਰਨਾ ਸ਼ੁਰੂ ਕੀਤਾ ਪਰ ਮੁਸਲਮਾਨ ਦੇਸ਼ ਵਿੱਚ ਸੰਗੀਤ ਤੇ ਪਾਬੰਦੀ ਸੀ। ਉਥੇ ਕੋਈ ਸੰਗੀਤ ਨਹੀ ਸੀ ਗਾ ਸਕਦਾ । ਇਸ ਸਥਾਨ ਪਿਛਲੇ ਸਮਾਂ ਤੋਂ ਸਿੱਖ ਸੰਗਤਾਂ ਦੀ ਮੰਗ ਸੀ ਕਿ ਬਗਦਾਦ ਸਹਿਰ ਵਿੱਚ ਗੁਰੂ ਨਾਨਕ ਦੇਵ ਜੀ ਯਾਦ ਵਿੱਚ ਗੁਰਦੁਆਰਾ ਸਾਹਿਬ ਬਣਾਇਆ ਜਾਵੇ। ਜੋ ਹੁਣ ਸੰਗਤਾਂ ਦੀ ਮੰਗ ਪੂਰੀ ਹੋ ਗਈ ਹੈ।

**☛ ਬ.ਗਦਾਦ ਵਿਖੇ ਦਜਲਾ ਦੇ ਕਿਨਾਰੇ ਰੱਬੀ ਰੰਗ ਵਿਚ ਰੰਗਿਆ ਫ਼ਕੀਰ ਬਹਿਲੋਲ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਮੇਲ ਹੋਇਆ ਸੀ : ਰਿਆੜ**

ਸ੍ਰੀ ਆਨੰਦਪੁਰ ਸਾਹਿਬ ਜੋੜ ਮੇਲੇ ਮੌਕੇ

# ਸ਼ਰਾਰਤੀ ਅਨਸਰ ਹੁਲੜਬਾਜੀ ਤੋਂ ਗੁਰੇਜ਼ ਕਰਨ ਨਹੀਂ ਤਾਂ ਲਾਇਆ ਜਾਵੇਗਾ ਸੋਧਾ : ਭਾਈ ਮੁੱਛਲ



ਜੰਡਿਆਲਾ ਗੁਰੂ 20 ਮਾਰਚ (ਕੁਲਵੰਤ ਸਿੰਘ ਵਿਰਦੀ) ਸ੍ਰੀ ਆਨੰਦਪੁਰ ਸਾਹਿਬ ਵਿਖੇ ਹਰ ਸਾਲ ਹੋਲੇ ਮੁਹੱਲੇ ਦੇ ਜੋੜ ਮੇਲੇ ਤੇ ਲੱਖਾਂ ਦੀ ਤਾਦਾਦ ਵਿੱਚ ਪੰਜਾਬ ਅਤੇ ਬਾਹਰਲੇ ਸੂਬਿਆਂ ਤੋਂ ਲੈਕੇ ਵਿਦੇਸ਼ਾਂ ਵਿੱਚੋਂ ਸੰਗਤਾਂ ਦਰਸ਼ਨ ਕਰਨ ਲਈ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਦਸਮੇਸ਼ ਪਿਤਾ ਜੀ ਦੀ ਪਾਵਨ ਧਰਤੀ ਸ੍ਰੀ ਆਨੰਦਪੁਰ ਸਾਹਿਬ ਵਿਖੇ ਗੁਰਧਾਮਾਂ ਦੇ ਦਰਸ਼ਨ ਕਰਕੇ ਤੇ ਨਤਮਸਤਕ ਹੋ ਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਦੀਆਂ ਹਨ ਇਸ ਸੰਬੰਧੀ ਗੱਲਬਾਤ ਕਰਦਿਆਂ ਹੋਇਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ ਕਮੇਟੀ ਪੰਜਾਬ ਦੇ ਜਥੇਦਾਰ ਬਲਬੀਰ ਸਿੰਘ ਮੁੱਛਲ ਨੇ ਅੱਗੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਪਹਿਲਾਂ ਤਾਂ ਹੱਥ ਜੋੜ ਕੇ ਬੇਨਤੀ ਹੈ ਕਿ ਤੁਸੀਂ ਆਪਣੀ ਸ਼ਰਧਾ ਭਾਵਨਾ ਨੂੰ ਉੱਚਾ ਚੁੱਕਣ ਲਈ ਬਿਨਾਂ ਸਲੰਸਰਾਂ ਦੇ ਮੋਟਰਸਾਈਕਲ, ਟਰੈਕਟਰਾਂ ਉਪਰ ਵੱਡੇ ਵੱਡੇ ਸਪੀਕਰ ਅਤੇ ਟਰੈਕਟਰਾਂ ਦੇ ਸਲੰਸਰ ਉਤਾਰ ਕੇ ਸ੍ਰੀ ਆਨੰਦਪੁਰ ਸਾਹਿਬ ਜੀ ਵਿਖੇ ਨਾ ਜਾਇਓ ਜੇਕਰ ਕਲਗੀਧਰ ਪਾਤਸ਼ਾਹ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨੀਆਂ ਹਨ ਤਾਂ ਅੱਗੇ ਉਨ੍ਹਾ ਨੇ ਸਖ਼ਤ ਤਾੜਨਾ ਕਰਦਿਆਂ ਹੋਇਆਂ ਕਿਹਾ ਕਿ ਜੇਕਰ ਕੋਈ ਵੀ ਸ਼ਰਾਰਤੀ ਅਨਸਰ ਬਿਨਾਂ ਸਲੰਸਰ ਮੋਟਰਸਾਈਕਲ, ਮੋਟਰਸਾਈਕਲ ਦੇ ਪਟਾਕੇ ਪਾਉਂਦਾ ਅਤੇ ਟਰੈਕਟਰਾਂ ਉਪਰ ਵੱਡੇ ਵੱਡੇ ਸਪੀਕਰਾਂ ਰਾਹੀਂ ਰੌਲਾ ਰੱਪਾ ਪਾਉਂਦਾ ਫੜਿਆ ਗਿਆ ਤਾਂ ਸਤਿਕਾਰ ਕਮੇਟੀ ਦੇ ਸਿੰਘਾਂ ਵੱਲੋਂ ਉਨ੍ਹਾਂ ਨੂੰ ਸੋਧਾ ਵੀ ਲਾਇਆ ਜਾਵੇਗਾ ਅਤੇ ਕਾਨੂੰਨੀ ਕਾਰਵਾਈ ਵੀ ਕਰਵਾਈ ਜਾਵੇਗੀ ਅੱਗੇ ਉਨ੍ਹਾ ਨੇ ਨੌਜਵਾਨਾਂ ਨੂੰ ਅਪੀਲ ਕਰਦਿਆਂ ਹੋਇਆਂ ਕਿਹਾ ਕਿ ਪੰਜਾਬ ਦੀ ਧੜਕਣ ਅਤੇ ਸਰਮਾਇਆ ਹੋ ਤੁਸੀਂ ਅਤੇ ਤੁਹਾਡੇ ਵੱਲੋਂ ਜੋੜ ਮੇਲੇ ਵਿੱਚ ਕੀਤੀਆਂ ਗਈਆਂ ਗਲਤੀਆਂ ਦਾ ਹਰਜਾਨਾ ਪੂਰੀ ਕੌਮ ਨੂੰ ਚੁਕਾਉਣਾ ਪੈਂਦਾ ਹੈ ਬੇਸ਼ੱਕ ਪੇਟ ਦੀ ਭੁੱਖ ਮਿਟਾਉਣ ਲਈ ਸਾਨੂੰ ਪਦਾਰਥਾਂ ਦੀ ਲੋੜ ਹੁੰਦੀ ਹੈ ਅਤੇ ਜੋ ਬੇਅੰਤ ਤਦਾਦ ਵਿੱਚ ਲੰਗਰਾਂ ਦੇ ਰੂਪ ਵਿੱਚ ਸਾਨੂੰ ਮਿਲ ਜਾਂਦਾ ਹੈ ਅਤੇ ਇਸ ਖਾਦੇ ਗਏ ਲੰਗਰ ਦੀ ਕੀਮਤ ਅਸੀਂ ਸਿਰ ਉਪਰ ਦਸਤਾਰਾਂ ਸਜਾ ਕੇ ਅਤੇ ਮਰਿਆਦਾ ਵਿੱਚ ਰਹਿ ਕੇ ਨਾਮ ਬਾਣੀ ਜਪਦਿਆਂ ਹੋਇਆਂ ਸਰਬੰਸਦਾਨੀ ਸਾਹਿਬੇ ਕਮਾਲ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਅਸਥਾਨਾਂ ਦੇ ਦਰਸ਼ਨ ਕਰਦਿਆਂ ਹੋਇਆਂ ਅਸੀਂ ਕੁਝ ਨਾ ਕੁਝ ਸ੍ਰੀ ਆਨੰਦਪੁਰ ਸਾਹਿਬ ਜੀ ਦੀ ਪਾਵਨ ਧਰਤੀ ਤੋਂ ਲੈਕੇ ਆਪਣੇ ਘਰਾਂ ਨੂੰ ਵਾਪਸ ਆਈਏ ਅੱਗੇ ਉਨ੍ਹਾ ਨੇ ਲੰਗਰ ਲਗਾਉਣ ਵਾਲੀਆਂ ਸੰਗਤਾਂ ਨੂੰ ਵੀ ਬੇਨਤੀ ਕਰਦਿਆਂ ਹੋਇਆਂ ਕਿਹਾ ਕਿ ਜਿੱਥੇ ਸੰਗਤਾਂ ਵੱਲੋਂ ਪੇਟ ਦੀ ਭੁੱਖ ਮਿਟਾਉਣ ਲਈ ਸੰਗਤਾਂ ਲਈ ਰਸਤਿਆਂ ਵਿੱਚ ਲੰਗਰ ਲਗਾ ਕੇ ਆਪਣੀਆਂ ਹਾਜ਼ਰੀਆਂ ਗੁਰੂ ਚਰਨਾਂ ਵਿੱਚ ਲਗਵਾਈਆਂ ਜਾਂਦੀਆਂ ਹਨ ਉੱਥੇ ਦੂਜੇ ਪਾਸੇ ਭਟਕੇ ਹੋਏ ਨੌਜਵਾਨਾਂ ਨੂੰ ਰਾਹੇ ਪਾਉਣ ਲਈ ਦਸਤਾਰਾਂ ਦੇ ਲੰਗਰ ਵੀ ਲਗਵਾਉਣੇ ਚਾਹੀਦੇ ਹਨ ਤਾਂ ਜੋ ਜਦੋਂ ਨੌਜਵਾਨ ਆਪਣੇ ਘਰ ਪ੍ਰੀਵਾਰ ਵਿੱਚ ਪਹੁੰਚੇ ਤਾਂ ਪਤਾ ਚੱਲੇ ਕਿ ਇਹ ਨੌਜਵਾਨ ਸ੍ਰੀ ਆਨੰਦਪੁਰ ਸਾਹਿਬ ਜੀ ਦੀ ਪਾਵਨ ਧਰਤੀ ਤੋਂ ਸਿੱਖੀ ਸਰੂਪ ਲੈ ਕੇ ਆਪਣੇ ਘਰ ਆਇਆ ਹੈ ਵੈਸੇ ਇਹ ਫਰਜ਼ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਕਮੇਟੀ ਦਾ ਬਣਦਾ ਹੈ ਪਰ ਸ਼੍ਰੋਮਣੀ ਕਮੇਟੀ ਦਾ ਇਸ ਵੱਲ ਧਿਆਨ ਨਾ ਹੋਣਾ ਇਹ ਦਰਸਾਉਂਦਾ ਹੈ ਕਿ ਉਨ੍ਹਾਂ ਲਈ ਸਿਰਫ਼ ਗੋਲਕਾਂ ਹੀ ਅਹਿਮੀਅਤ ਰੱਖਦੀਆਂ ਹਨ ਅਤੇ ਜੋੜ ਮੇਲਿਆਂ ਵਿੱਚ ਲੱਗਣ ਵਾਲੀਆਂ ਦੁਕਾਨਾਂ ਵਾਲਿਆਂ ਕੋਲੋਂ ਲੱਖਾਂ ਰੁਪਏ ਵਸੂਲ ਕਰਨੇ ਹਨ 9 ਅੱਗੇ ਭਾਈ ਬਲਬੀਰ ਸਿੰਘ ਮੁੱਛਲ ਨੇ ਕਿਹਾ ਕਿ ਜੋੜ ਮੇਲਿਆਂ ਵਿਚ ਜਿੱਥੇ ਵੱਡੀਆਂ ਸਟੇਜਾਂ ਸਿਆਸੀ ਕਾਨਫਰੰਸਾਂ ਲਈ ਲੱਗਦੀਆਂ ਹਨ ਇਹ ਸਟੇਜਾਂ ਲੱਗਣੀਆਂ ਬੰਦ ਹੋਣੀਆਂ ਚਾਹੀਦੀਆਂ ਹਨ ਅਤੇ ਵੱਡੀਆਂ ਸਟੇਜਾਂ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਲੱਗਣੀਆਂ ਚਾਹੀਦੀਆਂ ਹਨ ਅਤੇ ਸਿੱਖ ਕੌਮ ਦੇ ਜੋ ਉਚ ਕੋਟੀ ਦੇ ਵਿਦਵਾਨ ਤੇ ਜੋ ਪ੍ਰਚਾਰਕ ਹਨ ਉਨ੍ਹਾਂ ਨੂੰ ਇਨ੍ਹਾਂ ਸਟੇਜਾਂ ਤੇ ਹਾਜ਼ਰੀਆਂ ਭਰਨੀਆਂ ਚਾਹੀਦੀਆਂ ਹਨ ਕਿਉਂਕਿ ਸੰਗਤਾਂ ਉਨ੍ਹਾਂ ਪ੍ਰਚਾਰਕਾਂ ਨੂੰ ਸੁਣਨਾ ਚਾਹੁੰਦੀਆਂ ਹਨ ਪਰ ਬਦਕਿਸਮਤੀ ਹੈ ਕਿ ਚੰਗੇ ਵਧੀਆ ਪ੍ਰਚਾਰਕ ਇਨ੍ਹਾਂ ਦਿਨਾਂ ਵਿੱਚ ਵਿਜੇ ਲਗਵਾ ਕੇ ਵਿਦੇਸ਼ਾਂ ਵਿੱਚ ਚਲੇ ਜਾਂਦੇ ਹਨ ਅੱਗੇ ਉਨ੍ਹਾ ਨੇ ਕਿਹਾ ਕਿ ਪਿਛਲੇ ਸਾਲ ਵਿਦੇਸ਼ ਦੀ ਧਰਤੀ ਤੋਂ ਆਏ ਸਿੱਖ ਨੌਜਵਾਨ ਭਾਈ ਪਰਦੀਪ ਸਿੰਘ ਵੱਲੋਂ ਟਰੈਕਟਰਾਂ ਉਪਰ ਉੱਚੀ ਆਵਾਜ਼ ਵਿੱਚ ਗੀਤ ਚਲਾਉਣ ਵਾਲਿਆਂ ਨੂੰ ਰੋਕਿਆ ਗਿਆ ਪਰ ਸ਼ਰਾਰਤੀ ਅਨਸਰਾਂ ਵੱਲੋਂ ਉਸ ਨੌਜਵਾਨ ਨੂੰ ਸ਼ਹੀਦ ਕਰ ਦਿੱਤਾ ਗਿਆ ਸੀ ਜਿਸ ਘਟਨਾ ਨਾਲ ਸਿੱਖ ਕੌਮ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ 9 ਆਖ਼ਰ ਵਿੱਚ ਸ਼ਹੀਦ ਭਾਈ ਪਰਦੀਪ ਸਿੰਘ ਦੇ ਪਿਤਾ ਭਾਈ ਗੁਰਬਖਸ਼ ਸਿੰਘ ਜੀ ਵੱਲੋਂ ਮੀਡੀਆ ਰਾਹੀਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਹੈ ਕਿ ਮੇਰੇ ਇਕਲੌਤੇ ਪੁੱਤਰ ਵੱਲੋਂ ਸ਼ਰਾਰਤੀ ਅਨਸਰਾਂ ਨੂੰ ਉੱਚੀ ਆਵਾਜ਼ ਵਿੱਚ ਗਾਣੇ ਜੋ ਟਰੈਕਟਰਾਂ ਤੇ ਵੱਡੇ ਵੱਡੇ ਸਪੀਕਰਾਂ ਵਿੱਚ ਚਲਾ ਰਹੇ ਸਨ ਉਨ੍ਹਾਂ ਨੂੰ ਰੋਕਿਆ ਗਿਆ ਪਰ ਉਨ੍ਹਾਂ ਸ਼ਰਾਰਤੀ ਅਨਸਰਾਂ ਵੱਲੋਂ ਮੇਰੇ ਬੇਟੇ ਨੂੰ ਸ਼ਹੀਦ ਕਰ ਦਿੱਤਾ ਗਿਆ ਅਤੇ ਜੋ ਨੌਜਵਾਨ ਟਰੈਕਟਰਾਂ ਰਾਹੀਂ ਗੁਰਧਾਮਾਂ ਦੇ ਦਰਸ਼ਨਾਂ ਨੂੰ ਪਹੁੰਚਦੇ ਹਨ ਉਨ੍ਹਾਂ ਦੇ ਮਾਤਾ ਪਿਤਾ ਭਾਈ ਹਰਦੀਪ ਸਿੰਘ ਦੀ ਸ਼ਹਾਦਤ ਤੋਂ ਸਿੱਖਿਆ ਲੈ ਕੇ ਆਪਣੇ ਬੱਚਿਆਂ ਨੂੰ ਸਿੱਖ ਮੱਤ ਦੇ ਕਿ ਐਸੇ ਜੋੜ ਮੇਲਿਆਂ ਵਿੱਚ ਭੇਜਣ ਤਾਂ ਜੋ ਫਿਰ ਕਿਸੇ ਮਾਂ ਦੇ ਪੁੱਤ ਨੂੰ ਸ਼ਹੀਦ ਨਾ ਹੋਣਾ ਪਵੇ 9 ਇਸ ਮੌਕੇ ਭਾਈ ਸੁਖਦੇਵ ਸਿੰਘ ਹਰੀਆਂ, ਭਾਈ ਸੁਖਦੇਵ ਸਿੰਘ ਬੱਜੂਮਾਨ,ਭਾਈ ਪ੍ਰਨਾਮ ਸਿੰਘ ਜਹਾਂਗੀਰ, ਭਾਈ ਨਿਸ਼ਾਨ ਸਿੰਘ, ਭਾਈ ਹਰਦੇਵ ਸਿੰਘ, ਭਾਈ ਸਰਬਜੀਤ ਸਿੰਘ, ਭਾਈ ਕੇਵਲ ਸਿੰਘ ਅਤੇ ਗੁਰੂ ਕੀਆਂ ਲਾਡਲੀਆਂ ਫੌਜਾਂ ਆਦਿ ਹਾਜ਼ਰ ਸਨ।

**ਸ੍ਰੀ ਆਨੰਦਪੁਰ ਸਾਹਿਬ ਵਿਖੇ ਪਿਛਲੇ ਸਾਲ ਸ਼ਹੀਦ ਹੋਏ ਭਾਈ ਹਰਦੀਪ ਸਿੰਘ ਦੀ ਸ਼ਹਾਦਤ ਤੋਂ ਨੌਜਵਾਨ ਸਿੱਖਿਆ ਲੈ ਕੇ ਗੁਰਧਾਮਾਂ ਦੇ ਦਰਸ਼ਨਾਂ ਨੂੰ ਜਾਣ -ਭਾਈ ਗੁਰਬਖਸ਼ ਸਿੰਘ**

# ਸ,ਢੀਡਸਾਂ ਅਤੇ ਬੀਬੀ ਜੰਗੀਰ ਕੌਰ ਦੇ ਘਰ ਵਾਪਸੀ ਨਾਲ ਅਕਾਲੀ ਦਲ ਹੋਰ ਮਜਬੂਤ ਹੋਵੇਗਾ : ਗੁਰਮੀਤ ਸਿੰਘ ਬਰੜਵਾਲ



**ਧੂਰੀ**, ( **ਰਣਜੀਤ ਸਿੰਘ ਪੇਧਨੀ** )-ਸ੍ਰੋਮਣੀ ਅਕਾਲੀ ਦਲ ਵੱਲੋਂ ਸ਼ੁਰੂ ਕੀਤੀ ਗਈ ਪੰਜਾਬ ਬਚਾਓ ਯਾਤਰਾ ਜਿਸ ਦੀ ਅਗਵਾਈ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਕਰ ਰਹੇ ਹਨ, ਯਾਤਰਾ ਚ ਜੁੜ ਰਹੇ ਭਾਰੀ ਇਕੱਠ ਨਵੀਂ ਤਬਦੀਲੀ ਦਾ ਸੁਨੇਹਾ ਹਨ ਪਿਛਲੇ ਦਿਨੀ ਸਾਬਕਾ ਕੇਂਦਰੀ ਮੰਤਰੀ ਸੁਖਦੇਵ ਸਿੰਘ ਢੀਡਸਾ ਅਤੇ ਬੀਬੀ ਜੰਗੀਰ ਕੌਰ ਸਾਬਕਾ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪਾਰਟੀ ਵਿੱਚ ਵਾਪਸੀ ਦੇ ਨਾਲ ਪਾਰਟੀ ਹੋਰ ਮਜਬੂਤ ਹੋਵੇਗੀ ਅਤੇ ਨੌਜਵਾਨਾਂ ਵਿੱਚ ਲੋਕ ਸਭਾ ਚੋਣਾਂ ਨੂੰ ਦੇਖਦਿਆਂ ਹੋਇਆਂ ਭਾਰੀ ਉਤਸਾਹ ਦੇਖਣ ਨੂੰ ਮਿਲ ਰਿਹਾ ਹੈ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ,ਉੱਘੇ ਸਮਾਜ ਸੇਵਕ ਗੁਰਮੀਤ ਸਿੰਘ ਬਰੜਵਾਲ ਨੇ ਕੀਤਾ।ਉਹਨਾਂ ਕਿਹਾ ਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਲੋਕ ਸਭਾ ਚੋਣਾਂ ਵਿੱਚ ਮੁੜ ਸ਼ਾਨਦਾਰ ਵਾਪਸੀ ਕਰ ਰਿਹਾ ਹੈ। ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਜੋ ਹਵਾ ਬਣੀ ਸੀ ਉਹ ਹੁਣ ਪੂਰੀ ਤਰ੍ਹਾਂ ਖਤਮ ਹੋ ਗਈ ਹੈ ਕਿਉਂਕਿ ਲੋਕਾਂ ਨਾਲ ਵੱਡੇ ਵੱਡੇ ਝੂਠ ਮਾਰ ਕੇ ਚੁਟਕਲੇ, ਟੋਟਕੇ ਸੁਣਾ ਕੇ ਮੁੱਖ ਮੰਤਰੀ ਬਣੇ ਭਗਵੰਤ ਸਿੰਘ ਮਾਨ ਦੀ ਸਰਕਾਰ ਤੋਂ ਪੰਜਾਬ ਦੇ ਲੋਕਾਂ ਦਾ ਮੋਹ ਭੰਗ ਹੋ ਚੁੱਕਿਆ ਹੈ। ਸਤਾ ਤੇ ਕਾਬਜ਼ ਆਮ ਆਦਮੀ ਪਾਰਟੀ ਨੂੰ ਹੁਣ ਲੋਕ ਸਭਾ ਚੋਣਾਂ ਵਿੱਚ ਉਮੀਦਵਾਰ ਨਹੀਂ ਲੱਭ ਹਰੇ ਆਪ ਦੀ ਹਾਰ ਪ੍ਰਤੱਖ ਦਿਖਾਈ ਦੇਣ ਲੱਗ ਪਈ ਹੈ ਕਿਉਂਕਿ ਉਹਨਾ ਨੇ ਪਹਿਲਾਂ ਹੀ ਆਪਣੇ ਪੰਜ ਕੈਬਨਿਟਮੰਤਰੀਆਂ ਨੂੰ ਟਿਕਟਾਂ ਦੇ ਕੇ ਉਮੀਦਵਾਰ ਬਣਾ ਦਿੱਤਾ ਗਿਆ ਇਸ ਗੱਲ ਤੇ ਇਸ ਤੋਂ ਸਾਫ ਨਜ਼ਰ ਆਉਂਦਾ ਹੈ ਕਿ ਆਮ ਆਦਮੀ ਪਾਰਟੀ ਆਮ ਵਰਕਰਾਂ ਨੂੰ ਟਿਕਟ ਦੇਣ ਤੋਂ ਭੱਜਦੀ ਹੈ।

# ਸਿਵਲ ਹਸਪਤਾਲ ਬਟਾਲਾ ਵਿਖੇ ਵਿਸ਼ਵ ਮੌਖਿਕ ਸਿਹਤ ਦਿਵਸ਼ 2024 ਮਨਾਇਆ ਗਿਆ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ**, 20 ਮਾਰਚ (**ਕੁਲਜੀਤ ਸਿੰਘ ਖੋਖਰ**)-ਅੱਜ ਸਿਵਲ ਹਸਪਤਾਲ ਬਟਾਲਾ ਵਿਖੇ ਵਿਸ਼ਵ ਮੌਖਿਕ ਸਿਹਤ ਦਿਵਸ 2024 ਸਿਵਲ ਸਰਜਨ ਡਾਕਟਰ ਹਰਭਜਨ ਰਾਮ ਅਤੇ ਡੀ.ਡੀ.ਐਚ.ਓ. ਡਾਕਟਰ ਲੋਕੇਸ਼ ਗੁਪਤਾ ਦੇ ਦਿਸ਼ਾ ਨਿਰਦੇਸਾਂ ਅਨੁਸਾਰ ਅਤੇ ਐਸ. ਐਮ. ਓ ਡਾਕਟਰ ਰਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਮਨਾਇਆ ਗਿਆ। ਇਸ ਮੌਕੇ ਆਮ ਮਰੀਜ਼ਾ, ਸਿਹਤ ਸਟਾਫ਼ ਅਤੇ ਸਕੂਲੀ ਬਚਿਆ ਨੂੰ theme Healthy mouth is a healthy body ਤਹਿਤ ਦੰਦਾਂ ਦੀਆਂ ਬਿਮਾਰੀਆਂ ਤੋਂ ਬੱਚਣ ਬਾਰੇ ਜਾਣੂ ਕਰਵਾਇਆ ਗਿਆ।

ਡਾਕਟਰ ਪੁਨੀਤ ਕਸ਼ਯਪ ਨੇ ਮਰੀਜ਼ਾ ਨੂੰ ਬਰੱਸ਼ ਕਰਨ ਦੇ ਤਰੀਕੇ ਬਾਰੇ ਦੱਸਿਆ ਅਤੇ ਦੱਸਿਆ ਕੇ ਸ਼ੁਰੂਆਤੀ ਲੱਛਣ ਜਿਵੇਂ ਕਿ ਦੰਦਾਂ ਨੂੰ ਠੰਡਾ ਗਰਮ ਲਗਣਾ, ਮਸੂੜਿਆਂ ਤੋਂ ਖੂਨ ਨਿਕਲਣਾ, ਮੂੰਹ ਚ ਸ਼ਾਲੇ ਹੋਣਾ ਆਦਿ ਨੂੰ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ ਅਤੇ ਡਾਕਟਰ ਦੀ ਸਲਾਹ ਨਾਲ ਦਵਾਈ ਲੈਣੀ ਚਾਹੀਦੀ ਹੈ। ਇਸ ਮੌਕੇ ਐਸ. ਐਮ. ਓ. ਡਾਕਟਰ ਰਵਿੰਦਰ ਸਿੰਘ ਨੇ ਦੱਸਿਆ ਕਿ ਦਿਲ ਅਤੇ ਸ਼ੂਗਰ ਦੇ ਮਰੀਜ਼ਾਂ ਨੂੰ ਇਨਫੈਕਸ਼ਨ ਹੋਣ ਦਾ ਖਤਰਾ ਦੰਦਾ ਦੀ ਬਿਮਾਰੀ ਨਾਲ ਹੋਰ ਵੀ ਵਧ ਜਾਂਦਾ ਹੈ ਅਤੇ ਸਾਨੂੰ ਆਪਣੇ ਦੰਦਾ ਦੀ ਸੰਭਾਲ ਵੀ ਸ਼ਰੀਰ ਦੇ ਬਾਕੀ ਅੰਗਾਂ ਵਾਂਗ ਹੀ ਕਰਨੀ ਚਾਹੀਦੀ ਹੈ। ਇਸ ਮੌਕੇ ਨਰਸਿੰਗ ਅਫ਼ਸਰ ਪਰਮਜੀਤ ਕੌਰ, ਮਲਵਿੰਦਰ ਕੌਰ, ਕੰਵਲਜੀਤ ਕੌਰ, ਬਲਵਿੰਦਰ ਢਿੱਲੋਂ ਅਤੇ ਫਾਰਮੇਸੀ ਅਫ਼ਸਰ ਸਤਨਾਮ ਸਿੰਘ ਆਦਿ ਹਾਜ਼ਰ ਸਨ

# ਗੁਰੂ ਨਾਨਕ ਪਬਲਿਕ ਸਕੂਲ ਮਹਿਤਾ ਦੇ ਸਟਾਫ ਅਤੇ ਵਿਦਿਆਰਥੀਆਂ ਨੂੰ ਕੀਤਾ ਗਿਆ ਸਨਮਾਨਿਤ



**ਚੌਕ ਮਹਿਤਾ**, 20 ਮਾਰਚ ( **ਬਾਬਾ ਸੁਖਵੰਤ ਸਿੰਘ ਚੰਨਣਕੇ**) - ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵਲੋਂ ਲਈ ਗਈ ਧਾਰਮਿਕ ਪ੍ਰੀਖਿਆ ਨਵੰਬਰ 2023 ਜਿਸ ਵਿੱਚ ਗੁਰੂ ਨਾਨਕ ਪਬਲਿਕ ਹਾਈ ਸਕੂਲ, ਮਹਿਤਾ ਦੇ ਵਿਦਿਆਰਥੀਆਂ ਨੇ ਭਾਗ ਲੈ ਕੇ ਵਧੀਆ ਪ੍ਰਦਰਸ਼ਨ ਕੀਤਾ ਸੀ। ਵਧੀਆ ਕਾਰਗੁਜ਼ਾਰੀ ਕਰ ਕੇ ਧਾਰਮਿਕ ਪ੍ਰੀਖਿਆ ਤਹਿਸੀਲ ਬਾਬਾ ਬਕਾਲਾ ਦੇ ਇੰਚਾਰਜ ਸ. ਇੰਦਰਜੀਤ ਸਿੰਘ ਅਤੇ ਜਥੇਦਾਰ ਰਘਬੀਰ ਸਿੰਘ ਨੇ ਸਕੂਲ ਵਿਚ ਆ ਕੇ ਪ੍ਰਿੰਸੀਪਲ ਸ਼ਾਮ ਲਾਲ ,ਮੈਡਮ ਵੀਨਾ ਕੁਮਾਰੀ,ਸ੍ਰ ਅਵਤਾਰ ਸਿੰਘ, ਮੈਡਮ ਹਰਪ੍ਰੀਤ ਕੌਰ ਅਤੇ ਮੈਡਮ ਗੁਰਵੀਨ ਕੌਰ ਅਤੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਦਿਆਂ, ਜਿਹੜੇ ਵਿਦਿਆਰਥੀਆਂ ਨੇ ਮੈਰਿਟ ਪ੍ਰਾਪਤ ਕੀਤੀ ਸੀ ਉਨ੍ਹਾਂ ਨੂੰ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਨ ਲਈ ਪ੍ਰੇਰਿਤ ਕੀਤਾ।ਸਕੂਲ ਮੈਨੇਜਮੈਂਟ ਵੱਲੋ ਸਭ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਮੁਬਾਰਕਬਾਦ ਦਿਤੀ।

ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬੁਰਜ ਮੱਖਣ ਸਿੰਘ ਵਾਲਾ ਵਿਖੇ

# ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਮਹਿਤਾ ਪ੍ਰਧਾਨ ਸੰਤ ਸਮਾਜ ਵਿਸ਼ੇਸ਼ ਤੌਰ 'ਤੇ ਪਹੁੰਚੇ









ਫ਼ਿਰੋਜ਼ਪੁਰ, 20 ਮਾਰਚ (ਮਨੋਹਰ ਲਾਲ) :— ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬੁਰਜ ਮੱਖਣ ਸਿੰਘ ਵਾਲਾ ਜ਼ੋ ਕਿ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੀ ਸਰਪ੍ਰਸਤੀ ਹੇਠ ਚੱਲ ਰਿਹਾ ਹੈ, ਇਸ ਵਿਦਿਅਕ ਅਦਾਰੇ ਨੇ ਜਿਥੇ ਦੁਨਿਆਵੀਂ ਵਿਦਿਆ ਵਿਚ ਵਿਦਿਆਰਥੀਆਂ ਨੂੰ ਨਿਪੁੰਨ ਕੀਤਾ, ਉਥੇ ਧਾਰਮਿਕ ਅਤੇ ਚੰਗੀ ਸਖਸ਼ੀਅਤ ਦੇ ਧਾਰਨੀ ਬਣਾ ਕੇ ਵਿਦਿਆਰਥੀਆਂ ਨੇ ਮੈਰਿਟ ਵਿਚ ਅਸਥਾਨ ਹਾਸਲ ਕੀਤੇ, ਉਥੇ ਖੇਡਾਂ ਵਿਚ ਚੰਗੇ ਸਥਾਨ ਪ੍ਰਾਪਤ ਕਰਕੇ ਉਚ ਮੁਕਾਮ ਹਾਸਲ ਕੀਤੇ ਹਨ, ਬਾਰੇ ਸਕੂਲ ਦੀ ਪ੍ਰਿੰਸੀਪਲ ਮੈਡਮ ਜ਼ਸਪ੍ਰੀਤ ਕੌਰ ਅਤੇ ਵੀਰ ਪਾਲ ਸਿੰਘ ਨੇ ਸਕੂਲ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਤੇ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਨੇ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਅਤੇ ਵੀਰ ਪਾਲ ਸਿੰਘ ਨੂੰ ਸਕੂਲ ਦਾ ਚੰਗਾ ਰਿਜਲਟ ਆਉਣ ਤੇ ਵਧਾਈ ਦਿੱਤੀ। ਇਸ ਮੌਕੇ ਤੇ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਨੇ ਬੋਲਦਿਆਂ ਕਿਹਾ ਕਿ ਇਸ ਸਕੂਲ ਵਿਚ ਦਾਖਲ ਨਾ ਮਾਤਰਾ ਫੀਸਾਂ ਵਿਚ ਉਚ ਕੋਟੀ ਦਾ ਵਿਦਿਆ ਦਿੱਤੀ ਜਾ ਰਹੀ ਹੈ, ਉਸ ਦੇ ਨਾਲ—ਨਾਲ ਮੈਰਿਟ ਵਿਚ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਖੇਡਾਂ ਵਿਚ ਉਚ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਲਈ ਖਾਸ ਸਹੂਲਤਾਂ ਦਾ ਪ੍ਰਬੰਧ ਕੀਤਾ ਗਿਆ ਹੈ, ਇਸ ਦੇ ਨਾਲ ਹੀ ਨਰਸਰੀ ਜਮਾਤ ਦੇ ਵਿਦਿਆਰਥੀਆਂ ਨੂੰ ਕਿਤਾਬਾਂ ਮੁਫਤ ਦੇਣ ਦੀ ਸਹੂਲਤ ਦਿੱਤੀ ਗਈ ਹੈ। ਬਾਬਾ ਜੀ ਨੇ ਅੱਗੇ ਕਿਹਾ ਕਿ ਗੁਰਸਿੱਖ ਪਰਿਵਾਰਾਂ ਅਤੇ ਸ਼ਹੀਦ ਸਿੰਘਾਂ ਦੇ ਪਰਿਵਾਰਾਂ ਨੂੰ ਖਾਸ ਸਹੂਲਤ ਦਿੱਤੀਆਂ ਜਾ ਰਹੀਆਂ ਹਨ। ਬਾਬਾ ਜੀ ਨੇ ਬੱਚਿਆਂ ਦੇ ਮਾਪਿਆਂ ਨੂੰ ਕਿਹਾ ਕਿ ਤੁਸੀਂ ਸਾਡੇ ਸਕੂਲ ਵਿਚ ਵੱਧ ਤੋਂ ਵੱਧ ਦਾਖਲ ਕਰਵਾਉ ਫਿਰ ਮੇਰਾ ਕੰਮ ਹੈ ਮੈਂ ਬੱਚਿਆਂ ਨੂੰ ਪੜ੍ਹਾਈ ਕਰਵਾ ਕੇ ਉਚ ਅਹੁਦਿਆਂ ਤੇ ਜਾਣਾ ਚਾਹੇ ਜਾਂ ਫਿਰ ਬਾਹਰ ਜਾਣਾ ਹੋਵੇ ਮੈਂ ਆਪ ਭੇਜੂਗਾ, ਐਵੇ ਏਜੰਟਾਂ ਪਿਛੇ ਲੱਗ ਕੇ ਨਾ ਉਜੜੋ, ਤੁਹਾਡੇ ਬੱਚਿਆਂ ਨੂੰ ਜੰਗਲਾਂ ਵਿਚੋਂ ਦਰਿਆਵਾਂ ਵਿਚੋਂ ਪਾਰ ਕਰਵਾ ਕੇ ਦੋ ਨੰਬਰ ਵਿਚ ਏਜੰਟ ਬਾਹਰ ਭੇਜਦੇ ਹਨ। ਬਾਬਾ ਜੀ ਨੇ ਅੱਗੇ ਕਿਹਾ ਕਿ ਅਸੀਂ ਜਲਦੀ ਹੀ ਉਚ ਸਿੱਖਿਆ ਦੇਣ ਲਈ ਨਵੀਂ ਤਕਨੀਕ ਦੀ ਐਜੂਕੇਸ਼ਨ ਦਿੱਤੀ ਜਾਵੇਗੀ, ਜਿਸ ਦਾ ਪ੍ਰਬੰਧ ਅਸੀਂ ਜਲਦੀ ਹੀ ਕਰ ਰਹੇ ਹਾਂ, ਹੁਣ ਤੁਹਾਡੇ ਬੱਚਿਆਂ ਨੂੰ ਉੱਚ ਸਿੱਖਿਆ ਹਾਸਲ ਕਰਨ ਲਈ ਬਾਹਰ ਨਹੀਂ ਭੇਜਣਾ ਪਵੇਗਾ। ਤੁਹਾਨੂੰ ਇਥੇ ਹੀ ਉਚ ਸਿੱਖਿਆ ਮਿਲੇਗੀ, ਆਖਿਰ ਵਿਚ ਬਾਬਾ ਜੀ ਨੇ ਇਲਾਕੇ ਭਰ ਦੀਆਂ ਸੰਗਤਾਂ ਅੱਗ ਬੇਨਤੀ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਦਮਦਮ ਟਕਸਾਲ ਦੇ ਸਕੂਲ ਵਿਚ ਦਾਖਲ ਕਰਵਾਉਣ ਜਿਸ ਨਾਲ ਤੁਹਾਡੇ ਬੱਚੇ ਨਸ਼ਿਆਂ ਤੋਂ ਦੂਰ ਹੋਣਗੇ ਅਤੇ ਧਾਰਮਿਕ ਵਿਦਿਆ ਵਿਚ ਨਿਪੁੰਨ ਹੋਣਗੇ।

# ਖਾਲਸਾ ਕਾਲਜ ਮਹਿਤਾ ਬੀ.ਏ ਸਮੈਸਟਰ ਤੀਜਾ ਦਾ ਸ਼ਾਨਦਾਰ ਨਤੀਜਾ

**ਚੌਕ ਮਹਿਤਾ, 20 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਕ ਦੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਬੀ.ਏ ਤੀਸਰਾ ਸਮੈਸਟਰ ਦੇ ਨਤੀਜੇ 100% ਰਹੇ। ਜਿਸ ਵਿੱਚ ਹਰਮਨਜੋਤ ਕੌਰ ਨੇ 78 ਫੀਸਦੀ, ਕੋਮਲਪ੍ਰੀਤ ਕੌਰ ਨੇ 74 ਫੀਸਦੀ, ਕੰਵਲਜੀਤ ਕੌਰ ਨੇ 72 ਫੀਸਦੀ ਅੰਕ ਪ੍ਰਾਪਤ ਕਰਕੇ ਕਰਮਵਾਰ ਪਹਿਲਾ ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ ਇਸ ਤੋਂ ਇਲਾਵਾ ਪਵਨਦੀਪ ਕੌਰ,ਅਨਮੋਲਪ੍ਰੀਤ ਕੌਰ ,ਕਮਲਨੂਰ ਸਿੰਘ ਅਤੇ ਜਰਨੈਲ ਸਿੰਘ ਨੇ ਇਹਨਾਂ ਪ੍ਰੀਖਿਆਵਾਂ ਵਿੱਚ ਵਧੀਆ ਅੰਕ ਹਾਸਲ ਕੀਤੇ। ਇਸ ਮੌਕੇ ਖੁਸ਼ੀ ਜਾਹਿਰ ਕਰਦੇ ਹੋਏ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਉਹਨਾਂ ਦੇ ਉਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਕਿਹਾ ਕਿ ਸੰਸਥਾ ਹਮੇਸ਼ਾ ਇਸੇ ਯਤਨ ਵਿੱਚ ਰਹਿੰਦੀ ਹੈ ਕਿ ਵਿਦਿਆਰਥੀਆਂ ਨੂੰ ਅਜਿਹੀ ਵਿਦਿਅਕ ਸਿਖਲਾਈ ਦਿੱਤੀ ਜਾਵੇ ਜਿਸ ਨਾਲ ਉਹ ਵਰਤਮਾਨ ਸਮੇਂ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਕਾਬਲ ਬਣ ਸਕਣ ਅਤੇ ਆਧੁਨਿਕ ਮੁਕਾਬਲੇ ਵਾਲੇ ਯੁਗ ਵਿੱਚ ਆਪਣੀ ਨਵੇਕਲੀ ਪਹਿਚਾਣ ਬਣਾ ਸਕਣ ਅਤੇ ਨਾਲ ਹੀ ਉਹਨਾਂ ਨੇ ਆਪਣੇ ਕਾਲਜ ਦੇ ਮਿਹਨਤੀ ਅਤੇ ਕਾਬਲ ਅਧਿਆਪਕਾਂ ਦਾ ਧੰਨਵਾਦ ਕੀਤਾ। ਇਸ ਸੁਨਹਿਰੀ ਮੌਕੇ ਤੇ ਗਿਆਨੀ ਭਾਈ ਸਾਹਿਬ ਸਿੰਘ ਜੀ ,ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ,ਸਕੂਲ ਪ੍ਰਿੰਸੀਪਲ ਮੈਡਮ ਸੁਖਮੀਤ ਕੌਰ ,ਖਾਲਸਾ ਪ੍ਰੀਮੀਅਮ ਸਕੂਲ ਇੰਚਾਰਜ ਪਰਵੀਨ ਕੌਰ, ਕਾਲਜ ਸੁਪਰਡੈਂਟ ਕੁਲਦੀਪ ਕੌਰ ,ਖਾਲਸਾ ਪ੍ਰੀਮੀਅਮ ਸਕੂਲ ਦੇ ਕੋਆਰਡੀਨੇਟਰ ਮੈਡਮ ਪੁਨੀਤ ਕੌਰ, ਨਰਸਿੰਗ ਕਾਲਜ ਪ੍ਰਿੰਸੀਪਲ ਹਰਜੀਤ ਕੌਰ , ਮਨਜੀਤ ਕੌਰ ,ਗੁਰਵਿੰਦਰ ਕੌਰ, ਰੁਪਿੰਦਰ ਕੌਰ, ਸੁਪ੍ਰੀਤ ਕੌਰ,ਨਵਨੀਤ ਕੌਰ, ਕਿਰਨਬੀਰ ਕੌਰ,ਗੁਰਪਿੰਦਰ ਸਿੰਘ ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।



# ਜ਼ਿਹਰੀਲੀ ਸ਼ਰਾਬ ਪੀਣ ਨਾਲ ਚਾਰ ਲੋਕਾਂ ਦੀ ਮੌਤ



**ਦਿੜ੍ਹਬਾ ਮੰਡੀ ਨਕੋਦਰ ਮਹਿਤਪੁਰ 20 ਮਾਰਚ (ਹਰਜਿੰਦਰ ਪਾਲ ਛਾਬੜਾ)** -ਵਿਧਾਨ ਸਭਾ ਹਲਕਾ ਦਿੜ੍ਹਬਾ ਦੇ ਪਿੰਡ ਗੁੱਜਰਾਂ ਵਿਖੇ ਜ਼ਿਹਰੀਲੀ ਸ਼ਰਾਬ ਪੀਣ ਨਾਲ ਚਾਰ ਵਿਅਕਤੀਆਂ ਦੀ ਮੌਤ ਹੋ ਗਈ ਜਿਸ ਤੋਂ ਬਾਅਦ ਲੋਕਾਂ 'ਚ ਤਰਥੱਲੀ ਮਚ ਗਈ। ਵੇਰਵਿਆ ਅਨੁਸਾਰ ਭੋਲਾ ਸਿੰਘ (50), ਨਿਰਮਲ ਸਿੰਘ (42), ਪ੍ਰਗਟ ਸਿੰਘ (42) ਅਤੇ ਜਗਜੀਤ ਸਿੰਘ (30) ਦੀ ਮੌਤ ਹੋ ਗਈ ਹੈ। ਚਾਰ ਮੌਤਾਂ ਹੋਣ ਨਾਲ ਪਿੰਡ 'ਚ ਸੋਗ ਦੀ ਲਹਿਰ ਹੈ। ਪੁਲਿਸ ਥਾਣਾ ਦਿੜ੍ਹਬਾ ਦੀ ਪੁਲਿਸ ਨੇ ਪਹੁੰਚ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਮ੍ਰਿਤਕ ਦਲਿਤ ਪਰਿਵਾਰਾਂ ਨਾਲ ਸਬੰਧਤ ਹਨ। ਪੁਲਿਸ ਨੇ ਲਾਸ਼ਾਂ ਨੂੰ ਪੋਸਟਮਾਰਟਮ ਲਈ ਹਸਪਤਾਲ ਭੇਜ ਦਿੱਤਾ ਹੈ। ਇਸ ਤੋਂ ਪਹਿਲਾਂ ਤਰਨਤਾਰਨ 'ਚ ਵੀ ਜ਼ਿਹਰਲੀ ਸ਼ਰਾਬ ਨਾਲ ਵੱਡੀ ਗਿਣਤੀ 'ਚ ਮੌਤਾਂ ਹੋਈਆਂ ਸਨ।

# ਬੱਚਿਆਂ ਨੂੰ ਵਿਸ਼ਵ ਪਾਣੀ ਦਿਵਸ ਸਬੰਧੀ ਜਾਗਰੂਕ ਕਰਦੇ ਹੋਲੀ ਮੌਕੇ ਪਾਣੀ ਦੀ ਦੁਰਵਰਤੋਂ ਨਾ ਕਰਣ ਦਾ ਦਿਵਾਇਆ ਪ੍ਰਣ—ਪੀ.ਸੀ ਕੁਮਾਰ



ਫ਼ਿਰੋਜ਼ਪੁਰ, 20 ਮਾਰਚ (ਮਨੋਹਰ ਲਾਲ) :— ਅੱਜ ਸੁਭਾ ਦੀ ਪ੍ਰਾਰਥਣਾ ਸਭਾ ਵਿਚ ਸ੍ਰੀ ਪੀ.ਸੀ ਕੁਮਾਰ ਜ਼ਿਲ੍ਹਾ ਫ਼ਿਰੋਜ਼ਪੁਰ ਐਨ.ਜੀ.ਓਜ ਤੇ ਸਦਾਵਰਤ ਪੰਚਾਇਤੀ ਸਭਾ ਦੇ ਮੁੱਖ ਕਾਰਜਕਰਤਾ ਸੇਵਾ ਮੁਕਤ ਮਾਸ ਮੀਡੀਆ ਅਫਸਰ ਸਿਹਤ ਵਿਭਾਗ ਸੀਨੀਅਰ ਸਿਟੀਜਨ, ਸਮਾਜ ਸੁਧਾਰਕ ਵੱਲੋਂ ਰੋਜ਼ਾਨਾ ਦੀ ਤਰ੍ਹਾਂ ਜਿਥੇ ਸੁਭਾ ਦੀ ਸਭਾ ਵਿਚ ਨੈਤਿਕਤਾ, ਮਾਤਾ—ਪਿਤਾ, ਗੁਰੂ ਭਗਤੀ ਦੇ ਨਾਲ ਦੇਸ਼ ਭਗਤੀ ਦਾ ਪਾਠ ਪੜ੍ਹਾਇਆ ਜਾ ਰਿਹਾ ਹੈ, ਉਥੇ ਵਾਤਾਵਰਣ ਦੀ ਸੰਭਾਲ, ਪ੍ਰਦੂਸ਼ਨ ਮੁਫਤ ਦੁਸਹਿਰਾ, ਦੀਵਾਲੀ ਤੇ ਸ਼ਾਦੀਆਂ ਧਾਰਮਿਕ ਤਿਉਹਾਰਾਂ ਨੂੰ ਸ਼ਰਧਾ ਭਾਵਨਾ ਨਾਲ ਪ੍ਰਦੂਸ਼ਨ ਤੋਂ ਮੁਕਤ ਇਸੇ ਤਰ੍ਹਾਂ ਜੱਲ ਮਿਲਿਆ ਪ੍ਰਮੇਸ਼ਰ ਮਿਲਿਆ, ਇਕ ਬੂੰਦ ਪਾਣੀ ਕਈ ਵੇਰ੍ਹਾ ਜਾਨ ਬਚਾ ਦਿੰਦਾ ਹੈ, ਤੜ੍ਹਫਦੇ ਨੂੰ ਤਿਨਕੇ ਦਾ ਸਹਾਰਾ, ਉਸੇ ਤਰ੍ਹਾਂ ਪਾਣੀ ਵਿਚ ਵੀਜਾਨ ਹੈ, ਦੂਜੀ ਖੁਰਾਕ ਨੂੰ ਪਹੁੰਚਾਉਣ, ਪੇਟ ਦੀਆਂ ਅਨੇਕਾਂ ਬਿਮਾਰੀਆਂ ਜ਼ੋ ਪਾਣੀ ਦੀ ਕਮੀ ਸਾਡੀ ਲਿਵਰ, ਕਿਡਨੀ, ਫੇਫੜੇ ਤੇ ਹੋਰ ਅਨੇਕਾਂ ਬਿਮਾਰੀਆਂ ਤੋਂ ਬਚਾਉਣ ਵਿਚ 65 ਪ੍ਰਤੀਸ਼ਤ ਸਾਡੇ ਸਰੀਰ ਵਿਚ ਪਾਣੀ ਦਾ ਰੋਲ ਜ਼ੋ ਅੱਜ ਦਿਨੋਂ—ਦਿਨ ਦੁਰਵਰਤੋਂ ਕਾਰਣ ਅਜਿਹੀਆਂ ਜਿਨਸਾਂ ਜ਼ੋ ਜਿਆਦਾ ਧਰਤੀ ਵਿਚੋਂ ਪਾਣੀ ਖਿਚ ਰਹੀਆਂ ਹਨ, ਬੀਜਣ ਸਦਕਾ ਪਾਣੀ ਦਿਨੋ—ਦਿਨ ਫੁਟਾ ਦੀ ਬਜਾਏ ਗਜਾ ਵਿਚ ਥਲੇ ਜਾ ਚੁੱਕਿਆ ਹੈ, ਨਾਲ ਹੀ ਅਜਿਹੇ ਇਲਾਕੇ ਜਿਥੇ ਪਾਣੀ ਖਾਰਾ, ਪੀਣਯੋਗ ਨਹੀਂ, ਇਕ ਤੁਪਕਾ ਪਾਣੀ ਧਰਤੀ ਵਿਚੋਂ ਨਹੀਂ, ਉਥੇ ਮੀਹਾਂ ਦਾ ਪਾਣੀ ਵੀ ਇਕੱਠਾ ਕਰ ਸਾਰਾ ਸਾਲ ਸਾਫ ਕਰਕੇ ਪੀਣਯੋਗ ਬਣਾ ਲੀਟਰ ਦੇ ਹਿਸਾਬ ਨਾਲ ਉਪਲਬਧ ਕਰਵਾ ਲੋਕਾਂ ਨੂੰ ਸਰਕਾਰਾਂ ਦਿੰਦੀਆਂ, ਨਾਲ ਹੀ ਅੱਜ ਸਮੁੰਦਰ ਦਾ ਭੈਲਣਾ ਜਿਆਦਾ ਤੋਂ ਜਿਆਦਾ ਖਾਰਾ ਪਾਣੀ ਵਧਦਾ ਅਸੀਂ ਫਿਰ ਵੀ ਖੁਸ਼ ਕਿਸਮਤ ਹਾਂ, ਜਿਥੇ ਸਾਨੂੰ ਪੀਣ ਦੇ ਨਾਲ, ਦੂਜਾ ਪਾਣੀ ਵਰਤਣ ਲਈ ਸਾਫ—ਸੁਥਰਾ ਮਿਲ ਰਿਹਾ ਹੈ, ਕਈ ਦੇਸ਼ਾਂ ਵਿਚ ਬਾਥਰੂਮ, ਪਖਾਨਿਆਂ ਵਿਚ ਪਾਣੀ ਲੋੜ ਮੁਤਾਬਿਕ ਨਹੀਂ ਮਿਲਦਾ, ਅੱਜ ਅਸੀਂ ਨਹੀਂ ਸਮਝੇ ਪਾਣੀ ਵੀ ਅੱਜ ਹੀ ਬੋਦਲਾਂ ਵਿਚ ਫਿਰ ਪਟਰੋਲ ਵਾਂਗ ਲੀਟਰ ਵਿਚ ਮਿਲਣ ਨਾਲ ਖਾਣ—ਪੀਣ ਦੀਆਂ ਚੀਜਾਂ ਨਾਲੋਂ ਜਿਆਦਾ ਖਰਚ ਨੂੰ ਹੋ ਜਾਵੇ ਅਤੇ ਪ੍ਰਣ ਲਈਏ ਕਿ ਪਾਣੀ ਦੀ ਬਚਤ ਕਰਾਂਗੇ।

# ਆਪ ਉਮੀਦਵਾਰ ਮੀਤ ਹੇਅਰ ਲੋਕ ਸਭਾ ਹਲਕਾ ਸੰਗਰੂਰ ਤੋਂ ਵੱਡੇ ਮਾਰਜਨ ਨਾਲ ਜਿੱਤਣਗੇ : ਅਮਰਦੀਪ ਸਿੰਘ ਧਾਂਦਰਾ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਅਤੇ ਦਿੱਲੀ ਦੇ ਮੁੱਖ ਮੰਤਰੀ ਸ਼੍ਰੀ ਅਰਵਿੰਦ ਕੇਜਰੀਵਾਲ ਵੱਲੋਂ ਪੰਜਾਬ ਦੇ ਲੋਕ ਸਭਾ ਉਮੀਦਵਾਰਾਂ ਦਾ ਐਲਾਨ ਕੀਤਾ ਗਿਆ ਹੈ ਜਿਸ ਵਿੱਚ ਕੈਬਨਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੂੰ ਸੰਗਰੂਰ ਲੋਕ ਸਭਾ ਹਲਕੇ ਤੋਂ ਉਮੀਦਵਾਰ ਬਣਾਇਆ ਗਿਆ ਹੈ ਜਿਸ ਦੇ ਨਾਲ ਨੌਜਵਾਨਾਂ ਦੇ ਵਿੱਚ ਭਾਰੀ ਉਤਸਾਹ ਦੇਖਣ ਨੂੰ ਮਿਲ ਰਿਹਾ ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਮਰਦੀਪ ਸਿੰਘ ਧਾਂਦਰਾ ਨੇ ਕੀਤਾ। ਉਨ੍ਹਾਂ ਕਿਹਾ ਕਿ ਕੈਬਨਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਲੋਕ ਸਭਾ ਚੋਣਾਂ ਵਿੱਚ ਵੱਡੇ ਮਾਰਜਨ ਨਾਲ ਜਿੱਤ ਕੇ ਪੰਜਾਬ ਪੰਜਾਬੀਅਤ ਅਤੇ ਨੌਜਵਾਨਾਂ ਦੀ ਆਵਾਜ਼ ਬਣਨਗੇ ਉਹਨਾਂ ਕਿਹਾ ਕਿ ਆਪ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਮੁੱਖ ਮੰਤਰੀ ਦਿੱਲੀ ਅਤੇ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਮੀਤ ਹੇਅਰ ਨੂੰ ਉਮੀਦਵਾਰ ਬਣਾਉਣ ਦਾ ਫੈਸਲਾ ਬਹੁਤ ਹੀ ਸਲਾਘਾਯੋਗ ਫੈਸਲਾ ਹੈ। ਗੁਰਮੀਤ ਸਿੰਘ ਮੀਤ ਹੇਅਰ ਨੂੰ ਸੰਗਰੂਰ ਲੋਕ ਸਭਾ ਹਲਕੇ ਤੋਂ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਨਗੇ। ਇਸ ਮੌਕੇ ਉਹਨਾਂ ਦੇ ਆਪ ਆਗੂ ਗੁਗਨੀ ਧੰਦੀਵਾਲ, ਆਪ ਆਗੂ ਸੇਵਕ ਲੱਡਾ, ਆਪ ਆਗੂ ਰਾਜੂ ਲੱਡਾ, ਆਪ ਆਗੂ ਮਨਦੀਪ ਸਿੰਘ ਰੰਗੀਆਂ, ਆਪ ਆਗੂ ਬੂਟਾ ਸੁਲਤਾਨਪੁਰ, ਆਪ ਆਗੂ ਰਣਜੀਤ ਸਿੰਘ ਧੰਦੀਵਾਲ ਅਤੇ ਆਪ ਆਗੂ ਸਮਸੇਰ ਸਿੰਘ ਸੋਹੀ ਹਾਜ਼ਰ ਸਨ।

ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਦੇ ਸਤਿਕਾਰਯੋਗ

# ਸੰਤ ਬਾਬਾ ਭਗਤ ਮਿਲਖਾ ਸਿੰਘ ਜੀ ਦਾ ਸੰਗਤਾਂ ਵੱਲੋਂ ਮਨਾਇਆ ਜਨਮ ਦਿਨ






ਫ਼ਿਰੋਜ਼ਪੁਰ, 20 ਮਾਰਚ (ਮਨੋਹਰ ਲਾਲ) :— ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨ ਪੁਰਾ ਆਸਲ ਦੇ ਸਤਿਕਾਰਯੋਗ ਮਹਾਂਪੁਰਸ਼ ਸੰਤ ਬਾਬਾ ਭਗਤ ਮਿਲਖਾ ਸਿੰਘ ਜੀ ਦਾ ਸੰਗਤਾਂ ਵੱਲੋਂ ਵਸਤੀ ਅਰਮਾਨਪੁਰਾ (ਆਸਲ) ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਅਤੇ ਕਵੀਸ਼ਰੀ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਭਾਈ ਨਿਰਭੈ ਸਿੰਘ ਜੀ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਗਿਆਨੀ ਭਗਵੰਤ ਸਿੰਘ ਜੀ ਜਥਾ ਸੁਰ ਵਿੰਡ ਤਹਿ. ਪੱਟੀ ਵਾਲੇ, ਗਿਆਨੀ ਬੋਹੜ ਸਿੰਘ ਢਾਡੀ ਜਥਾ ਬਾਰੇਕੇ ਤੋਂ ਇਲਾਵਾ ਭਾਈ ਕੁਲਦੀਪ ਸਿੰਘ ਕਥਾਵਾਚਕ ਲੱਖੋਕੇ ਬਹਿਰਾਮ, ਬੀਬੀ ਦਲਜੀਤ ਕੌਰ ਜੀ ਕਥਾ ਵਾਚਕ ਅਰਮਾਨਪੁਰਾ, ਭਾਈ ਅੰਮ੍ਰਿਤਪ੍ਰੀਤ ਸਿੰਘ ਜੀ ਰਾਗੀ ਜਥਾ ਫ਼ਿਰੋਜ਼ਪੁਰ ਅਤੇ ਭਾਈ ਬੂਟਾ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਜਾਮਨੀ ਸਾਹਿਬ ਬਜੀਦਪੁਰ ਸਾਹਿਬ ਵਾਲੇ ਪਹੁੰਚ ਕੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਇਸ ਮੌਕੇ ਤੇ ਸੰਤਾਂ ਮਹਾਂਪੁਰਸ਼ਾਂ ਨੇ ਵੀ ਹਾਜ਼ਰੀ ਲੁਆਈ, ਜਿਸ ਵਿਚ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ, ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਬਾਬਾ ਦਰਸ਼ਨ ਸਿੰਘ ਢਾਬਸਰ ਬੋਰੀ ਵਾਲੇ, ਭਾਈ ਸੁਖਦੇਵ ਸਿੰਘ ਦਮਦਮੀ ਟਕਸਾਲ ਵੀ ਪਹੁੰਚੇ। ਇਸ ਮੌਕੇ ਤੇ ਅਨਿਲ ਬਾਗੀ ਹਸਪਤਾਲ ਵੱਲੋਂ ਗੋਡੇ ਚੂਲੇ ਅਤੇ ਜ਼ੋੜ ਬਦਲਣ ਦੇ ਮਾਹਿਰ, ਦੂਰਬੀਰ ਰਾਹੀਂ ਕੰਨ, ਨੱਕ ਅਤੇ ਗਲੇ ਦੇ ਰੋਗਾਂ ਦੇ ਮਾਹਿਰ ਅਤੇ ਟਾਈਫਈਡ ਸ਼ੂਗਰ, ਹਾਈ ਭਰਟੈਸ਼ਨ ਅਤੇ ਥਾਇਰਾਈਡ ਦੇ ਮਾਹਿਰ ਡਾਕਟਰਾਂ ਦਾ ਮੁਫਤ ਮੈਡੀਕਲ ਚੈਕਅਪ ਕੈਂਪ ਲਾਇਆ ਗਿਆ, ਜਿਸ ਵਿਚ ਡਾਕਟਰ ਅਨਿਥਾ ਤੇਜਾ ਨਰਾਇਣ, ਡਾਕਟਰ ਤਜਿੰਦਰ ਭੱਲਾ, ਡਾ: ਹਰਸ਼ ਭੋਲਾ, ਡਾਕਟਰ ਅਮਿਤਾਸ ਸ਼ੰਕਰ ਨੇ ਮਰੀਜਾਂ ਨੂੰ ਚੈਕਅਪ ਕਰਕੇ ਦਵਾਈਆਂ ਦਿੱਤੀਆਂ। ਇਸ ਮੌਕੇ ਤੇ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਸ਼ਾਹਦੀਨ ਵਾਲਾ ਦੇ ਜਿਹੜੇ ਬੱਚੇ ਨਵੇਂ ਦਾਖਲ ਕਰਵਾਏ ਹਨ ਜਾਂ ਅਡੀਸ਼ਨ ਲਈ ਹੈ, ਉਨ੍ਹਾਂ ਨੂੰ ਅੱਜ ਦੇ ਦਿਨ ਬਾਬਾ ਜੀ ਦੇ ਜਨਮ ਦਿਨ ਤੇ ਕਿਤਾਬਾਂ ਫਤ ਦਿੱਤੀਆਂ ਗਈਆਂ। ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਜੀ ਨੇ ਸਮੂਹ ਆਈ ਹੋਈ ਸੰਗਤਾਂ ਦਾ ਧੰਨਵਾਦ ਕੀਤਾ, ਖਾਸ ਕਰਕੇ ਸੰਤ ਮਹਾਂਪੁਰਸ਼ਾਂ ਨੂੰ ਸਨਮਾਨਿਤ ਕੀਤਾ ਅਤੇ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਜੀ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਹੋਲੇ ਮੁਹੱਲੇ ਤੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਲੰਗਰ 22 ਮਾਰਚ ਤੋਂ ਲੈ ਕੇ 26 ਮਾਰਚ ਤੱਕ ਲਗਾਇਆ ਜਾਵੇਗਾ। ਸੰਗਤਾਂ ਨੂੰ ਅਪੀਲ ਹੈ ਕਿ ਉਹ ਭਾਰੀ ਗਿਣਤੀ ਵਿਚ ਸਾਡੇ ਨਾਲ ਲੰਗਰਾਂ ਦੀ ਸੇਵਾ ਲਈ ਪਹੁੰਚਣ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਦਾਖਲਾ ਮੁਹਿੰਮ ਤਹਿਤ ਸਕੂਲ ਕੈਲੰਡਰ 2024 ਕੀਤਾ ਰਿਲੀਜ਼

**ਬਠਿੰਡਾ, 20 ਮਾਰਚ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਦਾਖਲਾ ਵਧਾਉਣ ਸਬੰਧੀ ਸਮੇਂ-ਸਮੇਂ 'ਤੇ ਕਈ ਤਰ੍ਹਾਂ ਦੇ ਪ੍ਰੋਗਰਾਮ ਅਤੇ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ। ਇਸੇ ਹੀ ਲੜੀ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਗਹਿਰੀ ਦੇਵੀ ਨਗਰ, ਜ਼ਿਲਾ ਬਠਿੰਡਾ ਦੇ ਪ੍ਰਿੰਸੀਪਲ ਮੈਡਮ ਲਵਲੀਨ ਕੌਰ ਦੀ ਅਗਵਾਈ ਵਿੱਚ ਸਕੂਲ ਦਾ ਕੈਲੰਡਰ 2024 ਰਿਲੀਜ ਕੀਤਾ ਗਿਆ। ਇਸ ਸਮੇਂ ਸਕੂਲ ਦੀਆਂ ਸਮੂਹ ਕਮੇਟੀਆਂ ਦੇ ਮੈਂਬਰ ਸਾਹਿਬਾਨ ਸ੍ਰ. ਅੰਗਰੇਜ਼ ਸਿੰਘ (ਚੇਅਰਮੈਨ), ਸ੍ਰ. ਭਾਗ ਸਿੰਘ, ਭੁਪਿੰਦਰ ਸਿੰਘ, ਬਲਵੰਤ ਸਿੰਘ, ਗੁਰਦੇਵ ਸਿੰਘ, ਅਜੈਬ ਸਿੰਘ ਅਤੇ ਸ੍ਰ. ਗੁਰਪ੍ਰੀਤ ਸਿੰਘ ਵੀ ਹਾਜ਼ਰ ਸਨ। ਇਸ ਸਮੇਂ ਸ੍ਰ. ਅੰਗਰੇਜ਼ ਸਿੰਘ ਨੇ ਦੱਸਿਆ ਕਿ ਸਾਡਾ ਸਕੂਲ ਮੈਡਮ ਲਵਲੀਨ ਕੌਰ ਦੀ ਅਗਵਾਈ ਵਿੱਚ ਤਰੱਕੀ ਕਰ ਰਿਹਾ ਹੈ। ਸਕੂਲ ਦੇ ਵਿਦਿਆਰਥੀ ਖੇਡਾਂ, ਸਭਿਆਚਾਰਕ ਗਤੀਵਿਧੀਆਂ, ਵਿਸ਼ਿਆਂ ਦੇ ਮੇਲਿਆਂ ਆਦਿ ਵਿੱਚ ਵੱਧ ਚੜ ਕੇ ਭਾਗ ਲੈ ਕੇ ਪੁਜ਼ੀਸ਼ਨ ਹਾਸਿਲ ਕਰਕੇ ਪਿੰਡ ਦਾ ਨਾਮ ਰੌਸ਼ਨ ਕਰ ਰਹੇ ਹਨ। ਇਸ ਸਮੇਂ ਪ੍ਰਿੰਸੀਪਲ ਮੈਡਮ ਲਵਲੀਨ ਕੌਰ ਨੇ ਦੱਸਿਆ ਕਿ ਸਕੂਲ ਅਧਿਆਪਕ ਸ੍ਰੀ ਮੋਤੀ ਰਾਮ ਅਤੇ ਮੈਡਮ ਰੁਪਿੰਦਰ ਦੇ ਸਹਿਯੋਗ ਨਾਲ ਇਹ ਕੈਲੰਡਰ 2024 ਤਿਆਰ ਕੀਤਾ ਗਿਆ ਹੈ ਅਤੇ ਕੈਲੰਡਰ ਵਿੱਚ ਸਕੂਲ ਦੀਆਂ ਸਲਾਨਾ ਗਤੀਵਿਧੀਆਂ ਦੇ ਨਾਲ ਨਾਲ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਮਿਲ ਰਹੀਆਂ ਸਹੂਲਤਾਂ ਸਬੰਧੀ ਵੀ ਜਾਣਕਾਰੀ ਦਿੱਤੀ ਗਈ ਹੈ। ਇਹ ਕੈਲੰਡਰ ਸੋਸ਼ਲ ਮੀਡੀਆ ਤੇ ਸ਼ੇਅਰ ਕਰਨ ਦੇ ਨਾਲ ਨਾਲ ਇਲਾਕੇ ਵਿੱਚ ਵੀ ਵੰਡੇ ਜਾ ਰਹੇ ਹਨ ਤਾਂ ਕਿ ਵਿਦਿਆਰਥੀ ਸਕੂਲ ਵਿੱਚ ਵੱਧ ਤੋਂ ਵੱਧ ਦਾਖਲਾ ਲੈਣ ਲਈ ਪ੍ਰੇਰਿਤ ਹੋਣ ਅਤੇ ਵਿਦਿਆਰਥੀਆਂ ਨੂੰ ਸਰਕਾਰੀ ਸਕੂਲਾਂ ਵਿੱਚ ਮਿਲ ਰਹੀਆਂ ਸਹੂਲਤਾਂ ਸਬੰਧੀ ਮਾਪਿਆਂ ਨੂੰ ਜਾਣਕਾਰੀ ਮਿਲ ਸਕੇ। ਸਕੂਲ ਕੈਲੰਡਰ ਰਿਲੀਜ਼ ਕਰਨ ਸਮੇਂ ਸਕੂਲ ਦੀਆਂ ਸਮੂਹ ਕਮੇਟੀਆਂ ਦੇ ਮੈਂਬਰ ਸਾਹਿਬਾਨਾਂ ਤੋਂ ਇਲਾਵਾ ਸਕੂਲ ਦੇ ਵਿਦਿਆਰਥੀ ਅਤੇ ਸਕੂਲ ਦਾ ਸਮੁੱਚਾ ਸਟਾਫ ਵੀ ਹਾਜ਼ਰ ਸੀ।




ਆਵਾਜ਼ਿ ਕੌਮ AWAZE QAUM International Newspaper & WEB TV

# ਮਿਸ਼ਨ ਸਮਰੱਥ ਤਹਿਤ ਸਕੂਲ ਮੁਖੀਆਂ ਦਾ ਸੈਮੀਨਾਰ ਆਯੋਜਿਤ






**ਚੌਕ ਮਹਿਤਾ, 19 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਡਾਇਰੈਕਟਰ ਰਾਜ ਵਿੱਦਿਅਕ ਸਿਖਲਾਈ ਪ੍ਰੀਸ਼ਦ ਪੰਜਾਬ ਦੇ ਹੁਕਮ ਅਨੁਸਾਰ ਅਤੇ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ- ਨਿਰਦੇਸ਼ਾਂ ਤਹਿਤ ਜ਼ਿਲ੍ਹਾ ਸਿੱਖਿਆ ਅਫ਼ਸਰ (ਸਸ) ਸ਼੍ਰੀ ਰਾਜੇਸ਼ ਕੁਮਾਰ ਦੀ ਯੋਗ ਅਗਵਾਈ ਹੇਠ ਸਕੂਲ ਆਫ ਐਮੀਨੈਂਸ ਸਾਰਾਗੜ੍ਹੀ ਸੀਨੀਅਰ ਸੈਕੰਡਰੀ ਸਕੂਲ, ਟਾਉਨ ਹਾਲ ਅੰਮ੍ਰਿਤਸਰ ਵਿਖੇ ਮਿਸ਼ਨ ਸਮਰੱਥ ਸਬੰਧੀ ਜ਼ਿਲ੍ਹੇ ਦੇ ਸਮੂਹ ਸਰਕਾਰੀ ਸਕੂਲਾਂ ਮਿਡਲ, ਹਾਈ, ਸੈਕੰਡਰੀ ਦੇ ਇੰਚਾਰਜਾਂ, ਹੈੱਡਮਾਸਟਰਜ਼ ਅਤੇ ਪ੍ਰਿੰਸੀਪਲਜ਼ ਦਾ ਇੱਕ ਰੋਜ਼ਾ ਸੈਮੀਨਾਰ ਵੱਖ-ਵੱਖ ਮਿਤੀਆਂ ਨੂੰ ਆਯੋਜਿਤ ਕੀਤਾ ਗਿਆ। ਵਰਣਨਯੋਗ ਹੈ ਕਿ ਹਰ ਬਲਾਕ ਵਿੱਚ ਵਿਸ਼ਾ ਅਧਿਆਪਕਾਂ (ਪੰਜਾਬੀ, ਗਣਿਤ, ਅੰਗਰੇਜ਼ੀ) ਦੀਆਂ ਟ੍ਰੇਨਿੰਗਜ਼ ਚਲ ਰਹੀਆਂ ਹਨ। ਟਾਊਨ ਹਾਲ ਸਕੂਲ ਵਿੱਚ ਚੱਲ ਰਹੇ ਸੈਮੀਨਾਰ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸਸ) ਸ਼੍ਰੀ ਰਾਜੇਸ਼ ਕੁਮਾਰ ਵੱਲੋਂ ਲਗਾਤਰ ਚੈਕਿੰਗ ਕੀਤੀ ਗਈ। ਉਹਨਾਂ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਕਾਲਗੜ੍ਹ ਢਪੱਈਆਂ ਦੇ ਪ੍ਰਿੰਸੀਪਲ ਹਰਪ੍ਰੀਤਪਾਲ ਸਿੰਘ, ਗੌਰਵ ਅਰੋੜਾ ਚੈਕਿੰਗ ਟੀਮ ਵਜੋਂ ਆਏ ਸਨ। ਜ਼ਿਲ੍ਹਾ ਸਿੱਖਿਆ ਅਫ਼ਸਰ ਸ਼੍ਰੀ ਰਾਜੇਸ਼ ਕੁਮਾਰ ਵੱਲੋਂ ਇਨ੍ਹਾਂ ਟ੍ਰੇਨਿੰਗਜ਼ ਬਾਰੇ ਤਸੱਲੀ ਪ੍ਰਗਟਾਉਂਦਿਆਂ ਕਿਹਾ ਕਿ ਉਨ੍ਹਾਂ ਨੂੰ ਆਪਣੇ ਸਰਕਾਰੀ ਸਕੂਲਾਂ ਦੇ ਮੁਖੀਆਂ ਉੱਪਰ ਮਾਣ ਹੈ, ਉਨ੍ਹਾਂ ਵੱਲੋਂ ਇਸ ਮੌਕੇ ਸਕੂਲ ਮੁਖੀਆਂ ਨੂੰ ਹੋਰ ਉਤਸ਼ਾਹਿਤ ਕੀਤਾ ਕਿ ਉਹ ਹਰ ਖੇਤਰ ਵਿੱਚ ਹੋਰ ਵਧੀਆ ਕਰ ਕੇ ਦਿਖਾਉਣ। ਇਸ ਸੈਮੀਨਾਰ ਦੇ ਸਟੇਟ ਰਿਸੋਰਸ ਪਰਸਨ ਮੈਡਮ ਮਨੁਦੀਪ ਕੌਰ, ਮੈਡਮ ਅਮਰਪ੍ਰੀਤ ਕੌਰ ਅਤੇ ਡਿਸਟ੍ਰਿਕਟ ਰਿਸੋਰਸ ਪਰਸਨ ਮੈਡਮ ਜਸਵਿੰਦਰ ਕੌਰ, ਸ. ਚਰਨਜੀਤ ਸਿੰਘ ਬੱਲ, ਸ. ਗੁਰਪਿੰਦਰ ਸਿੰਘ ਵੱਲੋਂ ਬੜੇ ਹੀ ਬੇਹਤਰੀਨ ਢੰਗ ਨਾਲ ਸਕੂਲ ਮੁਖੀਆਂ ਨੂੰ ਮਿਸ਼ਨ ਸਮਰੱਥ ਦੀ ਹਰ ਬਾਰੀਕੀ ਨੂੰ ਸਮਝਾਇਆ ਗਿਆ। ਡਿਸਟ੍ਰਿਕਟ ਰਿਸੋਰਸ ਪਰਸਨ ਸ. ਚਰਨਜੀਤ ਸਿੰਘ ਬੱਲ ਨੇ ਦੱਸਿਆ ਕਿ ਇਹ ਮਿਡਲ, ਹਾਈ ਅਤੇ ਸੈਕੰਡਰੀ ਸਕੂਲਾਂ ਦੀ ਟ੍ਰੇਨਿੰਗ ਇਸ ਕਰ ਕੇ ਲਾਈ ਜਾ ਰਹੀ ਹੈ ਤਾਂ ਜੋ ਮਿਸ਼ਨ ਸਮਰੱਥ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਵਿੱਚ ਕਾਮਯਾਬੀ ਹਾਸਲ ਕੀਤੀ ਜਾ ਸਕੇ। ਟਾਊਨ ਹਾਲ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਵਿਕਾਸ ਕੁਮਾਰ ਵੱਲੋਂ ਸਾਰੇ ਸਕੂਲ ਮੁਖੀਆਂ ਨੂੰ ਉਨ੍ਹਾਂ ਦੇ ਸਕੂਲ ਵਿੱਚ ਆਉਣ ਤੇ ਜੀ ਆਇਆਂ ਕਿਹਾ ਗਿਆ। ਇਨ੍ਹਾਂ ਸੈਮੀਨਾਰਾਂ ਵਿੱਚ ਸਮੂਹ ਜ਼ਿਲ੍ਹੇ ਦੇ ਮਿਡਲ ਸਕੂਲਾਂ ਦੇ ਇੰਚਾਰਜ, ਹਾਈ ਸਕੂਲਾਂ ਦੇ ਹੈੱਡਮਾਸਟਰਾਂ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਦੇ ਪ੍ਰਿੰਸੀਪਲਾਂ ਵੱਲੋਂ ਭਾਗ ਲਿਆ ਗਿਆ।

# ਪਿੰਡ ਗੁੱਜਰਾਂ ਵਿਖੇ 4 ਵਿਅਕਤੀਆਂ ਦੀ ਗੈਰ ਕੁਦਰਤੀ ਮੌਤ ਦੀ ਜਾਂਚ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਾਈ ਪਾਵਰ ਕਮੇਟੀ ਦਾ ਗਠਨ

## ਮੁੱਢਲੀ ਜਾਂਚ ਵਿੱਚ ਪੁਲਿਸ ਵੱਲੋਂ ਦੋ ਵਿਅਕਤੀ ਗ੍ਰਿਫਤਾਰ, ਧਾਰਾ 302 ਤਹਿਤ ਪੁਲਿਸ ਕੇਸ ਦਰਜ



**ਸੰਗਰੂਰ ( ਰਣਜੀਤ ਸਿੰਘ ਪੇਧਨੀ)** -ਦਿੜ੍ਹਬਾ ਦੇ ਪਿੰਡ ਗੁੱਜਰਾਂ ਵਿਖੇ 4 ਵਿਅਕਤੀਆਂ ਦੀ ਗੈਰ ਕੁਦਰਤੀ ਤੌਰ 'ਤੇ ਹੋਈ ਮੌਤ ਦੇ ਮਾਮਲੇ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਨੇ ਫੌਰੀ ਕਦਮ ਚੁੱਕਦਿਆਂ ਹਾਈ ਪਾਵਰ ਜਾਂਚ ਕਮੇਟੀ ਦਾ ਗਠਨ ਕੀਤਾ ਹੈ ਜੋ ਕਿ ਇਨ੍ਹਾਂ ਮੌਤਾਂ ਦੇ ਕਾਰਨਾਂ ਦੀ ਜਾਂਚ ਲਈ ਵੱਖ-ਵੱਖ ਪਹਿਲੂਆਂ ਤੇ ਤੱਥਾਂ ਦੇ ਆਧਾਰ 'ਤੇ ਪੜਤਾਲ ਕਰਕੇ ਅਗਲੇ 72 ਘੰਟਿਆਂ ਵਿੱਚ ਆਪਣੀ ਰਿਪੋਰਟ ਸੌਂਪੇਗੀ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਐਸ.ਐਸ.ਪੀ ਸਰਤਾਜ ਸਿੰਘ ਚਹਿਲ ਸਮੇਤ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਹਾਈ ਪਾਵਰ ਜਾਂਚ ਕਮੇਟੀ ਦਾ ਚੇਅਰਮੈਨ ਐਸ.ਡੀ.ਐਮ ਦਿੜ੍ਹਬਾ ਨੂੰ ਲਗਾਇਆ ਗਿਆ ਹੈ ਜਦਕਿ ਡੀ.ਐਸ.ਪੀ ਦਿੜ੍ਹਬਾ, ਸੀਨੀਅਰ ਮੈਡੀਕਲ ਅਫ਼ਸਰ ਦਿੜ੍ਹਬਾ ਤੇ ਈ.ਟੀ.ਓ ਦਿੜ੍ਹਬਾ (ਆਬਕਾਰੀ) ਨੂੰ ਮੈਂਬਰ ਲਗਾਇਆ ਗਿਆ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਿਹਤ ਵਿਭਾਗ, ਐਕਸਾਈਜ਼ ਵਿਭਾਗ, ਪੁਲਿਸ ਤੇ ਸਿਵਲ ਪ੍ਰਸ਼ਾਸਨ 'ਤੇ ਅਧਾਰਿਤ ਇਸ ਟੀਮ ਦੀ ਰਿਪੋਰਟ ਤੋਂ ਬਾਅਦ ਇਸ ਦੁਖਾਂਤਕ ਘਟਨਾ ਲਈ ਜ਼ਿੰਮੇਵਾਰ ਪਾਏ ਜਾਣ ਵਾਲੇ ਵਿਅਕਤੀਆਂ ਖਿਲਾਫ਼ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਨ੍ਹਾਂ 4 ਵਿਅਕਤੀਆਂ ਦੀ ਹੋਈ ਗੈਰ ਕੁਦਰਤੀ ਮੌਤ ਦੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਪ੍ਰਸ਼ਾਸਨ ਨੇ ਫੌਰੀ ਕਾਰਵਾਈ ਕਰਦਿਆਂ ਪਿੰਡ ਗੁੱਜਰਾਂ ਵਿਖੇ ਘਰ ਘਰ ਸਰਵੇਖਣ ਸ਼ੁਰੂ ਕਰਵਾ ਦਿੱਤਾ ਹੈ ਕਿ ਜੇਕਰ ਕਿਸੇ ਘਰ ਵਿੱਚ ਕਿਸੇ ਵਿਅਕਤੀ ਦੀ ਸਿਹਤ ਖਰਾਬ ਹੋਣ ਸਬੰਧੀ ਕੋਈ ਲੱਛਣ ਸਾਹਮਣੇ ਆਉਣ 'ਤੇ ਫੌਰੀ ਮੈਡੀਕਲ ਸੁਵਿਧਾ ਮੁਹੱਈਆ ਕਰਵਾਈ ਜਾ ਸਕੇ ਤਾਂ ਜੋ ਕੋਈ ਹੋਰ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ। ਉਨ੍ਹਾਂ ਦੱਸਿਆ ਕਿ ਸਰਵੇਖਣ ਕਰ ਰਹੀਆਂ ਇਨ੍ਹਾਂ ਟੀਮਾਂ ਵਿੱਚ ਸਿਵਲ ਸਰਜਨ ਦਫ਼ਤਰ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਦਫ਼ਤਰ, ਬਲਾਕ ਵਿਕਾਸ ਤੇ ਪੰਚਾਇਤ ਵਿਭਾਗ, ਮਾਲ ਵਿਭਾਗ ਤੇ ਪੁਲਿਸ ਵਿਭਾਗ ਦੇ ਨੁਮਾਇੰਦੇ ਸ਼ਾਮਲ ਹਨ।

ਇਸ ਘਟਨਾ ਸਬੰਧੀ ਜ਼ਿਲ੍ਹਾ ਪੁਲਿਸ ਵੱਲੋਂ ਹੁਣ ਤੱਕ ਕੀਤੀ ਗਈ ਕਾਰਵਾਈ ਦੀ ਜਾਣਕਾਰੀ ਦਿੰਦਿਆਂ ਐਸ.ਐਸ.ਪੀ ਸਰਤਾਜ ਸਿੰਘ ਚਹਿਲ ਨੇ ਦੱਸਿਆ ਕਿ ਮਾਮਲੇ ਦੀ ਜਾਣਕਾਰੀ ਮਿਲਦਿਆਂ ਹੀ ਪੁਲਿਸ ਟੀਮ ਸਬੰਧਤ ਪਿੰਡ ਵਿੱਚ ਪਹੁੰਚੀ ਅਤੇ ਕਥਿਤ ਦੋਸ਼ੀਆਂ ਵਿਰੁੱਧ ਧਾਰਾ 302 ਤਹਿਤ ਕਤਲ ਦਾ ਮਾਮਲਾ ਦਰਜ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਮੁਢਲੀ ਤਫ਼ਤੀਸ਼ ਦੌਰਾਨ ਪਹਿਲਾਂ ਸੁਖਵਿੰਦਰ ਸਿੰਘ ਸੁੱਖੀ ਨਾਂ ਦੇ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ ਫਿਰ ਮਨਪ੍ਰੀਤ ਸਿੰਘ ਮਨੀ ਨੂੰ ਗ੍ਰਿਫਤਾਰ ਕੀਤਾ ਗਿਆ, ਜੋ ਕਿ ਪਿੰਡ ਗੁੱਜਰਾਂ ਦੇ ਹੀ ਵਸਨੀਕ ਹਨ। ਉਨ੍ਹਾਂ ਕਿਹਾ ਕਿ ਮਾਮਲੇ ਦੀ ਅਗਲੀ ਤਫ਼ਤੀਸ਼ ਜਾਰੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਹੋਲੀ ਤੋਂ ਹੋਲਾ ਮਹੱਲਾ



-ਦਿਲਜੀਤ ਸਿੰਘ ਬੇਦੀ

ਅਜੋਕੇ ਸਮੇਂ ਵਿਚ ਨਵੀਂ ਪੀੜ੍ਹੀ ਸ਼ਾਨਾਂ-ਮੱਤੇ ਸਿੱਖ ਇਤਿਹਾਸ, ਗੌਰਵਮਈ ਵਿਰਸੇ, ਜੰਗਾਂ-ਯੁੱਧਾਂ ਵਿਚ ਸ਼ਕਤੀ ਦੇ ਪ੍ਰਦਰਸ਼ਨ ਤੇ ਬੀਰ-ਰਸੀ ਰਵਾਇਤਾਂ ਨੂੰ ਭੁਲਦੀ ਜਾ ਰਹੀ ਹੈ ਅਤੇ ਸ਼ਸਤਰਾਂ ਪ੍ਰਤੀ ਪਿਆਰ ਵੀ ਘਟਦਾ ਜਾ ਰਿਹਾ ਹੈ। ਆਪਣੇ ਵਿਰਸੇ ਪ੍ਰਤੀ ਜਾਗਰੂਕ ਕਰਨ ਲਈ ਖਾਲਸਾ ਪੰਥ ਦੀ ਨਿਆਰੀ ਹੋਂਦ ਨੂੰ ਦਰਸਾਉਂਦਾ ਇਹ ਕੌਮੀ ਤਿਉਹਾਰ ਪ੍ਰੇਰਨਾ ਸਰੋਤ ਹੈ।

ਖ਼ਾਲਸਾ-ਪੰਥ ਵਿਚ ਹੋਲਾ ਮਹੱਲਾ ਤਿਉਹਾਰ ਦੇ ਮੰਤਵ ਤੇ ਉਦੇਸ਼ ਬੜੇ ਉਸਾਰੂ ਤੇ ਸਾਰਥਿਕ ਹਨ। ਦਰਅਸਲ ਹੋਲਾ ਤੇ ਮਹੱਲਾ ਦੋ ਵੱਖ-ਵੱਖ ਸ਼ਬਦ ਹਨ। ਹੋਲਾ ਅਰਬੀ ਭਾਸ਼ਾ ਅਤੇ ਮਹੱਲਾ ਫ਼ਾਰਸੀ ਭਾਸ਼ਾ ਦਾ ਸ਼ਬਦ ਹੈ। ਹੋਲ, ਹੂਲ ਤੇ ਹੋਲਾ ਮਹੱਲਾ ਆਦਿ ਰਲਦੇ-ਮਿਲਦੇ ਸ਼ਬਦ ਹਨ। ਅਰਬੀ ਭਾਸ਼ਾ ਦਾ ਇਕ ਸ਼ਬਦ ਹੈ ਹੂਲ ਜਿਸ ਦੇ ਅਰਥ ਨੇਕ ਅਤੇ ਭਲੇ ਕੰਮਾਂ ਲਈ ਜੂਝਣਾ, ਸੀਸ ਤਲੀ ਤੇ ਧਰ ਕੇ ਲੜਨਾ, ਤਲਵਾਰ ਦੀ ਧਾਰ ਤੇ ਚੱਲਣਾ ਕੀਤੇ ਗਏ ਸੀ। ਦਸਮੇਸ਼ ਪਿਤਾ ਜਨੀ ਨੇ ਨਿੱਘਰ ਚੁੱਕੇ ਸਮਾਜ ਦੇ ਦੱਬੇ-ਕੁਚਲੇ ਅਤੇ ਲਿਤਾੜੇ ਜਾ ਰਹੇ ਮਨੁੱਖਾਂ ਨੂੰ ਆਪਣੀ ਹੋਂਦ ਦਾ ਅਹਿਸਾਸ ਤੇ ਸਵੈਮਾਨ ਮਹਿਸੂਸ ਕਰਵਾਉਣ ਲਈ ਉਨ੍ਹਾਂ ਵਿਚ ਨਿਡਰਤਾ ਤੇ ਨਿਰਭੈਤਾ ਭਰਨ ਅਤੇ ਸੂਰਬੀਰ ਯੋਧੇ ਬਨਾਉਣ ਲਈ ਖਾਲਸਾ ਪੰਥ ਦੀ ਸਥਾਪਨਾ ਕੀਤੀ। ਇਸ ਲਈ ਉਨ੍ਹਾਂ ਨੇ ਚਰਨ-ਪਾਹੁਲ ਦੀ ਥਾਂ ਖੰਡੇ-ਬਾਟੇ ਦਾ ਅੰਮ੍ਰਿਤ ਤੇ ਹੋਲੀ ਦੀ ਥਾਂ ਹੋਲਾ-ਮਹੱਲਾ ਪ੍ਰਚਲਿਤ ਕੀਤਾ। ਅਜ਼ਾਦੀ ਪ੍ਰਾਪਤ ਕਰਨ ਅਤੇ ਜੋਸ਼ ਪੈਦਾ ਕਰਨ ਲਈ ਕਲਗੀਧਰ ਦਸਮੇਸ਼ ਪਿਤਾ ਜੀ ਨੇ ਜਿਥੇ ਨਵਾਂ ਜੀਵਨ ਬਖਸ਼ਿਆ ਉਥੇ ਭਾਰਤੀ ਸਮਾਜ ਨੂੰ ਉਹਨਾਂ ਦੇ ਰੀਤੀ-ਰਿਵਾਜ਼ਾਂ ਅਤੇ ਤਿਉਹਾਰ ਮਨਾਉਣ ਦੇ ਢੰਗਾਂ ਵਿਚ ਵੀ ਇਨਕਲਾਬੀ ਤਬਦੀਲੀਆਂ ਲਿਆਂਦੀਆਂ। ਗੁਰੂ ਸਾਹਿਬ ਨੇ 1699 ਈ: ਦੀ ਵੈਸਾਖੀ ਵਾਲੇ ਦਿਨ ਖਾਲਸਾ ਪੰਥ ਦੀ ਸਾਜਣਾ ਕਰਕੇ ਸਿੱਖ ਪੰਥ ਵਿਚ ਇਕ ਮਹਾਨ ਤੇ ਕ੍ਰਾਂਤੀਕਾਰੀ ਤਬਦੀਲੀ ਲਿਆਂਦੀ ਅਤੇ ਸਿੱਖਾਂ ਨੂੰ ਇਕ ਵੱਖਰੀ ਪਹਿਚਾਣ ਪ੍ਰਦਾਨ ਕੀਤੀ। ਗੁਰੂ ਜੀ ਨੇ ਇਸ ਕਾਇਮ ਕੀਤੀ ਜਥੇਬੰਦੀ ਵਿਚ ਦਲੇਰੀ ਅਤੇ ਜੁਰਅਤ ਭਰਨ ਲਈ ਉਹਨਾਂ ਵਲੋਂ ਮਨਾਏ ਜਾ ਰਹੇ ਤਿਉਹਾਰਾਂ ਨੂੰ ਮਨਾਉਣ ਦੇ ਰੰਗ-ਢੰਗ ਹੀ ਬਦਲ ਕੇ ਰੱਖ ਦਿਤੇ। ਹੋਲੀ ਮਨਾਉਣ ਸਮੇਂ ਜਿਥੇ ਲੋਕ ਇਕ ਦੂਜੇ ਤੇ ਰੰਗ ਸੁੱਟ ਕੇ ਅਤੇ ਨਸ਼ੇ ਪੀ ਕੇ ਮਨੁੱਖੀ-ਸ਼ਕਤੀ ਨੂੰ ਨਸ਼ਟ ਕਰ ਰਹੇ ਸਨ, ਉਥੇ ਸਤਿਗੁਰਾਂ ਨੇ ਇਸ ਬੁਰਿਆਈ ਨੂੰ ਖਤਮ ਕਰਨ ਲਈ ਹੋਲੀ ਨੂੰ ਹੋਲੇ ਮਹੱਲੇ ਦਾ ਰੂਪ ਦੇ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

**ਔਰਨ ਕੀ ਹੋਲੀ ਮਮ ਹੋਲਾ।**
**ਕਹਯੋ ਕ੍ਰਿਪਾਨਿਧ ਬਚਨ ਅਮੋਲਾ।**

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਖਾਲਸੇ ਨੂੰ ਯੁੱਧ-ਵਿੱਦਿਆ ਵਿਚ ਪ੍ਰਬੀਨ ਬਨਾਉਣਾ ਚਾਹੁੰਦੇ ਸਨ। ਇਸ ਲਈ ਉਨ੍ਹਾਂ ਨੇ ਹੋਲੀ ਦੇ ਪਰੰਪਰਾਈ ਪੱਖ ਤੋਂ ਹਟ ਕੇ ਇਸ ਤਿਉਹਾਰ ਦਾ ਸਬੰਧ ਸੂਰਮਤਾਈ ਨਾਲ ਜੋੜਿਆ। ਮਹੱਲਾ ਇਕ ਪ੍ਰਕਾਰ ਦੀ ਮਸਨੂਈ ਭਾਵ ਬਨਾਉਟੀ ਲੜਾਈ ਹੈ। ਇਸ ਵਿਚ ਪੈਦਲ ਅਤੇ ਘੋੜ-ਸਵਾਰ ਸ਼ਸਤਰਧਾਰੀ ਸਿੰਘ ਦੋ ਦਲ ਬਣਾ ਕੇ ਇਕ ਖਾਸ ਹਮਲੇ ਦੀ ਥਾਂ ਉਤੇ ਹਮਲਾ ਕਰਦੇ ਹਨ ਅਤੇ ਅਨੇਕ ਪ੍ਰਕਾਰ ਦੇ ਕਰਤਬ ਦਿਖਾਉਂਦੇ ਹਨ। ਕਲਗੀਧਰ ਪਾਤਸ਼ਾਹ ਜੀ ਆਪ ਇਸ ਮਸਨੂਈ ਲੜਾਈ ਨੂੰ ਵੇਖਦੇ ਅਤੇ ਦੋਹਾਂ ਦਲਾਂ ਨੂੰ ਲੋੜੀਂਦੀ ਸਿੱਖਿਆ ਪ੍ਰਦਾਨ ਕਰਦੇ। ਜਿਹੜਾ ਦਲ ਜੇਤੂ ਹੁੰਦਾ, ਉਸ ਨੂੰ ਦੀਵਾਨ ਵਿਚ ਸਿਰੋਪਾਓ ਬਖਸ਼ਿਸ਼ ਕਰਦੇ ਸਨ। ਇਸ ਮੌਕੇ ਦੀਵਾਨ ਸਜਦੇ, ਕਥਾ ਕੀਰਤਨ ਹੁੰਦਾ, ਬੀਰ ਰਸੀ ਵਾਰਾਂ ਗਾਈਆਂ ਜਾਂਦੀਆਂ ਅਤੇ ਅਨੇਕ ਤਰ੍ਹਾਂ ਦੀਆਂ ਫੌਜੀ ਕਵਾਇਦਾਂ ਹੁੰਦੀਆਂ। ਹਰ ਪਾਸੇ ਚੜ੍ਹਦੀ ਕਲਾ ਦਾ ਮਾਹੌਲ ਬਣਿਆ ਰਹਿੰਦਾ। ਗੁਰੂ ਸਾਹਿਬ ਇਨ੍ਹਾਂ ਸਾਰੀਆਂ ਕਾਰਵਾਈਆਂ ਵਿਚ ਖੁਦ ਸ਼ਾਮਲ ਹੁੰਦੇ ਅਤੇ ਸਿੱਖਾਂ ਦਾ ਉਤਸ਼ਾਹ ਵਧਾਉਂਦੇ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਤੇ ਹੋਲਾ-ਮਹੱਲਾ ਦੇ ਰੂਪ ਵਿਚ ਮਨਾਏ ਜਾਂਦੇ ਜੰਗਜੂ ਤਿਉਹਾਰ ਤੇ ਸਿੰਘਾਂ ਦੀਆਂ ਆਪਸ ਵਿਚ ਲੜੀਆਂ ਜਾਂਦੀਆਂ ਅਭਿਆਸ ਰੂਪੀ ਮਸਨੂਈ ਲੜਾਈਆਂ ਨੇ ਭਾਰਤੀ ਲੋਕਾਂ ਦੇ ਮਨੋ-ਬਲ ਨੂੰ ਉੱਚਾ ਕੀਤਾ। ਲੋਕ ਕਾਇਰਤਾ ਭਰੇ ਮਾਹੌਲ ਚੋਂ ਨਿਕਲ ਕੇ ਇਸ ਤਿਉਹਾਰ ਵਿਚ ਧੜਾਧੜ ਬੜੇ ਜੋਸ਼ ਤੇ ਸਜ-ਧਜ ਨਾਲ ਸ਼ਾਮਲ ਹੋਣ ਲੱਗੇ। ਅਤਰ-ਫੁਲੇਲ ਦੀਆਂ ਸੁਗੰਧੀਆਂ, ਰੰਗਾਂ ਦੀਆਂ ਫੁਹਾਰਾਂ ਤੇ ਬੇਅੰਤ ਇਕੱਠ ਦੀ ਸ਼ੋਭਾ ਨੇ ਭਾਈ ਨੰਦ ਲਾਲ ਜੀ ਵਰਗੇ ਮਹਾਨ ਵਿਦਵਾਨ ਚਿੰਤਕ ਨੂੰ ਵੀ ਪ੍ਰਭਾਵਿਤ ਕੀਤਾ। ਸਤਿਗੁਰਾਂ ਦੁਆਰਾ ਹੋਲੇ ਮਹੱਲੇ ਦੀ ਖੇਡ ਨੂੰ ਆਪਣੀ ਕਲਮ ਨਾਲ ਬਿਆਨ ਕਰਦਿਆਂ ਉਹ ਲਿਖਦੇ ਹਨ ਕਿ ਹੋਲੀ ਦੇ ਫੁੱਲ ਖਿੜਨ ਨਾਲ ਸਾਰਾ ਬਾਗ ਸੁਗੰਧੀ ਨਾਲ ਭਰ ਗਿਆ। ਪਾਤਸ਼ਾਹ ਦਾ ਮੁਖੜਾ ਕਲੀ ਵਾਂਗ ਖਿੜ ਗਿਆ। ਗੁਲਾਬ, ਅੰਬਰ, ਕਸਤੂਰੀ ਤੇ ਅੰਬੀਰ ਮੀਂਹ ਦੀ ਤਰ੍ਹਾਂ ਵਰਸਣ ਲੱਗੀ। ਕੇਸਰ ਦੀ ਪਿਚਕਾਰੀ ਨੇ ਸਭ ਚਿੱਟੇ ਚੋਲਿਆਂ ਨੂੰ ਰੰਗਾਂ ਨਾਲ ਭਰ ਦਿੱਤਾ। ਪਾਤਸ਼ਾਹ ਨੇ ਗੁਲਾਲ ਦੀ ਐਸੀ ਵਰਖਾ









ਕੀਤੀ ਕਿ ਧਰਤੀ ਤੇ ਅਕਾਸ਼ ਸੂਹਾ ਹੋ ਗਿਆ। ਜਦੋਂ ਪਾਤਸ਼ਾਹ ਨੇ ਰੰਗਿਆ ਹੋਇਆ ਚੋਲਾ ਪਹਿਨਿਆਂ ਤਾਂ ਸਭ ਦੀ ਆਤਮਾ ਖਿੜ ਗਈ:

**ਗੁਲੇ ਹੋਲੀ ਬ ਬਾਗੇ ਦਰ ਬੂ ਕਰਦ।**
**ਲਬੇ ਚੂੰ ਗ਼ੁੰਚਾ ਰਾ ਫ਼ਰਖ਼ੰਦਹ ਖ਼ੂ ਕਰਦ।**
**ਗੁਲਾਬੋ ਅੰਬਰੋ ਮੁਸ਼ਕੋ ਅਬੀਰੋ।**
**ਚੂ ਬਾਰਾਂ ਬਾਰਸ਼ੇ ਅਜ ਸੂ ਬਸੂ ਕਰਦ।**



**ਜਹੇ ਪਿਚਕਾਰੀਏ ਪੁਰ ਜ਼ੁਫਰਾਨੀ।**
**ਕਿ ਹਰ ਬੇਰੰਗ ਰਾ ਖੁਸ਼ਰੰਗੋ ਬੂ ਕਰਦ।**
**ਗੁਲਾਲ ਅਫਸ਼ਾਨੀ ਅਜ਼ ਦਸਤੇ ਮੁਬਾਰਕ।**
**ਜ਼ਮੀਨੋ ਆਸਮਾਂ ਰਾ ਸੁਰਖ਼ਰੂ ਕਰਦ।**
**ਦੋ ਆਲਮ ਗਸ਼ਤ ਰੰਗੀ ਅਜ਼ ਤੁਫਲੈਸ਼।**
**ਚੁ ਸ਼ਾਹਮ ਜਾਮਹ ਰੰਗੀ ਦਹ ਗੁਲੂ ਕਰਦ।**

**(ਭਾਈ ਨੰਦ ਲਾਲ ਰਚਨਾਵਲੀ)**

ਭਾਰਤ ਬਹੁਤ ਸਾਰੇ ਮੌਸਮੀ, ਸੱਭਿਆਚਾਰਕ ਅਤੇ ਇਤਿਹਾਸਕ ਤਿਉਹਾਰਾਂ ਦਾ ਦੇਸ਼ ਹੈ। ਖ਼ਾਲਸਾ-ਪੰਥ ਇਨ੍ਹਾਂ ਵਿਚੋਂ ਕਈ ਤਿਉਹਾਰਾਂ ਨੂੰ ਆਪਣੀ ਪਛਾਣ ਨਾਲ ਜੋੜ ਕੇ ਨਿਵੇਕਲੇ ਅਤੇ ਖ਼ਾਲਸਾਈ ਜਾਹੋ-ਜਲਾਲ ਨਾਲ ਮਨਾਉਂਦਾ ਹੈ। ਜਿਵੇਂ ਹੋਲੀ ਦੀ ਥਾਂ ਖ਼ਾਲਸਾ-ਪੰਥ ਹੋਲਾ ਮਹੱਲਾ ਅਤੇ ਦੀਵਾਲੀ ਦੀ ਥਾਂ ਬੰਦੀ-ਛੋੜ ਦਿਵਸ ਮਨਾਉਂਦਾ ਹੈ। ਹੋਲੇ ਮਹੱਲੇ ਦਾ ਆਰੰਭ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਚੇਤ ਵਦੀ ਇਕ ਸੰਮਤ 1757 ਬਿਕ੍ਰਮੀ ਵਾਲੇ ਦਿਨ, ਸ੍ਰੀ ਅਨੰਦਪੁਰ ਸਾਹਿਬ ਵਿਖੇ ਕਿਲ੍ਹਾ ਹੋਲਗੜ੍ਹ ਦੇ ਸਥਾਨ ਤੇ ਕੀਤਾ ਸੀ। ਹੋਲੀ ਰੰਗਾਂ ਦੀ ਖੇਡ ਹੈ ਜਦਕਿ ਹੋਲਾ ਮਹੱਲਾ ਮਨਾਉਣ ਦਾ ਮੁੱਖ ਮੰਤਵ ਗੁਰਸਿੱਖਾਂ ਅੰਦਰ ਫ਼ਤਹਿ ਦੇ ਅਨੁਭਵ ਨੂੰ ਹੋਰ ਦ੍ਰਿੜ ਕਰਨਾ ਸੀ। ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਤੋਂ ਬਾਅਦ ਦੇਸ਼ ਦੀ ਜਨਤਾ ਖਾਸ ਕਰਕੇ ਗੁਰੂ ਨਾਨਕ ਨਾਮ-ਲੇਵਾ ਸਿੱਖ ਸੰਗਤਾਂ ਵਿਚ ਨਵਾਂ ਉਤਸ਼ਾਹ, ਨਿਡਰਤਾ ਅਤੇ ਨਿਰਭੈਤਾ ਦੀ ਭਾਵਨਾ ਭਰਨ ਲਈ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਨਵੇਂ ਆਦੇਸ਼ ਜਾਰੀ ਕੀਤੇ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਹੋਲੀ ਮਨਾਉਣ ਦੀ ਪਰੰਪਰਾਗਤ ਰਵਾਇਤ ਤੋਂ ਹਟ ਕੇ ਇਸ ਨੂੰ ਹੋਲਾ-ਮਹੱਲਾ ਦੇ ਵਿਲੱਖਣ ਰੂਪ ਚ ਮਨਾਉਣਾ ਆਰੰਭ ਕੀਤਾ ਅਤੇ ਇਸ ਤਿਉਹਾਰ ਨੂੰ ਖ਼ਾਲਸਾ-ਪੰਥ ਵਿਚ ਚੜ੍ਹਦੀ ਕਲਾ ਦੀ ਭਾਵਨਾ ਨੂੰ ਬੁਲੰਦੀਆਂ ਤੇ ਪਹੁੰਚਾਉਣ ਲਈ ਨਵੇਂ ਸਾਰਥਿਕ ਅਰਥ ਦਿੱਤੇ ਤੇ ਨਵੇਂ ਢੰਗ-ਤਰੀਕੇ ਅਪਣਾਏ।

ਮੌਸਮੀ ਤਬਦੀਲੀ ਦੇ ਪੱਖ ਤੋਂ ਹੋਲੀ ਬਸੰਤ ਰੁੱਤ ਦੇ ਆਗਮਨ ਦੇ ਨਾਲ ਨਾਲ ਖੇੜੇ ਤੇ ਖੁਸ਼ੀਆਂ ਦਾ ਤਿਉਹਾਰ ਹੋਣ ਕਰਕੇ ਮਾਨਵ ਚੇਤਨਾ ਵਿਚ ਵਿਸ਼ੇਸ਼ ਮਹੱਤਵ ਰੱਖਦੀ ਹੈ। ਪੱਤਝੜ ਤੋਂ ਬਾਅਦ ਬਸੰਤ ਰੁੱਤ ਆਉਂਦੀ ਹੈ ਅਤੇ ਸਾਰੇ ਪਾਸੇ ਖੇੜਾ ਹੀ ਖੇੜਾ ਹੁੰਦਾ ਹੈ। ਗੁਰੂ ਸਾਹਿਬਾਨ ਨੇ ਇਹ ਤਿਉਹਾਰ ਸਿਮਰਨ, ਸਤਿਸੰਗ ਤੇ ਸੇਵਾ ਵਿਚ ਜੁੜ ਕੇ ਮਨਾਉਣ ਦਾ ਉਪਦੇਸ਼ ਦਿੱਤਾ ਹੈ:

**ਨਾਨਕ ਤਿਨਾ ਬਸੰਤੁ ਹੈ ਜਿਨ੍ ਘਰਿ ਵਸਿਆ ਕੰਤੁ॥**
**ਜਿਨ ਕੇ ਕੰਤ ਦਿਸਾਪੁਰੀ**
**ਸੇ ਅਹਿਨਿਸਿ ਫਿਰਹਿ ਜਲੰਤ॥**

**(ਸ੍ਰੀ ਗੁਰੂ ਗ੍ਰੰਥ ਸਾਹਿਬ, ਪੰਨਾ 791)**

ਗੁਰੂ ਸਾਹਿਬ ਦੀ ਮਾਨਵ-ਸਮਾਜ ਨੂੰ ਵੱਡਮੁਲੀ ਦੇਣ ਹੀ ਇਹ ਹੈ ਕਿ ਉਨ੍ਹਾਂ ਨੇ ਮਨੁੱਖੀ ਜੀਵਨ ਨੂੰ ਹਰ ਪੱਖ ਤੋਂ ਸੰਪੂਰਨ, ਸਿਖਿਆਦਾਇਕ ਤੇ ਉਸਾਰੂ ਬਨਾਉਣ ਦੀ ਪ੍ਰੇਰਨਾ ਦਿੱਤੀ ਹੈ। ਏਸੇ ਲਈ ਸ੍ਰੀ ਗੁਰੂ ਅਰਜਨ ਸਾਹਿਬ ਜੀ ਨੇ ਗੁਰਬਾਣੀ ਵਿਚ ਪਰਮਾਰਥ ਦੇ ਮਾਰਗ ਦੀ ਅਨੰਦਮਈ ਹੋਲੀ ਖੇਡਣ ਦੀ ਇਸ ਤਰ੍ਹਾਂ ਪ੍ਰੇਰਨਾ ਕੀਤੀ ਹੈ:

**ਗੁਰੁ ਸੇਵਉ ਕਰਿ ਨਮਸਕਾਰ॥ ਆਜੁ ਹਮਾਰੈ ਮੰਗਲਚਾਰ॥**
**ਆਜੁ ਹਮਾਰੈ ਮਹਾ ਅਨੰਦ॥ ਚਿੰਤ ਲਥੀ ਭੇਟੇ ਗੋਬਿੰਦ ॥1॥**
**ਆਜੁ ਹਮਾਰੈ ਗ੍ਰਿਹਿ ਬਸੰਤ॥ ਗੁਨ ਗਾਏ ਪ੍ਰਭ ਤੁਮ੍ ਬੇਅੰਤ ॥1॥ਰਹਾਉ॥**
**ਆਜੁ ਹਮਾਰੈ ਬਨੇ ਫਾਗ॥ ਪ੍ਰਭ ਸੰਗੀ ਮਿਲਿ ਖੇਲਨ ਲਾਗ॥**
**ਹੋਲੀ ਕੀਨੀ ਸੰਤ ਸੇਵ॥ ਰੰਗੁ ਲਾਗਾ ਅਤਿ ਲਾਲ ਦੇਵ ॥2॥**

(ਪੰਨਾ 1180)

ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਲੋਂ ਚਲਾਇਆ ਹੋਲਾ ਮਹੱਲਾ ਸ਼ਕਤੀ ਨੂੰ ਪ੍ਰਗਟ ਕਰਨ ਅਤੇ ਅਣਖ ਦੇ ਅਨੁਭਵ ਦਾ ਅਨੋਖਾ ਢੰਗ ਹੈ। ਇਹ ਖਾਲਸਾ ਪੰਥ ਲਈ ਸਵੈਮਾਨ, ਖਾਲਸੇ ਦੇ ਬੋਲ-ਬਾਲੇ ਅਤੇ ਚੜ੍ਹਦੀ ਕਲਾ ਦਾ ਪ੍ਰਤੀਕ ਹੈ। ਹੋਲਾ ਮਹੱਲਾ ਸਿੱਖਾਂ ਨੂੰ ਹਰ ਸਾਲ ਦ੍ਰਿੜ੍ਹ ਵਿਸ਼ਵਾਸੀ, ਪ੍ਰਭੂ-ਭਗਤੀ ਤੇ ਉੱਚੇ-ਸੁੱਚੇ ਮਨੁੱਖੀ ਆਦਰਸ਼ਾਂ, ਜ਼ੁਲਮ, ਜਬਰ, ਨਾਸਤਿਕਤਾ ਤੇ ਭ੍ਰਿਸ਼ਟਾਚਾਰ ਵਿਰੁੱਧ ਜੂਝਣ ਲਈ ਨਵਾਂ ਜੋਸ਼ ਤੇ ਉਤਸ਼ਾਹ ਪ੍ਰਦਾਨ ਕਰਦਾ ਹੈ। ਇਹ ਪਵਿੱਤਰ ਤਿਉਹਾਰ ਸਾਨੂੰ ਪ੍ਰੇਰਨਾ ਦਿੰਦਾ ਹੈ ਕਿ ਹੱਕ ਮੰਗਿਆਂ ਪ੍ਰਾਪਤ ਨਹੀਂ ਹੁੰਦੇ ਸਗੋਂ ਸ਼ਕਤੀ ਤੇ ਜ਼ੋਰ ਨਾਲ ਹੀ ਪ੍ਰਾਪਤ ਕੀਤੇ ਜਾ ਸਕਦੇ ਹਨ:

**ਰਾਜ ਕਿਸੇ ਕੋ ਕੋਇ ਨ ਦੈ ਹੈਂ।**
**ਜੋ ਲੈ ਹੈ ਨਿਜ ਬਲ ਸੋਂ ਲੈ ਹੈਂ।** (ਪੰਥ ਪ੍ਰਕਾਸ਼)

ਹਰ ਸਾਲ ਲੱਖਾਂ ਦੀ ਗਿਣਤੀ ਵਿਚ ਸਿੱਖ ਸੰਗਤਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਪਾਵਨ ਛੋਹ ਧਰਤੀ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਪਾਉਂਟਾ ਸਾਹਿਬ ਤੇ ਸ੍ਰੀ ਹਜ਼ੂਰ ਸਾਹਿਬ ਨੰਦੇੜ ਵਿਖੇ ਪੁੱਜ ਕੇ ਬੜੇ ਉਤਸ਼ਾਹ ਤੇ ਜੋਸ਼ ਨਾਲ ਇਹ ਪਵਿੱਤਰ ਤਿਉਹਾਰ ਮਨਾਉਂਦੀਆਂ ਹਨ। ਭਾਰੀ ਦੀਵਾਨ ਸਜਦੇ ਹਨ, ਨਿਹੰਗ ਸਿੰਘਾਂ ਦੇ ਜਥੇ ਤੇ ਖਾਲਸਾ ਪੰਥ ਦੀ ਫ਼ੌਜ ਦੇ ਹੋਰ ਦਸਤੇ ਰਲ-ਮਿਲ ਕੇ ਨਗਰ ਕੀਰਤਨ ਸਜਾਉਂਦੇ ਹਨ। ਘੋੜ ਸਵਾਰੀ ਤੇ ਗਤਕੇਬਾਜ਼ੀ ਦੇ ਜੰਗਜੂ ਕਰਤੱਵ ਦੇਖਣਯੋਗ ਹੁੰਦੇ ਹਨ। ਇਸ ਦੀ ਅਲੌਕਿਕ ਮਹਿਮਾ ਦਾ ਵਰਣਨ ਕਹਿਬੇ ਕਉ ਸੋਭਾ ਨਹੀ, ਦੇਖਾ ਹੀ ਪ੍ਰਵਾਨ ਅਨੁਸਾਰ ਕੇਵਲ ਕਥਨ ਕਰਨ ਨਾਲ ਹੀ ਨਹੀਂ ਸਗੋਂ ਅੱਖੀਂ ਦੇਖਣ ਨਾਲ ਪਤਾ ਲਗਦਾ ਹੈ। ਖਾਲਸਾ ਪੰਥ ਹੋਲੀ ਨਹੀਂ, ਹੋਲਾ ਖੇਡਦਾ ਹੈ ਅਤੇ ਮਹੱਲਾ ਕਢਦਾ ਹੈ। ਕਵੀ ਸੁਮੇਰ ਸਿੰਘ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਦੇਸ਼ਾਂ ਨੂੰ ਇਸ ਤਰ੍ਹਾਂ ਲਿਖਦੇ ਹਨ:

**ਔਰਨ ਕੀ ਹੋਲੀ ਮਮ ਹੋਲਾ।**
**ਕਹਯੋ ਕ੍ਰਿਪਾਨਿਧ ਬਚਨ ਅਮੋਲਾ।**

ਅਜੋਕੇ ਸਮੇਂ ਵਿਚ ਨਵੀਂ ਪੀੜ੍ਹੀ ਸ਼ਾਨਾਂ-ਮੱਤੇ ਸਿੱਖ ਇਤਿਹਾਸ, ਗੌਰਵਮਈ ਵਿਰਸੇ, ਜੰਗਾਂ-ਯੁੱਧਾਂ ਵਿਚ ਸ਼ਕਤੀ ਦੇ ਪ੍ਰਦਰਸ਼ਨ ਤੇ ਬੀਰ-ਰਸੀ ਰਵਾਇਤਾਂ ਨੂੰ ਭੁਲਦੀ ਜਾ ਰਹੀ ਹੈ ਅਤੇ ਸ਼ਸਤਰਾਂ ਪ੍ਰਤੀ ਪਿਆਰ ਵੀ ਘਟਦਾ ਜਾ ਰਿਹਾ ਹੈ। ਆਪਣੇ ਵਿਰਸੇ ਪ੍ਰਤੀ ਜਾਗਰੂਕ ਕਰਨ ਲਈ ਖਾਲਸਾ ਪੰਥ ਦੀ ਨਿਆਰੀ ਹੋਂਦ ਨੂੰ ਦਰਸਾਉਂਦਾ ਇਹ ਕੌਮੀ ਤਿਉਹਾਰ ਪ੍ਰੇਰਨਾ ਸਰੋਤ ਹੈ। ਆਓ! ਇਸ ਪਵਿੱਤਰ ਤਿਉਹਾਰ ਨੂੰ ਮਨਾਉਂਦੇ ਹੋਏ ਆਪਣੇ ਗੌਰਵਮਈ ਵਿਰਸੇ ਅਤੇ ਜੁਝਾਰੂ ਬਿਰਤੀ ਦੀ ਸ਼ਕਤੀ ਨਾਲ ਨਸ਼ਿਆਂ ਤੇ ਪਤਿੱਤਪੁਣੇ ਵਿਰੁੱਧ ਜੂਝੀਏ। ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਦੀ ਲਹਿਰ ਨੂੰ ਪ੍ਰਚੰਡ ਕਰਨ ਦਾ ਪ੍ਰਣ ਲਈਏ ਅਤੇ ਖੰਡੇ-ਬਾਟੇ ਦੀ ਪਾਹੁਲ ਛੱਕ ਕੇ ਸਰਬੰਸ-ਦਾਨੀ ਦਸਮੇਸ਼ ਪਿਤਾ ਦੇ ਸੱਚੇ ਸਪੂਤ ਬਣੀਏ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਹੋਲੇ ਮਹੱਲੇ ’ਤੇ ਵਿਸ਼ੇਸ਼

# ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ ਹੋਲੇ ਮਹੱਲੇ ਤੇ ਛੇ ਸਖਸ਼ੀਅਤਾਂ ਹੋਣਗੀਆਂ ਸਨਮਾਨਿਤ

**-ਦਿਲਜੀਤ ਸਿੰਘ ਬੇਦੀ**

ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਵੱਲੋਂ ਹੋਲੇ ਮਹੱਲੇ ਤੇ ਇੰਟਰਨੈਸ਼ਨਲ ਗਤਕਾ ਮੁਕਾਬਲੇ ਕਰਵਾਏ ਜਾਂਦੇ ਹਨ ਅਤੇ ਇਸ ਅਵਸਰ ਤੇ ਵੱਖ-ਵੱਖ ਖੇਤਰਾਂ ਵਿੱਚ ਯੋਗਦਾਨ ਪਾਉਣ ਵਾਲੀਆਂ ਨਾਮਵਰ ਸਿੱਖ ਸਖ਼ਸ਼ੀਅਤਾਂ ਦੀ ਹੋਂਸਲਾ ਅਫਜਾਈ ਲਈ ਸਨਮਾਨਿਤ ਕਰਨ ਦੀ ਪਰੰਪਰਾ ਅਰੰਭੀ ਹੋਈ ਹੈ ਇਹ ਪਿਛਲੇ ਤਿੰਨ ਦਹਾਕਿਆਂ ਤੋਂ ਕਈ ਸਖ਼ਸ਼ੀਅਤਾਂ ਇਸ ਪੰਥ ਵੱਲੋਂ ਸਨਮਾਨੀਆਂ ਗਈਆਂ

ਇਸ ਵਾਰ ਵੀ ਛੇ ਸਖ਼ਸ਼ੀਅਤਾਂ ਦਾ ਵਿਸ਼ੇਸ਼ ਸਨਮਾਨ ਹੋਵੇਗਾ। ਜਿਨ੍ਹਾਂ ਵਿੱਚ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ, ਗੁਰੂਘਰ ਦੇ ਕੀਰਤਨੀਏ ਭਾਈ ਗੁਰਮੀਤ ਸਿੰਘ ਸ਼ਾਂਤ, ਉਘੇ ਵਿਦਵਾਨ, ਸਿੱਖ ਇਤਿਹਾਸ ਦੇ ਖੋਜੀ ਪ੍ਰੋਫੈਸਰ ਡਾ. ਪਰਮਵੀਰ ਸਿੰਘ, ਪੰਜਾਬੀ ਸਾਹਿਤ ਦੇ ਖੋਜ ਚਿੰਤਕ ਪ੍ਰੋਫੈਸਰ ਡਾ. ਧਰਮ ਸਿੰਘ, ਉਘੇ ਸਨਤਕਾਰ ਸ. ਹਰਪਾਲ ਸਿੰਘ ਭਾਟੀਆ ਇੰਦੌਰ ਦਾ ਵੀ ਸਨਮਾਨ ਹੋਵੇਗਾ।

ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ:- ਗੁਰੂ ਦੀ ਰਹਿਮਤ ਹੋਵੇ ਤਾਂ ਗੁਰੂਘਰ ਵਿੱਚ ਸਨਮਾਨਤ ਪਦ ਤੇ ਸੇਵਾ ਕਰਨ ਦਾ ਸੁਭਾਗ ਪ੍ਰਾਪਤ ਹੁੰਦਾ ਹੈ। ਪੂਰਬਲੇ ਕਰਮਾਂ ਦੀ ਭਗਤੀ ਸਦਕਾ ਸਿੱਖ ਕੌਮ ਦੇ ਦੋ ਕੇਂਦਰੀ ਅਸਥਾਨਾਂ ਦੀ ਧਾਰਮਿਕ ਸੇਵਾ ਨਿਭਾਉਣ ਲਈ ਖਾਲਸਾ ਪੰਥ ਨੇ ਸੇਵਾ ਸੌਂਪੀ ਹੈ। ਸਮੁੱਚੇ ਖਾਲਸਾ ਪੰਥ ਨੂੰ ਉਨ੍ਹਾਂ ਵੱਲੋਂ ਕੀਤੀਆਂ ਜਾ ਰਹੀਆਂ ਸੇਵਾਵਾਂ ਤੇ ਮਾਣ ਹੈ ਇਹ ਗੁਰਬਾਣੀ ਦੇ ਗਿਆਤਾ ਅਤੇ ਬਹੁਤ ਸੁੰਦਰ ਅਵਾਜ਼ ਵਾਲੇ ਪ੍ਰਭਾਵੀ ਵਕਤਾ ਹਨ।

**ਜਾ ਕੇ ਮਸਤਕਿ ਭਾਗ ਸਿ ਸੇਵਾ ਲਾਇਆ॥**

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਸ੍ਰੀ ਅੰਮ੍ਰਿਤਸਰ ਦੇ ਪਿੰਡ ਸੁਲਤਾਨਵਿੰਡ ਪੱਤੀ ਮਨਸੂਰ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਰਹਿਣ ਵਾਲੇ ਹਨ। ਸੰਨ 1989 ਵਿੱਚ ਅਖੰਡ ਪਾਠੀ ਸਿੰਘ ਵਜੋਂ ਸੇਵਾਵਾਂ ਸ਼ੁਰੂ ਕੀਤੀਆਂ ਅਤੇ 1991 ਤੋਂ 1995 ਤੱਕ ਵੱਖ-ਵੱਖ ਗੁਰੂ ਅਸਥਾਨਾਂ ’ਤੇ ਗ੍ਰੰਥੀ ਵਜੋਂ ਸੇਵਾ ਨਿਭਾਈ। 1995 ਤੋਂ ਅਪ੍ਰੈਲ 2014 ਤੱਕ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਪਿਆਰੇ ਸਿੰਘਾਂ ਵਿੱਚ ਅੰਮ੍ਰਿਤ ਸੰਚਾਰ ਦੀ ਸੇਵਾ ਦੇਸ਼ ਵਿਦੇਸ਼ ਵਿੱਚ ਨਿਭਾਈ ਅਤੇ ਅਨੇਕਾਂ ਪ੍ਰਾਣੀਆਂ ਨੂੰ ਅੰਮ੍ਰਿਤ ਛਕਾ ਕੇ ਗੁਰੂ ਲੜ ਲਾਇਆ।21 ਅਪ੍ਰੈਲ 2014 ਨੂੰ ਉਨ੍ਹਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗ੍ਰੰਥੀ ਵਜੋਂ ਸਿੰਘ ਸਾਹਿਬ ਨਿਯੁਕਤ ਕੀਤਾ ਗਿਆ ਅਤੇ 24 ਅਗਸਤ 2017 ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸਿੰਘ ਸਾਹਿਬ ਜਥੇਦਾਰ ਥਾਪਿਆ ਗਿਆ। ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ 16 ਜੂਨ 2023 ਨੂੰ ਭਗਤੀ ਤੇ ਸ਼ਕਤੀ ਦਾ ਸੁਮੇਲ ਸਿੱਖ ਕੌਮ ਦਾ ਸਰਵੋਤਮ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਜਥੇਦਾਰ ਸਾਹਿਬ (ਸਿੰਘ ਸਾਹਿਬ) ਦੀ ਸੇਵਾ ਸੌਂਪੀ ਗਈ ਅਤੇ ਉਹ ਨਾਲ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਵਜੋਂ ਵੀ ਸੇਵਾ ਨਿਭਾ ਰਹੇ ਹਨ। ਉਹ ਹਲੀਮੀ ਤੇ ਦਿਆਲਤਾ ਦੇ ਮੁਜੱਸਮੇ ਹਨ। ਸਮੁੱਚੇ ਸਿੱਖ ਜਗਤ ਦੇ ਸਿੱਖ ਇਹ ਆਸ਼ਾ ਰੱਖਦੇ ਹਨ ਕਿ ਸਿੰਘ ਸਾਹਿਬ ਕੌਮ ਦੇ ਭਵਿੱਖ ਲਈ ਸਮੁੱਚੀ ਤੇ ਨਿਗਰ ਅਗਵਾਈ ਕਰਨਗੇ। ਸਿੱਖ ਪੰਥ ਦੀ ਇਸ ਮਾਣਮੱਤੀ ਸਖ਼ਸ਼ੀਅਤ ਨੂੰ ਬੁੱਢਾ ਦਲ ਦੇ ਚੌਥੇ ਮੁਖੀ ਬਾਬਾ ਜੱਸਾ ਸਿੰਘ ਜੀ ਆਹਲੂਵਾਲੀਆ ਯਾਦਗਾਰੀ ਐਵਾਰਡ ਗੁ: ਗੁਰੂ ਕਾ ਬਾਗ਼ ਛਾਉਣੀ ਬੁੱਢਾ ਦਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਦਿਤਾ ਜਾਵੇਗਾ।

ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ:- ਸਨਮਾਨ ਸਮੁੱਚੀ ਜੀਵਨ ਦੀ ਘਾਲ ਕਮਾਈ ਅਤੇ ਸਮਾਜ ਪ੍ਰਤੀ ਕੀਤੀਆਂ ਸੇਵਾਵਾਂ ਦੇ ਉੱਤਰਫਲ ਵਜੋਂ ਪ੍ਰਾਪਤ ਹੁੰਦਾ ਹੈ। ਜਦੋਂ ਸਮਾਜ ਕਿਸੇ ਵਿਸ਼ੇਸ਼ ਸਖ਼ਸ਼ੀਅਤ ਵੱਲੋਂ ਬੇਸ਼ਕੀਮਤੀ ਕੀਤੀਆਂ ਜਾ ਰਹੀਆਂ ਨਿਮਰ ਸੇਵਾਵਾਂ ਨੂੰ ਕਬੂਲ ਲੈਂਦਾ ਹੈ ਤਾਂ ਸਤਿਕਾਰ ਦੇ ਵੱਖ-ਵੱਖ ਰੂਪ ਵਿਚ ਇਹ ਸਨਮਾਨ ਪ੍ਰਗਟ ਹੁੰਦਾ ਹੈ। ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਵੀ ਅਜਿਹੀ ਪ੍ਰਭਾਵਸ਼ਾਲੀ ਸਖ਼ਸ਼ੀਅਤ ਦੇ ਮਾਲਕ ਹਨ ਜਿਨ੍ਹਾਂ ਤੇ ਅਸੀ ਗੌਰਵ ਕਰ ਸਕਦੇ ਹਾਂ। ਗੁਰਮਤਿ ਦੇ ਮਾਰਗ ਤੇ ਚੱਲਣ ਲਈ ਆਪਣੇ ਆਪ ਨੂੰ ਸਾਧਣਾ ਜ਼ਰੂਰੀ ਹੈ। ਇਹ ਮਾਰਗ ਤਲਵਾਰ ਦੀ ਧਾਰ ਤੇ ਤੁਰਨ ਵਾਲਾ ਹੈ। ਸਿੱਖ ਦੀ ਉੱਚੀ ਸੁੱਚੀ ਸੁਰਤਿ ਤੇ ਉਸ ਦੇ ਸੱਚੇ ਬੋਲ ਲੋਕਾਈ ਲਈ ਮਾਰਗ ਬਣ ਜਾਂਦੇ ਹਨ।



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿ. ਸੁਲਤਾਨ ਸਿੰਘ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਨੇੜਲੇ ਪਿੰਡ ਗੁਰੂਵਾਲੀ ਦੇ ਜੰਮਪਲ ਹਨ। ਗਿਆਨੀ ਸੁਲਤਾਨ ਸਿੰਘ ਸੰਨ 2008 ਵਿਚ ਬਤੌਰ ਗ੍ਰੰਥੀ ਸਿੰਘ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਚ ਭਰਤੀ ਹੋਏ ਅਤੇ ਸੰਨ 2014 ਵਿਚ ਉਨ੍ਹਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਅਰਦਾਸੀਏ ਸਿੰਘ ਵਜੋਂ ਸੇਵਾ ਸੰਭਾਲੀ। ਸੰਨ 2021 ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ (ਸਿੰਘ ਸਾਹਿਬ) ਵਜੋਂ ਨਿਯੁਕਤ ਹੋਏ। ਜਥੇਦਾਰ ਗਿਆਨੀ ਸੁਲਤਾਨ ਸਿੰਘ ਨੂੰ 16 ਜੂਨ 2023 ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸਿੰਘ ਸਾਹਿਬ ਜਥੇਦਾਰ ਵਜੋਂ ਸੇਵਾ ਸੰਭਾਲ ਦੀ ਜ਼ੁੰਮੇਵਾਰੀ ਸੌਂਪੀ ਗਈ। ਜਿਸ ਦੇ ਨਾਲ-ਨਾਲ ਉਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ-ਸਿੰਘ ਸਾਹਿਬ ਵਜੋਂ ਵੀ ਸੇਵਾਵਾਂ ਨਿਭਾਅ ਰਹੇ ਹਨ।

ਪੰਥ ਦੀ ਇਸ ਮਾਣਮੱਤੀ ਸਖ਼ਸ਼ੀਅਤ ਨੂੰ ਉਨ੍ਹਾਂ ਦੀਆਂ ਪੰਥ ਪ੍ਰਤੀ ਕੀਤੀਆਂ ਜਾ ਰਹੀਆਂ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਬੁੱਢਾ ਦਲ ਦੇ ਛੇਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ ਯਾਦਗਾਰੀ ਐਵਾਰਡ ਦਿਤਾ ਜਾਵੇਗਾ।

ਗੁਰੂਘਰ ਦੇ ਕੀਰਤਨੀਏ ਭਾਈ ਗੁਰਮੀਤ ਸਿੰਘ ਸ਼ਾਂਤ:- ਕੀਰਤਨ ਨਿਰਮੋਲਕ ਹੀਰਾ, ਕਲਯੁੱਗ ਵਿੱਚ ਸੰਗੀਤ ਦੀ ਪ੍ਰਧਾਨਤਾ ਨੂੰ ਅੱਖੋ ਪਰੋਖੇ ਨਹੀਂ ਕੀਤਾ ਜਾ ਸਕਦਾ। ਲਲਿਤ ਕਲਾਵਾਂ ਵਿੱਚ ਸੰਗੀਤ ਅਤੇ ਰਾਗ ਨੂੰ ਸਰਵੋਤਮ ਸਥਾਨ ਪ੍ਰਾਪਤ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ 31 ਰਾਗ ਹਨ। ਸ੍ਰੀ ਹਰਿਮੰਦਰ ਸਾਹਿਬ ਵਿਖੇ ਇਨ੍ਹਾਂ ਦਾ ਨਿਰੰਤਰ ਕੀਰਤਨ ਹੁੰਦਾ ਹੈ। ਭਾਈ ਗੁਰਮੀਤ ਸਿੰਘ ਸਾਂਤ ਗੁਰੂਘਰ ਦੇ ਕੀਰਤਨੀਏ ਹਨ, ਉਹ ਗੁਰਬਾਣੀ ਦੇ ਵਿਆਖਿਆਕਾਰ ਵੀ ਹਨ, ਉਨ੍ਹਾਂ ਰਾਗਾਂ ਦੇ ਅਭਿਆਸੀ ਨਾਮਵਰ ਉਸਤਾਦਾਂ ਤੋਂ ਸਿੱਖਿਆ ਪ੍ਰਾਪਤ ਕੀਤੀ ਹੈ। ਉਨ੍ਹਾਂ ਆਪਣੇ ਸਖ਼ਤ ਮੇਹਨਤਕਸ ਅਭਿਆਸ ਰਾਹੀਂ ਸਾਰੇ ਰਾਗਾਂ ਨੂੰ ਗਾਇਆ ਹੈ। ਗੁਰੂ ਗੋਬਿੰਦ ਸਿੰਘ ਜੀ ਦੇ ਦਸਮਗ੍ਰੰਥ ਦੀ ਬਾਣੀ ਨੂੰ ਵੀ ਰਾਗਬੱਧ ਗਾਉਣ ਵਿੱਚ ਨਿਪੁੰਨ ਹਨ।

ਭਾਈ ਗੁਰਮੀਤ ਸਿੰਘ ਸਾਂਤ ਨੇ ਸ਼੍ਰੋਮਣੀ ਗੁ:ਪ੍ਰ ਕਮੇਟੀ, ਪੰਜਾਬ ਸਰਕਾਰ, ਦਿੱਲੀ ਸਿੱਖ ਗੁ:ਪ੍ਰ ਕਮੇਟੀ, ਹੋਰ ਸੰਸਥਾਵਾਂ ਵੱਲੋਂ ਕਰਵਾਏ ਰਾਗ ਦਰਬਾਰਾਂ ਵਿੱਚ ਜਿਥੇ ਹਾਜ਼ਰੀ ਭਰੀ ਉਥੇ ਅਮਰੀਕਾ, ਕਨੇਡਾ, ਯੂ.ਕੇ, ਪੋਲੈਂਡ, ਫਰਾਂਸ, ਜਰਮਨੀ, ਮਲੇਸ਼ੀਆਂ, ਥਾਈਲੈਂਡ, ਕੀਨੀਆਂ ਆਦਿ ਦੇਸ਼ਾਂ ਵਿੱਚ ਗੁਰਬਾਣੀ ਕੀਰਤਨ ਰਾਗਬੱਧ ਗਾ ਕੇ ਸੰਗਤਾਂ ਦੀ ਅਸੀਸ ਹਾਸਲ ਕੀਤੀ ਹੈ। ਸ਼ਤਾਬਦੀ ਸਮਾਗਮਾਂ ਦੌਰਾਨ ਰਾਗ ਸ਼ੈਲੀ ਵਿੱਚ ਕੀਰਤਨ ਕਰਨ ਲਈ, ਮਾਤਾ ਕੋਲਾਂ ਜੀ ਭਲਾਈ ਕੇਂਦਰ ਟਰੱਸਟ ਵੱਲੋਂ “ਰਾਗ ਕਲਾ ਸਮਰਾਟ” ਅਵਾਰਡ ਨਾਲ ਗੋਲਡ ਮੈਡਲ ਦਿੱਤਾ ਗਿਆ, ਸੰਤ ਸੁੱਚਾ ਸਿੰਘ ਜੀ ਗੁਰਮਤਿ ਸੰਗੀਤ ਅਕੈਡਮੀ ਜਵੱਦੀ ਟਕਸਾਲ ਲੁਧਿਆਣਾ ਵੱਲੋਂ ਗੁਰਮਤਿ ਸੰਗੀਤ ਅਵਾਰਡ, ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਲੁਧਿਆਣਾ ਵੱਲੋਂ ਭਾਈ ਸਮੁੰਦ ਸਿੰਘ ਯਾਦਗਾਰੀ ਗੁਰਮਤਿ ਸੰਗੀਤ ਅਵਾਰਡ, ਪੰਜਾਬ ਰਾਜ ਸਰਕਾਰ ਦੁਆਰਾ ਬਸੰਤ ਰਾਗ ਗਾਉਣ ਲਈ ਪਹਿਲਾ ਸਥਾਨ ਪੁਰਸਕਾਰ। ਭਾਰਤ ਦਾ ਅਦਾਰਾ ਪ੍ਰਚੀਨ ਕਲਾ ਕੇਂਦਰ ਕਲਚਰਲ ਚੰਡੀਗੜ ਵੱਲੋਂ ‘ਲਾਈਫ ਟਾਈਮ ਅਚੀਵਮੈਂਟ’ ਅਵਾਰਡ ਦਿੱਤਾ ਗਿਆ। ਹੁਣ ਬੁੱਢਾ ਦਲ ਦੇ ਤੀਸਰੇ ਮੁਖੀ ਨਵਾਬ ਕਪੂਰ ਸਿੰਘ ਜੀ ਯਾਦਗਾਰੀ ਐਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ।

ਉਘੇ ਵਿਦਵਾਨ, ਸਿੱਖ ਇਤਿਹਾਸ ਦੇ ਖੋਜੀ ਪ੍ਰੋਫੈਸਰ ਡਾ. ਪਰਮਵੀਰ ਸਿੰਘ:- ਪ੍ਰੋਫੈਸਰ ਹਰਬੰਸ ਸਿੰਘ ਇਨਸਾਈਕਲੋਪੀਡੀਆ ਆਫ਼ ਸਿੱਖਇਜ਼ਮ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਪ੍ਰੋਫੈਸਰ ਵਜੋਂ ਡਾ. ਪਰਮਵੀਰ ਸਿੰਘ ਸੇਵਾ ਨਿਭਾ ਰਹੇ ਹਨ। ਇਨ੍ਹਾਂ ਨੇ ਐਮ.ਏ. (ਫਿਲਾਸਫੀ, ਪੰਜਾਬੀ, ਰਿਲੀਜੀਅਸ ਸਟੱਡੀਜ਼), ਐਮ.ਫਿਲ. ਧਾਰਮਿਕ ਅਧਿਐਨ, ਪੀ.ਐਚ.ਡੀ. ਧਾਰਮਿਕ ਅਧਿਐਨ, ਨੈੱਟ (ਧਾਰਮਿਕ ਅਧਿਐਨ ਅਤੇ ਦਰਸ਼ਨ) ਦੀ ਵਿਦਿਅਕ ਯੋਗਤਾ ਹਾਸਲ ਕੀਤੀ ਹੈ। ਇਨ੍ਹਾਂ ਨੇ ਸਿੱਖਇਜ਼ਮ ਦਾ ਐਨਸਾਈਕਲੋਪੀਡੀਆ, ਨਿਰੁਕਤ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਪੰਚਬਤੀ ਸੰਦੇਸ਼ ਦੇ ਸੰਪਾਦਕ ਇਨ ਚੀਫ ਵਜੋਂ ਪਸ਼ੰਸਾਜਨਕ ਸੇਵਾ ਨਿਭਾਈ ਹੈ। ਡਾ. ਸਾਹਿਬ ਗੁਰੂ ਤੇਗ਼ ਸਾਹਿਬ ਜੀ ਦੇ ਵੱਖ-ਵੱਖ ਪਹਿਲੂਆਂ ਤੋਂ ਸੰਗਤਾਂ ਨੂੰ ਜਾਣੂੰ ਕਰਵਾਉਣ ਲਈ ਯਾਦਗਾਰੀ ਪੁਸਤਕਾਂ ਦੀ ਰਚਨਾ ਕੀਤੀ ਹੈ। ਉਹ ਸਿੱਖ ਸੰਸਥਾਵਾਂ ਦੇ ਚੰਗੇ ਸਹਿਯੋਗੀ ਵਜੋਂ ਇਮਾਨਦਾਰੀ ਨਾਲ ਸੇਵਾਵਾਂ ਨਿਭਾ ਰਹੇ ਹਨ। ਡਾ. ਪਰਮਵੀਰ ਸਿੰਘ ਨੂੰ ਅਕਾਲੀ ਫੂਲਾ ਸਿੰਘ ਮੈਮੋਰੀਅਲ ਟਰੱਸਟ ਪਟਿਆਲਾ, ਸ਼੍ਰੋਮਣੀ ਗੁ: ਪ੍ਰ ਕਮੇਟੀ, ਵੱਲੋਂ ਭਾਈ ਗੁਰਦਾਸ ਸਿੱਖ ਬੁਧੀਜੀਵੀ ਸਨਮਾਨ, ਬਾਬਾ ਬੰਦਾ ਸਿੰਘ ਬਹਾਦਰ ਸਿੱਖ ਸੰਪਰਦਯਾ (ਭਾਰਤ) ਰਜਿ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ। ਇਹ ਸਿੱਖ ਇਤਿਹਾਸ ਖੋਜ ਬੋਰਡ ਸ਼੍ਰੋਮਣੀ ਕਮੇਟੀ, ਅਕਾਦਮਿਕ ਕੌਂਸਲ ਸ੍ਰੀ ਗੁਰੁ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ, ਫਤਹਿਗੜ੍ਹ ਸਾਹਿਬ, ਫੈਕਲਟੀ ਆਫ਼ ਸੋਸ਼ਲ ਸਾਇੰਸਜ਼ ਪੰਜਾਬੀ ਯੂਨੀਵਰਸਿਟੀ ਪਟਿਆਲਾ।, ਬੋਰਡ ਆਫ਼ ਸਟੱਡੀਜ਼ ਧਰਮ ਅਧਿਐਨ ਵਿਭਾਗ, ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਵਿਭਾਗ ਸਟੱਡੀਜ਼, ਗੁਰਮਤਿ ਸੰਗੀਤ ਵਿਭਾਗ, ਬੋਰਡ ਆਫ਼ ਸਟੱਡੀਜ਼ ਇਨ ਰਿਲੀਜੀਅਸ ਸਟੱਡੀਜ਼ ਖ਼ਾਲਸਾ ਕਾਲਜ, ਪਟਿਆਲਾ।, ਅੰਡਰ ਗਰੈਜੂਏਟ ਬੋਰਡ ਆਫ਼ ਸਟੱਡੀਜ਼, ਮਾਤਾ ਗੁਜਰੀ ਕਾਲਜ ਫਤਹਿਗੜ੍ਹ ਸਾਹਿਬ।, ਗਵਰਨਿੰਗ ਕੌਂਸਲ ਅਤੇ ਅਕਾਦਮਿਕ ਕੌਂਸਲ ਮਾਤਾ ਗੁਜਰੀ ਕਾਲਜ, ਫਤਹਿਗੜ੍ਹ ਸਾਹਿਬ। ਡਾ: ਬਲਬੀਰ ਸਿੰਘ ਸਾਹਿਤ ਕੇਂਦਰ, ਦੇਹਰਾਦੂਨ ਦੇ ਮੈਂਬਰ ਰਹੇ ਹਨ।

ਇਨ੍ਹਾਂ ਵੱਲੋਂ ਸਿੱਖ ਜੀਵਨ-ਜਾਚ, ਸਿੱਖ ਗੁਰੂ: ਸੰਕਲਪ ਅਤੇ ਸੱਭਿਆਚਾਰ, ਭਾਈ ਰੂਪ ਚੰਦ, ਗੁਰੂ ਗ੍ਰੰਥ ਸਾਹਿਬ: ਚਿੰਤਨ ਅਤੇ ਵੀਚਾਰਧਾਰਾ, ਸਰਦੂਲ ਸਿੰਘ ਕਵੀਸ਼ਰ, ਮਾਤਾ ਸੁੰਦਰੀ ਜੀ ਸੰਘਰਸ ਤੇ ਸਖਸ਼ੀਅਤ, ਭਾਰਤ ਦੇ ਪਰਮੁੱਖ ਧਰਮ, ਗੁਰੂ ਗੋਬਿੰਦ ਸਿੰਘ ਜੀ ਅਤੇ ਬਿਹਾਰ ਦੀ ਸਿੱਖ ਵਿਰਾਸਤ, ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਬੰਗਲਾਦੇਸ਼ ਦੇ ਗੁਰਧਾਮ, ਗੁਰੂ ਨਾਨਕ ਦੇਵ ਜੀ ਦੀ ਬਾਣੀ, ਗੁਰੂ ਤੇਗ ਬਹਾਦਰ: ਗੁਰਮੁਖੀ ਸਰੋਤ, ਗੁਰੂ ਤੇਗ ਬਹਾਦਰ: ਜੀਵਨ ਮਹਿਮਾ ਚਰਣ ਛੋਹਿ ਅਸਥਾਨ, ਗੁਰੂ ਤੇਗ਼ ਬਹਾਦਰ: ਜੀਵਨ ਯਾਤਰਾਵਾਂ ਅਤੇ ਸੰਦੇਸ਼, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦੇ, ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਆਦਿ ਕਿਤਾਬਾਂ ਪ੍ਰਕਾਸ਼ਿਤ ਕੀਤੀਆਂ ਗਈਆਂ ਹਨ। ਬੁੱਢਾ ਦਲ ਦੇ ਤੀਸਰੇ ਮੁਖੀ ਨਵਾਬ ਕਪੂਰ ਸਿੰਘ ਜੀ ਯਾਦਗਾਰੀ ਐਵਾਰਡ ਦਿਤਾ ਜਾਵੇਗਾ।

ਪੰਜਾਬੀ ਸਾਹਿਤ ਦੇ ਖੋਜ ਚਿੰਤਕ ਪ੍ਰੋਫੈਸਰ ਡਾ. ਧਰਮ ਸਿੰਘ :- ਗੁਰਮੁਖੀ ਹਥ-ਲਿਖਤ ਵਿਦਿਆ ਦੇ ਵਿਸ਼ੇਸ਼ਗ ਡਾ. ਧਰਮ ਸਿੰਘ (ਅੰਮ੍ਰਿਤਸਰ) ਦਾ ਸਮੁਚਾ ਜੀਵਨ ਪੰਜਾਬੀ/ਗੁਰਮੁਖੀ ਦੇ ਅਧਿਐਨ, ਅਧਿਆਪਨ ਅਤੇ ਖੋਜ ਨੂੰ ਸਮਰਪਿਤ ਰਿਹਾ ਹੈ। ਪੰਜਾਬੀ ਸਾਹਿਤਕ ਖੋਜ ਵਿੱਚ ਡਾ. ਧਰਮ ਸਿੰਘ ਇੱਕ ਜਾਣਿਆ ਪਛਾਣਿਆ ਨਾਮ ਹੈ। ਪੰਜਾਬੀ ਖੋਜ ਦੇ ਇਤਿਹਾਸ ਦੇ ਸਰਵੇਖਣ ਅਤੇ ਮੁਲਾਂਕਣ ਵਿੱਚ ਸ਼ਾਨਦਾਰ ਤੇ ਪ੍ਰਸ਼ਸਾਜਨਕ ਕਾਰਜ ਹੈ। ਇਨ੍ਹਾਂ ਦੀਆਂ 14 ਤੋਂ ਵੱਧ ਪੁਸਤਕਾਂ ਪ੍ਰਕਾਸ਼ਿਤ ਹੋ ਚੁੱਕੀਆਂ ਹਨ। ਆਪ ਪੰਜਾਬੀ ਬੋਲੀ ਦੇ ਇਕ ਮਾਣਯੋਗ ਹਸਤਾਖਰ ਹਨ। ਪੰਜਾਬੀ ਅਧਿਐਨ ਨਾਲ ਜੁੜੀਆਂ ਪਿਛਲੇ ਚਾਰ ਦਹਾਕਿਆਂ ਦੀਆਂ ਗਤੀਵਿਧੀਆਂ ਦੇ ਆਪ ਚਸ਼ਮਦੀਦ ਗਵਾਹ ਹਨ। ਆਪ ਨੇ ਮਧਕਾਲ ਦੇ ਗੁਰਮੁਖੀ ਸਾਹਿਤ ਬਾਰੇ ਇਕ ਸੰਸਥਾ ਵਾਂਗ ਕਾਰਜ ਕੀਤਾ ਹੈ। ਇਨ੍ਹਾਂ ਦੀਆਂ ਪੰਜਾਬੀ ਸਾਹਿਤ ਇਤਿਹਾਸ ਨਾਲ ਸੰਬੰਧਿਤ ਪੁਸਤਕਾਂ ਵੱਖ-ਵੱਖ ਯੂਨੀਵਰਸਿਟੀਆਂ ਵਿਚ ਬੀ.ਏ., ਐਮ.ਏ. ਦੇ ਵਿਦਿਆਰਥੀਆਂ ਨੂੰ ਪੜ੍ਹਾਈਆਂ ਜਾ ਰਹੀਆਂ ਹਨ। ਡਾ. ਧਰਮ ਸਿੰਘ ਨੇ ਪੂਰੀ ਅਧੀ ਸਦੀ ਤਕ ਪੰਜਾਬੀ ਮਾਂ ਬੋਲੀ ਦਾ ਪਰਚਮ ਧੜੱਲੇ ਨਾਲ ਲਹਿਰਾਅ ਕੇ ਰਖਿਆ ਹੈ। ਇਨ੍ਹਾਂ ਦੁਆਰਾ ਲਿਖੇ ਖੋਜ -ਪੱਤਰ ਅਤੇ ਲੇਖ ਪੰਜਾਬੀ ਅਖਬਾਰਾਂ ਵਿਚ ਸਮੇਂ ਸਮੇਂ ’ਤੇ ਪ੍ਰਕਾਸ਼ਿਤ ਹੁੰਦੇ ਰਹਿੰਦੇ ਹਨ। ਆਪ ਦਾ ਜਨਮ 05 ਮਈ, 1940 ਨੂੰ ਪਿਤਾ ਸ. ਬੰਤਾ ਸਿੰਘ ਦੇ ਘਰ ਮਾਤਾ ਸੁਰਜੀਤ ਕੌਰ ਦੀ ਕੁਖੋਂ ਪਿੰਡ ਕਾਲੇ ਘਣੂਪੁਰ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਹੋਇਆ। ਇਸ ਸਮੇਂ ਆਪ ਜੀਵਨ ਦੇ 84 ਵਰ੍ਹਿਆਂ ਦੀ ਅਉਧ ਹੰਢਾ ਚੁੱਕੇ ਹਨ। ਪੰਜਾਬੀ ਦੇ ਸੁਹਿਰਦ ਅਧਿਆਪਕ ਅਤੇ ਖੋਜੀ ਨੂੰ ਬੁੱਢਾ ਦਲ ਦੇ ਚੌਥੇ ਮੁਖੀ ਬਾਬਾ ਜੱਸਾ ਸਿੰਘ ਆਹਲੂਵਾਲੀਆ ਜੀ ਯਾਦਗਾਰੀ ਐਵਾਰਡ ਦਿਤਾ ਜਾਵੇਗਾ।

ਉਘੇ ਸਨਤਕਾਰ ਸ. ਹਰਪਾਲ ਸਿੰਘ ਭਾਟੀਆ ਇੰਦੌਰ:- ਇੰਦੌਰ ਦੇ ਨਾਮਵਰ ਸਿੱਖ ਘਰਾਣੇ ਦੇ ਮਾਲਕ ਸ. ਗੁਰਦੀਪ ਸਿੰਘ ਭਾਟੀਆ ਦੇ ਗ੍ਰਹਿ ਅਤੇ ਮਾਤਾ ਸੁਰਿੰਦਰ ਕੌਰ ਭਾਟੀਆ ਦੀ ਕੁੱਖੋਂ ਪੈਦਾ ਹੋਇਆ ਇਹ ਹੋਣਹਾਰ ਸਪੁੱਤਰ ਸ. ਹਰਪਾਲ ਸਿੰਘ ਭਾਟੀਆ ਆਪਣੇ ਪਿਤਾ ਜੀ ਦੇ ਜੀਵਨ ਰਾਹਾਂ ਤੇ ਚਲਦਿਆਂ ਹਰ ਖੇਤਰ ਵਿੱਚ ਚੰਗਾ ਤੇ ਪ੍ਰਸ਼ੰਸਾਜਨਕ ਨਾਮ ਕਮਾ ਰਹੇ ਹਨ ਅਤੇ ਸੁਖਦ ਗੁਰਸਿੱਖੀ ਜੀਵਨ ਜੀ ਰਹੇ ਹਨ। ਆਪ ਕਾਰਮਰਸ ਗ੍ਰੈਜੂਏਟ ਹਨ ਅਤੇ ਪ੍ਰੇਮਨਗਰ ਮਾਨਿਕ ਬਾਗ਼ ਰੋਡ ਇੰਦੌਰ ਵਿਖੇ ਰਹਿ ਰਹੇ ਹਨ। ਉਘੇ ਸਨਤਕਾਰ ਅਤੇ ਗੁਰੂ ਘਰ ਦੇ ਨਿਮਰ ਪ੍ਰੇਮੀ ਹਨ। ਉਨ੍ਹਾਂ ਨੇ ਸਮਾਜ ਭਲਾਈ ਵਾਸਤੇ ਅਨੇਕਾਂ ਕਾਰਜ ਅਰੰਭੇ ਹੋਏ ਹਨ। ਬੋਰਡ ਆਫ਼ ਗਵਰਨਰ ਡੇਲੀ ਕਾਲਜ ਇੰਦੌਰ, ਪ੍ਰਧਾਨ ਮੱਧ ਪ੍ਰਦੇਸ ਅਤੇ ਛੱਤੀਸਗੜ੍ਹ ਕੇਂਦਰੀ ਸ੍ਰੀ ਗੁਰੂ ਸਿੰਘ ਸਭਾ। ਸਾਬਕਾ ਮੈਂਬਰ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲ ਨਗਰ ਸਾਹਿਬ ਨਾਂਦੇੜ। ਐਸੋਸੀਏਟ ਮੈਂਬਰ, ਪ੍ਰਬੰਧਕ ਕਮੇਟੀ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਅਤੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਲਈ ਕਨਵੀਨਰ ਮੱਧ ਪ੍ਰਦੇਸ਼। ਮੈਂਬਰ ਚੀਫ਼ ਖਾਲਸਾ ਦੀਵਾਨ। ਪ੍ਰਧਾਨ ਮੱਧ ਪ੍ਰਦੇਸ਼ ਅਤੇ ਗਲੋਬਲ ਮੀਤ ਪ੍ਰਧਾਨ, ਵਰਲਡ ਸਿੱਖ ਚੈਂਬਰ ਆਫ਼ ਕਾਮਰਸ। ਪ੍ਰਧਾਨ ਮੱਧ ਪ੍ਰਦੇਸ਼, ਵਿਸ਼ਵ ਪੰਜਾਬੀ ਸੰਸਥਾ। ਮੈਂਬਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਹੋਸਪੀਟਲ ਮੈਡੀਕਲ ਕਾਲਜ ਅਤੇ ਸਕੂਲ ਨੰਦੇੜ। ਮੈਂਬਰ ਕਾਲਜ ਵਿਕਾਸ ਕਮੇਟੀ ਗੁਰੂ ਨਾਨਕ ਖਾਲਸਾ ਕਾਲਜ ਆਫ਼ ਆਰਟਸ, ਸਾਇੰਸ ਐਂਡ ਕਾਮਰਸ ਮੁੰਬਈ ਤੋਂ ਇਲਾਵਾ ਉਹ ਕਈ ਵਿਉਪਾਰਕ, ਅਦਾਰਿਆਂ ਦੇ ਮਾਲਕ ਅਤੇ ਸਲਾਹਕਾਰ ਹਨ। ਬੁੱਢਾ ਦਲ ਦੇ ਤੀਸਰੇ ਮੁਖੀ ਨਵਾਬ ਕਪੂਰ ਸਿੰਘ ਜੀ ਯਾਦਗਾਰੀ ਐਵਾਰਡ ਨਾਲ ਇਨ੍ਹਾਂ ਨੂੰ ਸਨਮਾਨਿਤ ਕੀਤਾ ਜਾਵੇਗਾ। ••

# ਪਿੰਡ ਟਕਾਪੁਰ ਵਿੱਚ ਬਾਬਾ ਦੀਪ ਸਿੰਘ ਸਪੋਰਟਸ ਕਲੱਬ ਵੱਲੋਂ ਫੁੱਟਬਾਲ ਟੂਰਨਾਮੈਂਟ ਕਰਵਾਇਆ

**ਚੌਂਕ ਮਹਿਤਾ 20 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸ਼ਹੀਦ ਬਾਬਾ ਦੀਪ ਸਿੰਘ ਜੀ ਸਪੋਰਟਸ ਕਲੱਬ ਟਕਾਪੁਰ, ਗ੍ਰਾਮ ਪੰਚਾਇਤ ਪਿੰਡ ਟਕਾਪੁਰ ਅਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਪਿੰਡ ਟਕਾਪੁਰ ਦੇ ਸਟੇਡੀਅਮ ਵਿੱਚ ਪਹਿਲਾ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ। ਪਿੰਡ ਟਕਾਪੁਰ ਦੀ ਟੀਮ ਨੇ ਫਾਈਨਲ ਮੈਚ ਵਿੱਚ ਬੱਲਪੁਰੀਆ ਦੀ ਟੀਮ ਨੂੰ ਹਰਾ ਕੇ ਪਹਿਲ ਸਥਾਨ ਪ੍ਰਾਪਤ ਕੀਤਾ ਅਤੇ ਗੋਲਡ ਕੱਪ ਜਿੱਤਿਆ। ਛੋਟੇ ਬੱਚਿਆਂ ਦਾ ਸ਼ੋਅ ਮੈਚ ਵੀ ਕਰਵਾਇਆ ਗਿਆ, ਜਿਸ ਵਿੱਚ ਟਕਾਪੁਰ ਦੀ ਅੰਡਰ ਗਿਆਰਾਂ ਟੀਮ ਨੇ ਭੋਮਾ ਪਿੰਡ ਦੀ ਟੀਮ ਨੂੰ ਹਰਾਇਆ ।ਟਕਾਪੁਰ ਫੁੱਟਬਾਲ ਅਕੈਡਮੀ ਦੇ ਸਰਪ੍ਰਸਤ ਸ੍ਰ ਗੁਰਬਿੰਦਰ ਸਿੰਘ ਬੱਲ ਯੂ ਐਸ ਏ ਵੱਲੋਂ ਆਪਣੇ ਪਿਤਾ ਸਵਰਗਵਾਸੀ ਸ੍ਰ ਦੀਦਾਰ ਸਿੰਘ ਬੱਲ ਸਾਬਕਾ ਸਰਪੰਚ ਜੀ ਦੀ ਯਾਦ ਵਿੱਚ ਟੂਰਨਾਮੈਂਟ ਲਈ ਵਿਸ਼ੇਸ਼ ਸਹਿਯੋਗ ਦਿੱਤਾ। ਸ੍ਰ ਹਰਉਪਕਾਰ ਸਿੰਘ ਯੂਕੇ, ਸ੍ਰ ਜਤਿੰਦਰ ਸਿੰਘ ਕੈਨੇਡਾ, ਸ੍ਰ ਗੁਰਸ਼ਰਨ ਸਿੰਘ ਯੂ ਐਸ ਏ, ਸ੍ਰ ਕਰਨਬੀਰ ਸਿੰਘ ਆਸਟ੍ਰੇਲੀਆ ਵੱਲੋਂ ਅਤੇ ਹੋਰ ਵੀ ਬਹੁਤ ਸਾਰੇ ਐਨ ਆਰ ਆਈ ਸੱਜਣਾ ਵੱਲੋਂ ਵਡਮੁੱਲਾ ਯੋਗਦਾਨ ਪਾਇਆ ਗਿਆ। ਸਮਾਪਤੀ ਸਮਾਰੋਹ ਦੀ ਦੌਰਾਨ ਮੁੱਖ ਮਹਿਮਾਨ ਸ੍ਰ ਜਸਬੀਰ ਸਿੰਘ ਡਿੰਪਾ ਗਿੱਲ(ਮੈਂਬਰ ਪਾਰਲੀਮੈਂਟ ਹਲਕਾ ਸ੍ਰੀ ਖਡੂਰ ਸਾਹਿਬ) ਵੱਲੋਂ ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਇਨਾਮ ਵੰਡੇ ਗਏ। ਸ੍ਰੀ ਡਿੰਪਾ ਗਿੱਲ ਨੇ ਟੂਰਨਾਮੈਂਟ ਕਮੇਟੀ ਅਤੇ ਪੰਚਾਇਤ ਦੇ



ਇਸ ਉੱਦਮ ਦੀ ਪ੍ਰਸੰਸਾ ਕੀਤੀ ਅਤੇ ਸੁਨਹਿਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸ੍ਰ ਹਰਪਾਲ ਸਿੰਘ ਸਰਪੰਚ, ਸ੍ਰ ਸੁਖਦੇਵ ਸਿੰਘ ਬਿੱਟੂ ਸੀਨੀਅਰ ਕਿਸਾਨ ਆਗੂ, ਸ੍ਰ ਗੁਰਦੇਵ ਸਿੰਘ ਟੋਨੀ ਪੰਚਾਇਤ ਮੈਂਬਰ, ਸ੍ਰ ਗਿਆਨ ਸਿੰਘ ਪੰਚਾਇਤ ਮੈਂਬਰ, ਸ੍ਰ ਭੁਪਿੰਦਰ ਸਿੰਘ,ਸ੍ਰ ਰੁਪਿੰਦਰ ਸਿੰਘ, ਥਾਣੇਦਾਰ ਸਰਬਜੀਤ ਸਿੰਘ, ਬਾਬਾ ਬਿਕਰਮਜੀਤ ਸਿੰਘ ਗ੍ਰੰਥੀ, ਸ੍ਰ ਕੁਲਵੰਤ ਸਿੰਘ ਸਾਬਕਾ ਸਰਪੰਚ, ਸ੍ਰ ਸੁਖਦੇਵ ਸਿੰਘ ਪ੍ਰਧਾਨ, ਸ੍ਰ ਸੁੱਚਾ ਸਿੰਘ,ਸ੍ਰ ਬਲਵਿੰਦਰ ਸਿੰਘ ਸੈਕਟਰੀ, ਸ੍ਰ ਜੈਮਲ ਸਿੰਘ ਬੋਲੇਵਾਲ, ਸ੍ਰ ਬਲਜੀਤ ਸਿੰਘ ਭੱਟੀ ਸਠਿਆਲਾ, ਸ੍ਰ ਅਮਰੀਕ ਸਿੰਘ ਸਰਪੰਚ ਕਰਤਾਰਪੁਰ, ਸ੍ਰ ਸੁਖਵਿੰਦਰ ਸਿੰਘ ਲਾਡੀ ਸਰਪੰਚ ਸੱਤੋਵਾਲ, ਸ੍ਰ ਮਲਕੀਤ ਸਿੰਘ ਸਰਪੰਚ ਸ਼ਾਹਪੁਰ, ਸ੍ਰ ਸੁਖਵੰਤ ਸਿੰਘ ਬਿੱਲੂ ਸਰਪੰਚ ਬੁਤਾਲਾ, ਸ੍ਰ ਸੰਦੀਪ ਸਿੰਘ ਸੰਨੀ,ਸ੍ਰ ਬਚਿੱਤਰ ਸਿੰਘ ਬੋਲੇਵਾਲ, ਸ੍ਰ ਗੁਰਜਿੰਦਰ ਸਿੰਘ, ਸ੍ਰ ਪਲਵਿੰਦਰ ਸਿੰਘ, ਸ੍ਰ ਗੁਰਪ੍ਰੀਤ ਸਿੰਘ, ਸ੍ਰ ਸੁਖਬੀਰ ਸਿੰਘ, ਸ੍ਰ ਰਾਜਵਿੰਦਰ ਸਿੰਘ, ਸ੍ਰ ਜਸਬੀਰ ਸਿੰਘ ਜੱਸਾ, ਸ੍ਰ ਪਲਵਿੰਦਰ ਸਿੰਘ ਭੁੱਲਰ, ਸ੍ਰ ਪਰਮਜੀਤ ਸਿੰਘ ਸ਼ਾਹ, ਸ੍ਰ ਕੰਵਲਪ੍ਰੀਤ ਸਿੰਘ, ਸ੍ਰ ਬਲਵਿੰਦਰ ਸਿੰਘ ਮੈਂਬਰ ਪੰਚਾਇਤ, ਸ੍ਰ ਸਤਿੰਦਰ ਸਿੰਘ, ਸ੍ਰ ਹਰਜੀਤ ਸਿੰਘ, ਸ੍ਰ ਕੁਲਵਿੰਦਰ ਸਿੰਘ, ਸ੍ਰ ਲਖਵੀਰ ਸਿੰਘ ਲੱਖਾ, ਸ੍ਰ ਲਖਵਿੰਦਰ ਸਿੰਘ ਲੱਖਾ, ਸ੍ਰ ਗੁਰਮੇਲ ਸਿੰਘ, ਸ੍ਰ ਅਨੋਖ ਸਿੰਘ, ਸ੍ਰ ਦਿਆਲ ਸਿੰਘ, ਸ੍ਰ ਬੂਟਾ ਸਿੰਘ, ਸ੍ਰ ਹਰੀ ਸਿੰਘ, ਸ੍ਰ ਸੁਰਿੰਦਰ ਸਿੰਘ, ਸ੍ਰ ਸੁਖਦੇਵ ਸਿੰਘ ਖੱਬੇ, ਸ੍ਰ ਬਲਜਿੰਦਰ ਸਿੰਘ, ਸ੍ਰ ਗੁਰਮੇਲ ਸਿੰਘ ਅਤੇ ਸਮੂਹ ਨਗਰ ਨਿਵਾਸੀ ਹਾਜ਼ਰ ਹੋਏ। ਸ੍ਰ ਹਰਪਾਲ ਸਿੰਘ ਸਰਪੰਚ ਜੀ, ਸ੍ਰ ਗੁਰਦੇਵ ਸਿੰਘ ਮੈਂਬਰ ਪੰਚਾਇਤ ਅਤੇ ਸ੍ਰ ਸੁਖਦੇਵ ਸਿੰਘ ਬਿੱਟੂ ਜੀ ਸਣੇ ਹਾਜ਼ਰ ਪਤਵੰਤਿਆਂ ਵੱਲੋਂ ਨੇ ਮੈਂਬਰ ਪਾਰਲੀਮੈਂਟ ਸਾਹਿਬ ਦਾ ਸਵਾਗਤ ਕੀਤਾ ਗਿਆ ਅਤੇ ਸਮੂਹ ਐਨ ਆਰ ਆਈ ਸੱਜਣਾ ਅਤੇ ਪਿੰਡ ਵਾਸੀਆਂ ਵੱਲੋਂ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ ਗਿਆ ਅਤੇ ਟਕਾਪੁਰ ਦੇ ਕੋਚ ਜੁਗਰਾਜ ਸਿੰਘ ਨੂੰ ਸ਼ਾਬਾਸ਼ ਦਿੱਤੀ ਅਤੇ ਨਕਦ ਇਨਾਮ ਦੇ ਕੇ ਸਨਮਾਨਿਤ ਕੀਤਾ।

### ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਨਿੱਜੀ ਫੇਰੀ ਦੌਰਾਨ

# ਨਗਰ ਵਲਟੋਹਾ ਗੁਰਦੁਆਰਾ ਭਾਈ ਝਾੜੂ ਸਾਹਿਬ ਵਿਖੇ ਪਹੁੰਚੇ









ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੀ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨਿੱਜੀ ਫੇਰੀ ਦੌਰਾਨ ਨਗਰ ਵਲਟੋਹਾ ਵਿਖੇ ਗੁਰਦੁਆਰਾ ਭਾਈ ਝਾੜੂ ਸਾਹਿਬ ਵਿਖੇ ਪਹੁੰਚੇ। ਇੱਥੇ ਪਹੁੰਚਣ ਤੇ ਜੋਸ਼ੋ ਖਰੋਸ ਨਾਲ ਸਿੰਘ ਸਾਹਿਬ ਜੀ ਦਾ ਸਵਾਗਤ ਕੀਤਾ ਗਿਆ। ਸਿੰਘ ਸਾਹਿਬ ਜੀ ਵੱਲੋਂ ਸ਼ਹੀਦ ਭਾਈ ਦਾਰਾ ਸਿੰਘ ਜੀ ਦੀ ਧਰਮ ਸੁਪਤਨੀ ਦਾ ਸਨਮਾਨ ਕੀਤਾ ਗਿਆ। ਇਸੇ ਤਰ੍ਹਾਂ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੰਘ ਸਾਹਿਬ ਜੀ ਦਾ ਸਨਮਾਨ ਕੀਤਾ ਜੀ ਆਇਆ ਕਿਹਾ ਤੇ ਧੰਨਵਾਦ ਕੀਤਾ। ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜਰ ਪੰਜਾਬ ਬਾਬਾ ਸੱਜਣ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ, ਹਜੂਰੀ ਕਥਾ ਵਾਚਕ ਗਿਆਨੀ ਹਰਮਨ ਪ੍ਰੀਤ ਸਿੰਘ ਜੀ, ਬਾਬਾ ਗੁਰ ਸਾਹਿਬ ਸਿੰਘ ਜੀ ਗੁਰਮਤਿ ਸਮਾਗਮ ਸੇਵਕ ਵਰਨਾਲਾ, ਡਾਕਟਰ ਗੁਰਬਖਸ਼ ਸਿੰਘ , ਗੁਰਸ਼ਰਨ ਸਿੰਘ ,ਗੁਰਸੇਵਕ ਸਿੰਘ, ਗੁਰਵਿੰਦਰ ਸਿੰਘ ਅਤੇ ਹੋਰ ਸਿੰਘ ਹਾਜ਼ਰ ਸਨ।

### ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਦੇ ਭਾਜਪਾ 'ਚ ਸ਼ਾਮਲ ਹੋਣ 'ਤੇ ਭਾਜਪਾ ਪ੍ਰਧਾਨ ਸ਼੍ਰੀ ਜੇਪੀ ਨੱਡਾ, ਵਿਦੇਸ਼ ਮੰਤਰੀ ਡਾ. ਜੈਸ਼ੰਕਰ ਅਤੇ ਸਿੱਖਿਆ ਤੇ ਹੁਨਰ ਵਿਕਾਸ ਮੰਤਰੀ ਸ਼੍ਰੀ ਧਰਮਿੰਦਰ ਪ੍ਰਧਾਨ ਨੇ ਦਿੱਤੀਆਂ ਸ਼ੁੱਭਕਾਮਨਾਵਾਂ

# ਪੰਜਾਬ ਭਾਜਪਾ ਦੇ ਇੰਚਾਰਜ ਸ਼੍ਰੀ ਵਿਜੈ ਰੁਪਾਨੀ, ਸਹਿ ਇੰਚਾਰਜ ਡਾ. ਨਰਿੰਦਰ ਸਿੰਘ ਰੈਣਾ, ਪੰਜਾਬ ਪ੍ਰਧਾਨ ਸ਼੍ਰੀ ਸੁਨੀਲ ਕੁਮਾਰ ਜਾਖੜ, ਅਤੇ ਸੰਗਠਨ ਮੰਤਰੀ ਮੰਥਰੀ ਸ਼੍ਰੀ ਨਿਵਾਸੁਲੂ ਨੇ ਵੀ ਕੀਤਾ ਸਵਾਗਤ

**ਅੰਮ੍ਰਿਤਸਰ / ਨਵੀਂ ਦਿਲੀ, 20 ਮਾਰਚ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਵਿਚ ਸ਼ਾਮਿਲ ਹੋਣ 'ਤੇ ਅਮਰੀਕਾ 'ਚ ਭਾਰਤ ਦੇ ਸਾਬਕਾ ਰਾਜਦੂਤ ਸਰਦਾਰ ਤਰਨਜੀਤ ਸਿੰਘ ਸੰਧੂ ਨੂੰ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਸ਼੍ਰੀ ਜੇਪੀ ਨੱਡਾ, ਭਾਰਤ ਦੇ ਵਿਦੇਸ਼ ਮੰਤਰੀ ਡਾ. ਜੈਸ਼ੰਕਰ ਅਤੇ ਸਿੱਖਿਆ ਤੇ ਹੁਨਰ ਵਿਕਾਸ ਅਤੇ ਉਦਮਤਾ ਮੰਤਰੀ ਸ਼੍ਰੀ ਧਰਮਿੰਦਰ ਪ੍ਰਧਾਨ ਨੇ ਸ਼ੁੱਭਕਾਮਨਾਵਾਂ ਦਿੱਤੀਆਂ ਹਨ। ਭਾਜਪਾ ਪ੍ਰਧਾਨ ਸ਼੍ਰੀ ਜੇ ਪੀ ਨੱਡਾ ਨੇ ਪਾਰਟੀ 'ਚ ਆਉਣ 'ਤੇ ਸਰਦਾਰ ਸੰਧੂ ਦਾ ਆਪਣੇ ਗ੍ਰਹਿ ਵਿਖੇ ਸਨਮਾਨਿਤ ਕਰਦਿਆਂ ਕਿਹਾ ਕਿ ਪਾਰਟੀ ਉਨ੍ਹਾਂ ਦੀ ਲਿਆਕਤ ਦਾ ਪੂਰਾ ਲਾਹਾ ਲਵੇਗੀ। ਉਨ੍ਹਾਂ ਸਰਦਾਰ ਸੰਧੂ ਤੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਵਿਕਾਸ ਮੁਖੀ ਯੋਜਨਾਵਾਂ ਨੂੰ ਲਾਗੂ ਕਰਨ ਅਤੇ ਪਾਰਟੀ ਦੀਆਂ ਨੀਤੀਆਂ ਰਾਹੀਂ ਪੰਜਾਬ ਨੂੰ ਨਵੀਂ ਦਸ਼ਾ ਪ੍ਰਦਾਨ ਕਰਨ ਦੀ ਆਸ ਕੀਤੀ। ਵਿਦੇਸ਼ ਮੰਤਰੀ ਡਾ. ਐਸ ਜੈਸ਼ੰਕਰ ਨੇ ਮੇਲ ਮਿਲਾਪ ਤੋਂ ਬਾਅਦ ਸਰਦਾਰ ਸੰਧੂ ਬਾਰੇ ਟਵੀਟ ਕਰਦਿਆਂ ਕਿਹਾ ਕਿ ਬੀਜੇਪੀ ਵਿੱਚ ਤੁਹਾਡਾ ਸੁਆਗਤ ਹੈ, ਉਨ੍ਹਾਂ ਤਸੱਲੀ ਪ੍ਰਗਟ ਕਰਦਿਆਂ ਕਿਹਾ ਕਿ ਸਾਡਾ ਨਜ਼ਦੀਕੀ ਸਹਿਯੋਗੀ ਅੰਬੈਸਡਰ ਤਰਨਜੀਤ ਸਿੰਘ ਸੰਧੂ ਨੇ ਮੈਨੂੰ ਪੂਰਾ ਭਰੋਸਾ ਦਿੱਤਾ ਹੈ ਕਿ ਉਹ ਦੇਸ਼ ਦੇ ਵਿਕਾਸ ਅਤੇ ਤਰੱਕੀ ਵਿੱਚ ਯੋਗਦਾਨ ਦਿੰਦੇ ਰਹਿਣਗੇ। ਇਸੇ ਤਰਾਂ ਸਿੱਖਿਆ ਅਤੇ ਹੁਨਰ ਵਿਕਾਸ ਮੰਤਰੀ ਸ਼੍ਰੀ ਧਰਮਿੰਦਰ ਪ੍ਰਧਾਨ ਨੇ ਖਾਣੇ ਦੀ ਮੇਜ਼ਬਾਨੀ ਕਰਦਿਆਂ ਭਾਜਪਾ 'ਚ ਸ਼ਾਮਿਲ ਹੋਏ ਸਾਬਕਾ ਡਿਪਲੋਮੈਟ ਸ਼੍ਰੀ ਤਰਨਜੀਤ ਸਿੰਘ ਸੰਧੂ ਵੱਲੋਂ ਪਖਾਲਾਦਿਬਾਸਾ ਮਨਾਉਣ ਲਈ ਦੁਪਹਿਰ ਦੇ ਖਾਣੇ ਵਿੱਚ ਉਨ੍ਹਾਂ ਨਾਲ ਮੌਜੂਦ ਰਹਿਣ ਲਈ ਖ਼ੁਸ਼ੀ ਦਾ ਇਜ਼ਹਾਰ ਕੀਤਾ। ਉਨ੍ਹਾਂ ਕਿਹਾ ਕਿ ਮਹਾ ਪ੍ਰਭੂ ਜਗਨਨਾਥ ਦੇ ਮਨਪਸੰਦ ਭੋਜਨਾਂ ਵਿੱਚੋਂ ਇੱਕ, ਪਖਾਲਾ ਕੇਵਲ ਇੱਕ ਭੋਜਨ ਨਹੀਂ ਹੈ ਬਲਕਿ ਓਡੀਸ਼ਾ ਦੀ ਸਭਿਆਚਾਰਕ ਪਛਾਣ ਅਤੇ ਰਸੋਈ ਵਿਰਾਸਤ ਦਾ ਇੱਕ ਅਨਿੱਖੜਵਾਂ ਅੰਗ ਹੈ। ਉਨ੍ਹਾਂ ਕਿਹਾ ਕਿ ਦੋਸਤਾਂ ਅਤੇ ਪਰਿਵਾਰ ਨਾਲ ਪਖਾਲੇ ਦਾ ਸੇਵਨ ਕਰਨ ਨਾਲ ਖ਼ੁਸ਼ੀ ਦੁੱਗਣੀ ਹੋ ਜਾਂਦੀ ਹੈ। ਸਾਬਕਾ ਡਿਪਲੋਮੈਟ ਸ਼੍ਰੀ ਤਰਨਜੀਤ ਸਿੰਘ ਸੰਧੂ ਦੇ ਭਾਜਪਾ ਵਿਚ ਸ਼ਾਮਿਲ ਹੋਣ 'ਤੇ ਪੰਜਾਬ ਭਾਜਪਾ ਦੇ ਇੰਚਾਰਜ ਸ਼੍ਰੀ ਵਿਜੈ ਰੁਪਾਨੀ, ਭਾਜਪਾ ਦੇ ਕੇਂਦਰੀ ਸਕੱਤਰ ਤੇ ਸਹਿ ਇੰਚਾਰਜ ਡਾ. ਨਰਿੰਦਰ ਸਿੰਘ ਰੈਣਾ, ਪੰਜਾਬ ਭਾਜਪਾ ਪ੍ਰਧਾਨ ਸ਼੍ਰੀ ਸੁਨੀਲ ਕੁਮਾਰ ਜਾਖੜ, ਪੰਜਾਬ ਭਾਜਪਾ ਦੇ ਸੰਗਠਨ ਮੰਤਰੀ ਮੰਥਰੀ ਸ਼੍ਰੀ ਨਿਵਾਸੁਲੂ, ਭਾਜਪਾ ਓ.ਬੀ.ਸੀ ਮੋਰਚਾ ਦੇ ਪ੍ਰਧਾਨ ਬੋਨੀ ਅਮਰਪਾਲ ਸਿੰਘ ਅਜਨਾਲਾ, ਜ਼ਿਲ੍ਹਾ ਸ਼ਹਿਰੀ ਪ੍ਰਧਾਨ ਹਰਵਿੰਦਰ ਸਿੰਘ ਸੰਧੂ, ਗੁਰਪ੍ਰਤਾਪ ਸਿੰਘ ਟਿੱਕਾ ਸਮੇਤ ਸਥਾਨਿਕ ਲੀਡਰਸ਼ਿਪ ਨੇ ਵੀ ਸਵਾਗਤ ਕੀਤਾ ਅਤੇ ਵਧਾਈ ਦਿੱਤੀ ਹੈ।



### 33ਵੀਂ ਪੰਜਾਬ ਕਬੱਡੀ ਚੈਂਪੀਅਨਸ਼ਿਪ 'ਚ ਗੁਰੂ ਹਰਗੋਬਿੰਦ ਪਬਲਿਕ ਸੀਨੀ. ਸੈਕੰ. ਸਕੂਲ ਲਹਿਰੀ ਦੇ ਖਿਡਾਰੀ ਨੇ ਦੂਸਰੀ ਵਾਰ ਚਮਕਾਇਆ ਪੰਜਾਬ ਦਾ ਨਾਮ



ਤਲਵੰਡੀ ਸਾਬੋ, 20 ਮਾਰਚ (ਗੁਰਜੰਟ ਸਿੰਘ ਨਥੇਹਾ)- 33ਵੀਂ ਪੰਜਾਬ ਕਬੱਡੀ ਚੈਂਪੀਅਨਸ਼ਿਪ ਨੈਸ਼ਨਲ ਸਟਾਈਲ ਸਬ ਜੂਨੀਅਰ ਲੜਕੇ (ਅੰਡਰ-16) ਬਠਿੰਡਾ ਟੀਮ ਨੇ ਬਿਹਾਰ ਵਿੱਚ ਆਪਣੀ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਪੰਜਵੀਂ ਪੁਜੀਸ਼ਨ ਪ੍ਰਾਪਤ ਕਰ ਲਈ ਹੈ। ਇਸ ਟੀਮ ਵਿੱਚ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਦੇ ਖਿਡਾਰੀ ਗੈਰੀ ਸਿੰਘ ਮਿਰਜੇਆਣਾ ਨੇ ਪੰਜਾਬ ਦੀ ਨੁਮਾਇੰਦਗੀ ਕਰਦੇ ਹੋਏ ਪੰਜਾਬ ਦਾ, ਜਿਲ੍ਹੇ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਸ੍ਰ. ਲਖਵਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਸੈਸ਼ਨ 2023-24 ਦੇ ਵਿਚ ਗੈਰੀ ਸਿੰਘ ਨੇ 67ਵੀਆਂ ਸਕੂਲੀ ਖੇਡਾਂ ਅਤੇ ਖੇਡਾਂ



ਵਤਨ ਦੀਆਂ ਵਿਚ ਵੀ ਵੱਡੀਆਂ ਮੱਲਾਂ ਮਾਰਦੇ ਹੋਏ ਨੈਸ਼ਨਲ ਪੱਧਰੀ 67ਵੀਆਂ ਸਕੂਲ ਖੇਡਾਂ 'ਚ ਵੀ ਪ੍ਰਦਰਸ਼ਨ ਕਰ ਚੁੱਕਾ ਹੈ ਉਥੇ ਹੀ ਹੁਣ 33ਵੀਂ ਪੰਜਾਬ ਕਬੱਡੀ ਚੈਂਪੀਅਨਸ਼ਿਪ ਨੈਸ਼ਨਲ ਸਟਾਈਲ ਵਿਚ ਵੀ ਵੱਡੀ ਪ੍ਰਾਪਤੀ ਕੀਤੀ ਹੈ। ਉਹਨਾਂ ਦੱਸਿਆ ਕਿ ਸੂਬਾ ਪੱਧਰੀ ਚੈਂਪੀਅਨਸ਼ਿਪ ਵਿਚ ਜ਼ਿਲ੍ਹੇ ਦੀ ਟੀਮ ਵਿਚ ਸਕੂਲ ਦੇ ਤਿੰਨ ਖਿਡਾਰੀਆਂ ਨੇ ਸ਼ਮੂਲੀਅਤ ਕੀਤੀ ਸੀ ਜਿਹਨਾਂ ਵਿਚੋਂ ਗੈਰੀ ਸਿੰਘ ਮਿਰਜੇਆਣਾ ਨੇ ਜ਼ਬਰਦਸਤ ਪ੍ਰਦਰਸ਼ਨ ਕੀਤਾ ਅਤੇ ਗੈਰੀ ਸਿੰਘ ਦੀ ਨੈਸ਼ਨਲ ਪੱਧਰੀ ਚੈਂਪੀਅਨਸ਼ਿਪ 'ਚ ਸਿਲੈਕਸ਼ਨ ਹੋਈ ਇਸ ਤੋਂ ਬਾਅਦ ਨੈਸ਼ਨਲ ਖੇਡਾਂ ਵਿਚ ਪੰਜਾਬ ਦੀ ਨੁਮਾਇੰਦਗੀ ਕਰਦੇ ਹੋਏ ਬਿਹਾਰ ਦੇ ਮੋਤੀਹਾਰੀ ਵਿਖੇ ਖੇਡਦਿਆਂ ਪੰਜਵੀਂ ਪੁਜੀਸ਼ਨ ਹਾਸਲ ਕੀਤੀ ਹੈ। ਇਸ ਖ਼ੁਸ਼ੀ ਦੀ ਖ਼ਬਰ ਸੁਣਦਿਆਂ ਹੀ ਸਕੂਲ ਵਿਚ ਖ਼ੁਸ਼ੀ ਦਾ ਮਾਹੌਲ ਪਾਇਆ ਜਾ ਰਿਹਾ ਹੈ। ਕਬੱਡੀ ਕੋਚ ਹਰਵਿੰਦਰ ਸਿੰਘ ਸਿੱਧੂ ਦਾ ਧੰਨਵਾਦ ਅਤੇ ਵਧਾਈ ਦਿੰਦਿਆਂ ਸੁਸਾਇਟੀ ਪ੍ਰਧਾਨ ਸ਼੍ਰੀਮਤੀ ਜਸਵਿੰਦਰ ਕੌਰ ਸਿੱਧੂ ਅਤੇ ਸਕੱਤਰ ਸ਼੍ਰੀਮਤੀ ਪਰਮਜੀਤ ਕੌਰ ਨੇ ਨੈਸ਼ਨਲ ਪੱਧਰੀ ਦੂਹਰੀ ਪ੍ਰਾਪਤੀ ਕਰਨ 'ਤੇ ਗੈਰੀ ਸਿੰਘ ਅਤੇ ਕੋਚ ਹਰਵਿੰਦਰ ਸਿੰਘ ਨੂੰ ਵਧਾਈ ਦਿੱਤੀ।

### ਸਮਾਜ ਸੇਵੀ ਸਰਦਾਰਨੀ ਜਗੀਰ ਕੌਰ ਜੀ ਨਮਿੱਤ ਹੋਈ ਅੰਤਿਮ ਅਰਦਾਸ

# ਧਾਰਮਿਕ ਤੇ ਸਿਆਸੀ ਆਗੂਆਂ ਵੱਲੋਂ ਸ਼ਰਧਾ ਦੇ ਫ਼ੁੱਲ ਭੇਟ

## ਪੰਜਾਬ ਕੈਬਨਿਟ ਮੰਤਰੀ ਈ ਟੀ ਉ ਅਤੇ,ਐਮ, ਪੀ ਜਸਬੀਰ ਸਿੰਘ ਡਿੰਪਾ ਨੇ ਕੀਤੇ ਸਰਧਾ ਦੇ ਫੁੱਲ ਭੇਟ










**ਅੰਮ੍ਰਿਤਸਰ, 20 ਮਾਰਚ (ਆਵਾਜ਼ਿ ਕੌਮ ਬਿਊਰੋ)**- ਸਮਾਜ ਸੇਵੀ ਸ, ਜਗੀਰ ਸਿੰਘ ਰੰਧਾਵਾ ਦੀ ਧਰਮਪਤਨੀ ਅਤੇ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਰ ਸਮਾਜ ਸੇਵੀ ਸ, ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਸ, ਠੇਕੇਦਾਰ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ, ਬਲਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ, ਦੀ ਮਾਤਾ ਸਤਿਕਾਰਯੋਗ ਸਰਦਾਰਨੀ ਜਗੀਰ ਕੌਰ ਰੰਧਾਵਾ ਜਲਾਲ ਉਸਮਾ ਜੀ ਜੇ ਨਮਿਤ ਸ੍ਰੀ ਅਖੰਡ ਪਾਠ ਜੀ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪਾਏ ਗਏ ਉਪੰਰਤ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਸਿਮਰਪਰੀਤ ਸਿੰਘ ਬੈਰਾਗ ਮਈ ਕੀਰਤਨ ਨਾਲ ਨਿਹਾਲ ਕੀਤਾ ਗਿਆ। ਉਪੰਰਤ ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ , ਐਮ, ਪੀ ਜਸਬੀਰ ਸਿੰਘ ਗਿੱਲ ਡਿੰਪਾ ਨੇ ਸਰਧਾ ਦੇ ਫੁੱਲ ਭੇਟ ਕੀਤੇ ਇਸ ਦੌਰਾਨ ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਸਾਹਿਬ ਵਾਲੇ, ਸੰਤ ਬਾਬਾ ਨਵਤੇਜ ਸਿੰਘ ਚੇਲੇਅਨ ਸਾਹਿਬ ਵਾਲੇ, ਬਾਬਾ ਨਿਸਾਨ ਸਿੰਘ ਕਾਲੇਕੇ ਵਾਲੇ, ਬਾਬਾ ਸੁਰਿੰਦਰ ਸਿੰਘ ਸੁਬਰਾਵਾ ਵਾਲੇ, ਪੰਜਾਬ ਟਰੇਡ ਕਨਿਸਨ ਵਿੰਗ ਮੈਬਰ ਵਿਨੀਤ ਵਰਮਾ, ਮਹਿੰਦਰ ਸਿੰਘ ਪੀ, ਏ, ਪੰਜਾਬ ਪ੍ਰਧਾਨ ਬਲਜੀਤ ਸਿੰਘ ਜੌੜਾ, ਸੁਰਜੀਤ ਸਿੰਘ ਕੰਗ, ਪ੍ਰਧਾਨ ਕਿਸਾਨ ਵਿੰਗ ਪੰਜਾਬ, ਵਪਾਰ ਮੰਡਲ ਪ੍ਰਧਾਨ ਅਜੇ ਗਾਂਧੀ, ਸਾਬਕਾ ਚੇਅਰਮੈਨ ਕਸ਼ਮੀਰ ਸਿੰਘ ਸਰਪੰਚ ਕਾਲਾ, ਤਲਵਿੰਦਰ ਸਿੰਘ ਟੋਨਾ ਚੇਅਰਮੈਨ, ਡਾ, ਗੁਰਜਿੰਦਰ ਸਿੰਘ ਰੰਧਾਵਾ ਚੇਅਰਮੈਨ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਸ. ਤੇਜਾ ਸਿੰਘ ਸਮੁੰਦਰੀ ਦੇ ਪੋਤਰੇ

# ਤਰਨਜੀਤ ਸਿੰਘ ਸੰਧੂ ਦਮਦਮੀ ਟਕਸਾਲ ਹੋਏ ਨਤਮਸਤਕ

### ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਨੇ ਕੀਤੀ ਸਿਰਪਾਓ ਦੀ ਬਖਸ਼ਿਸ਼







**ਦਮਦਮੀ ਟਕਸਾਲ** ਜਥਾ ਭਿੰਡਰਾਂ ਦੇ ਹੈੱਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਚੌਂਕ ਵਿਖੇ ਭਾਰਤ ਦੇ ਅਮਰੀਕਾ ਵਿੱਚ ਸਾਬਕਾ ਰਾਜਦੂਤ ਸ: ਤਰਨਜੀਤ ਸਿੰਘ ਸੰਧੂ ਵਿਸ਼ੇਸ਼ ਤੌਰ 'ਤੇ ਨਤਮਸਤਕ ਹੋਏ। ਸ: ਤਰਨਜੀਤ ਸਿੰਘ ਸੰਧੂ ਗੁਰਦੁਆਰਾ ਸੁਧਾਰ ਲਹਿਰ ਦੇ ਪ੍ਰਮੁੱਖ ਸਿੱਖ ਆਗੂ ਜਥੇ: ਤੇਜਾ ਸਿੰਘ ਜੀ ਸਮੁੰਦਰੀ, ਜਿੰਨ੍ਹਾਂ ਦਾ ਦਮਦਮੀ ਟਕਸਾਲ ਦੇ ਗਿਆਰਵੇਂ ਮੁੱਖੀ ਸੰਤ ਗਿਆਨੀ ਸੁੰਦਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨਾਲ ਗੂੜ੍ਹਾ ਸਨੇਹ ਸੀ, ਦੇ ਪੋਤਰੇ ਹਨ ਅਤੇ ਖਾਲਸਾ ਕਾਲਜ਼ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਾਬਕਾ ਪ੍ਰਿੰਸੀਪਲ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪਹਿਲੇ ਵਾਇਸ ਚਾਂਸਲਰ ਸ: ਬਿਸ਼ਨ ਸਿੰਘ ਜੀ ਸਮੁੰਦਰੀ, ਜੋ ਕਿ ਦਮਦਮੀ ਟਕਸਾਲ ਦੇ ਬਾਰਵੇਂ ਮੁੱਖੀ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਦੇ ਸ਼ਰਧਾਲੂ ਸਨ, ਦੇ ਸੁੱਪਤਰ ਹਨ। ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਉਨ੍ਹਾਂ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਨਾਲ ਪੰਜਾਬ ਦੇ ਸਮਾਜਿਕ, ਆਰਥਿਕ, ਧਾਰਮਿਕ ਅਤੇ ਰਾਜਨੀਤਕ ਮੁੱਦਿਆ ਉਪਰ ਲੰਬੀ ਵਿਚਾਰ ਚਰਚਾ ਕੀਤੀ ਅਤੇ ਆਪਣੇ ਪਰਿਵਾਰ ਦੀਆਂ ਦਮਦਮੀ ਟਕਸਾਲ ਨਾਲ ਪੁਰਾਣੀਆਂ ਯਾਦਾਂ ਨੂੰ ਵੀ ਤਾਜ਼ਾ ਕੀਤਾ। ਸ ਸੰਧੂ ਨੇ ਦਮਦਮੀ ਟਕਸਾਲ ਦੁਆਰਾ ਧਾਰਮਿਕ, ਸਮਾਜਿਕ ਅਤੇ ਵਿਦਿਅਕ ਖੇਤਰ ਵਿਚ ਨਿਭਾਈਆ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਅਤੇ ਆਪਣੇ ਵਲੋਂ ਹਰ ਤਰਾ ਦੇ ਸਹਿਯੋਗ ਦੀ ਪੇਸ਼ਕਸ਼ ਕੀਤੀ। ਸੰਤ ਗਿਆਨੀ ਹਰਨਾਮ ਸਿੰਘ ਜੀ ਨੇ ਵੀ ਪੰਜਾਬ ਅਤੇ ਕਿਸਾਨੀ ਦੀ ਤਰੱਕੀ ਨੌਜੁਵਾਨਾਂ ਲਈ ਰੋਜ਼ਗਾਰ ਦੇ ਮੌਕੇ ਅਤੇ ਉਦਯੋਗਿਕ ਵਿਕਾਸ ਲਈ ਓਨਾ ਵਲੋਂ ਕੀਤੇ ਜਾ ਰਹੇ ਵਿਸ਼ੇਸ ਉਪਰਾਲਿਆਂ ਲਈ ਓਨਾ ਨੂੰ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਬਾਬਾ ਜੀ ਨੇ ਇਸ ਮੌਕੇ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਭੇਂਟ ਕਰ ਕੇ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਚੀਫ਼ ਖਾਲਸਾ ਦੀਵਾਨ ਦੇ ਮੈਂਬਰ ਪ੍ਰਿੰ:ਹਰਸ਼ਦੀਪ ਸਿੰਘ ਰੰਧਾਵਾ ਅਤੇ ਡਾ: ਅਵਤਾਰ ਸਿੰਘ ਬੁੱਟਰ, ਜਥੇਦਾਰ ਸੁਖਦੇਵ ਸਿੰਘ ਮੁੱਖ ਬੁਲਾਰਾ, ਗਿਆਨੀ ਸਾਹਿਬ ਸਿੰਘ ਅਤੇ ਦਮਦਮੀ ਟਕਸਾਲ ਦੇ ਹੋਰ ਜੁੰਮੇਵਾਰ ਸਿੰਘ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿਸ਼ਵ ਲਈ ਖਤਰੇ ਦੀ ਘੰਟੀ! 10 ਸਾਲਾਂ 'ਚ ਗਰਮ ਭੱਠੀ ਵਾਂਗ ਤਪਣ ਲੱਗੀ ਧਰਤੀ

**ਨਵੀਂ ਦਿੱਲੀ**, 20 ਮਾਰਚ (**ਆਵਾਜ਼ਿ ਕੌਮ ਬਿਊਰੋ**)-ਪਿਛਲੇ ਕੁੱਝ ਸਾਲਾਂ ਦੇ ਵਿੱਚ ਵਾਤਾਵਰਨ ਦੇ ਵਿੱਚ ਤੇਜ਼ੀ ਦੇ ਨਾਲ ਬਦਲਾਅ ਦੇਖਣ ਨੂੰ ਮਿਲ ਰਹੇ ਹਨ। ਕਿਤੇ ਸੋਕਾ, ਕਿਤੇ ਹੜ੍ਹ, ਕਿਤੇ ਤੇਜ਼ ਮੀਂਹ-ਤੂਫਾਨ, ਪਰ ਇਨਸਾਨ ਇਸ ਸਭ ਦਾ ਪਿੱਛੇ ਪਰਮਾਤਮਾ ਨੂੰ ਦੋਸ਼ ਦੇਣ ਲੱਗ ਪੈਂਦਾ ਹੈ, ਪਰ ਆਪਣੇ ਵੱਲ ਝਾਤੀ ਨਹੀਂ ਮਾਰਦਾ ਹੈ ਕਿ ਉਹ ਕੁਦਰਤ ਦੇ ਨਾਲ ਕੀ ਕਰ ਰਿਹਾ ਹੈ। ਤਕਨਾਲੋਜੀ ਦੀ ਮਦਦ ਨਾਲ ਤੇਜ਼ੀ ਨਾਲ ਵਿਕਾਸ ਕਰ ਰਹੇ ਸੰਸਾਰ ਵਿੱਚ, ਕਾਰਬਨ ਨਿਕਾਸ ਮਨੁੱਖੀ ਹੋਂਦ ਲਈ ਲਗਾਤਾਰ ਖ਼ਤਰਾ ਬਣ ਰਿਹਾ ਹੈ। ਇਸ ਦਾ ਹਾਲ ਸੰਯੁਕਤ ਰਾਸ਼ਟਰ ਦੀ ਇਕ ਰਿਪੋਰਟ ਵਿਚ ਵੀ ਸਾਹਮਣੇ ਆਇਆ ਹੈ, ਜਿਸ ਵਿਚ ਦਾਅਵਾ ਕੀਤਾ ਗਿਆ ਹੈ ਕਿ 2014 ਤੋਂ 2023 ਦਰਮਿਆਨ 10 ਸਾਲ ਸਭ ਤੋਂ ਗਰਮ ਦਹਾਕਾ ਰਹੇ ਹਨ। ਸੰਯੁਕਤ ਰਾਸ਼ਟਰ ਦੇ ਵਿਸ਼ਵ ਮੌਸਮ ਵਿਗਿਆਨ ਸੰਗਠਨ (WMO) ਨੇ ਮੰਗਲਵਾਰ ਨੂੰ ਆਪਣੀ ਸਾਲਾਨਾ ਜਲਵਾਯੂ ਸਥਿਤੀ ਰਿਪੋਰਟ ਜਾਰੀ ਕੀਤੀ ਹੈ। ਅੰਕੜਿਆਂ ਦਾ ਹਵਾਲਾ ਦਿੰਦੇ ਹੋਏ ਕਿਹਾ ਗਿਆ ਹੈ ਕਿ 2023 ਹੁਣ ਤੱਕ ਦਾ ਸਭ ਤੋਂ ਗਰਮ ਸਾਲ ਰਿਹਾ। ਜਦੋਂ ਕਿ 2014 ਤੋਂ 2023 ਤੱਕ ਦਾ ਸਮਾਂ ਸਭ ਤੋਂ ਗਰਮ ਦਹਾਕੇ ਵਜੋਂ ਦਰਜ ਕੀਤਾ ਗਿਆ ਹੈ। ਇਨ੍ਹਾਂ 10 ਸਾਲਾਂ ਵਿੱਚ ਗਰਮੀ ਦੀਆਂ ਲਹਿਰਾਂ ਨੇ ਸਮੁੰਦਰਾਂ ਨੂੰ ਪ੍ਰਭਾਵਿਤ ਕੀਤਾ। ਗਲੇਸ਼ੀਅਰਾਂ ਨੂੰ ਵੀ ਰਿਕਾਰਡ ਬਰਫ਼ ਦਾ ਨੁਕਸਾਨ ਹੋਇਆ ਹੈ। ਸੰਯੁਕਤ ਰਾਸ਼ਟਰ ਦੇ ਮੁਖੀ ਐਂਟੋਨੀਓ ਗੁਟੇਰੇਸ ਨੇ ਵਿਸ਼ਵ ਮੌਸਮ ਵਿਗਿਆਨ ਸੰਗਠਨ ਦੀ ਇਸ ਰਿਪੋਰਟ 'ਤੇ ਚਿੰਤਾ ਜ਼ਾਹਰ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਰਿਪੋਰਟ ਦਰਸਾਉਂਦੀ ਹੈ ਕਿ ਸਾਡੀ ਧਰਤੀ ਵਿਨਾਸ਼ ਦੀ ਕਗਾਰ 'ਤੇ ਹੈ। ਐਂਟੋਨੀਓ ਗੁਟੇਰੇਸ ਨੇ ਕਿਹਾ, "ਸਾਡਾ ਗ੍ਰਹਿ ਸੰਕਟ ਦੇ ਸੰਕੇਤ ਦਿਖਾ ਰਿਹਾ ਹੈ। ਜੈਵਿਕ ਬਾਲਣ ਪ੍ਰਦੂਸ਼ਣ ਚਾਰਟ ਦਿਖਾਉਂਦੇ ਹਨ ਕਿ ਜਲਵਾਯੂ ਨੂੰ ਕਿੰਨਾ ਨੁਕਸਾਨ ਹੋ ਰਿਹਾ ਹੈ। ਇਹ ਇਸ ਗੱਲ ਦੀ ਚੇਤਾਵਨੀ ਹੈ ਕਿ ਧਰਤੀ 'ਤੇ ਕਿੰਨੀ ਤੇਜ਼ੀ ਨਾਲ ਬਦਲਾਅ ਹੋ ਰਹੇ ਹਨ।" ਡਬਲਯੂ.ਐੱਮ.ਓ ਦੇ ਮੁਖੀ ਐਂਡਰੀਆ ਸੇਲੇਸਟ ਸਾਊਲੋ ਨੇ ਕਿਹਾ, "ਇਸ ਰਿਪੋਰਟ ਨੂੰ ਦੁਨੀਆ ਲਈ ਰੈੱਡ ਅਲਰਟ ਵਜੋਂ ਦੇਖਿਆ ਜਾਣਾ ਚਾਹੀਦਾ ਹੈ।" "ਗਰਮੀ ਦੇ ਰਿਕਾਰਡ ਇੱਕ ਵਾਰ ਫਿਰ ਟੁੱਟ ਗਏ ਹਨ ਅਤੇ ਕੁੱਝ ਮਾਮਲਿਆਂ ਵਿੱਚ ਟੁੱਟ ਗਏ ਹਨ।" ਉਨ੍ਹਾਂ ਨੇ ਅੱਗੇ ਕਿਹਾ "ਅਸੀਂ 2023 ਵਿੱਚ ਕੀ ਦੇਖਿਆ... ਗਰਮੀ ਦੀਆਂ ਲਹਿਰਾਂ ਵਧੀਆਂ, ਖਾਸ ਕਰਕੇ ਸਮੁੰਦਰਾਂ ਵਿੱਚ। ਗਲੇਸ਼ੀਅਰ ਪਿਘਲ ਗਏ ਅਤੇ ਪਿੱਛੇ ਹਟ ਗਏ। ਅੰਟਾਰਕਟਿਕ ਸਮੁੰਦਰੀ ਬਰਫ਼ ਨੂੰ ਨੁਕਸਾਨ ਪਹੁੰਚਿਆ। ਕੁੱਲ ਮਿਲਾ ਕੇ, ਇਹ ਸਭ ਚਿੰਤਾ ਦਾ ਕਾਰਨ ਹੈ।" ਰਿਪੋਰਟ ਵਿਚ ਚੇਤਾਵਨੀ ਦਿੱਤੀ ਗਈ ਹੈ ਕਿ 1950 ਵਿਚ ਰਿਕਾਰਡ ਸ਼ੁਰੂ ਹੋਣ ਤੋਂ ਬਾਅਦ ਦੁਨੀਆ ਭਰ ਦੇ ਵੱਡੇ ਗਲੇਸ਼ੀਅਰਾਂ ਨੂੰ ਬਰਫ਼ ਦਾ ਸਭ ਤੋਂ ਵੱਡਾ ਨੁਕਸਾਨ ਹੋਇਆ ਹੈ। ਖਾਸ ਕਰਕੇ ਪੱਛਮੀ ਉੱਤਰੀ ਅਮਰੀਕਾ ਅਤੇ ਯੂਰਪ ਵਿੱਚ ਹਾਲਾਤ ਵਿਗੜ ਗਏ ਹਨ।

ਆਵਾਜ਼ਿ ਕੌਮ AWAZE QAUM International Newspaper & WEB TV



# ਚੋਣ ਜ਼ਾਬਤੇ ਦੌਰਾਨ ਲੱਖਾਂ ਰੁਪਿਆਂ ਨਾਲ ਭਰੀ ਕਾਰ ਛੱਡ ਭੱਜੇ ਨੌਜਵਾਨ, ਪਿੱਛੇ ਲੱਗੀ ਹੋਈ ਸੀ ਪੁਲਸ

**ਜਗਰਾਉਂ**, 20 ਮਾਰਚ (**ਆਵਾਜ਼ਿ ਕੌਮ ਬਿਊਰੋ**)-ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਤਹਿਤ ਵਿਸ਼ੇਸ਼ ਨਾਕਾਬੰਦੀ ਕਰਕੇ ਵਾਹਨਾਂ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ। ਇਸ ਦੇ ਮੱਦੇਨਜ਼ਰ ਦਿਹਾਤੀ ਪੁਲਸ ਨੂੰ ਉਸ ਵੇਲੇ ਵੱਡੀ ਸਫ਼ਲਤਾ ਮਿਲੀ, ਜਦੋਂ ਟ੍ਰੈਫਿਕ ਪੁਲਸ ਅਤੇ ਥਾਣਾ ਸਿਟੀ ਪੁਲਸ ਦੀਆਂ ਟੀਮਾਂ ਨੇ ਨਾਕੇਬੰਦੀ ਦੌਰਾਨ ਇੱਕ ਵਰਨਾ ਕਾਰ 'ਚੋਂ ਲੱਖਾਂ ਰੁਪਏ ਦੀ ਨਕਦੀ ਬਰਾਮਦ ਕੀਤੀ। ਥਾਣਾ ਸਿਟੀ ਜਗਰਾਓਂ ਵਿਖੇ ਕੀਤੀ ਗਈ ਪ੍ਰੈੱਸ ਵਾਰਤਾ ਦੌਰਾਨ ਜਾਣਕਾਰੀ ਸਾਂਝੀ ਕਰਦਿਆਂ ਡੀ. ਐੱਸ. ਪੀ. ਮਨਜੀਤ ਸਿੰਘ ਰਾਣਾ ਨੇ ਦੱਸਿਆ ਕਿ ਨਾਕੇਬੰਦੀ ਦੌਰਾਨ ਪੁਲਸ ਟੀਮ ਨੂੰ ਸ਼ਾਮ ਦੇ ਸਮੇਂ ਮੋਗਾ ਸਾਈਡ ਤੋਂ ਇੱਕ ਵਰਨਾ ਕਾਰ ਆਉਂਦੀ ਦਿਖਾਈ ਦਿੱਤੀ। ਇਸ ਕਾਰ ਨੂੰ ਨਾਕੇ 'ਤੇ ਮੌਜੂਦ ਪੁਲਸ ਮੁਲਾਜ਼ਮਾਂ ਨੇ ਰੁਕਣ ਦਾ ਇਸ਼ਾਰਾ ਕੀਤਾ ਪਰ ਕਾਰ ਸਵਾਰ ਬੜੀ ਤੇਜ਼ ਰਫ਼ਤਾਰ ਨਾਲ ਕਾਰ ਨਾਕੇ ਤੋਂ ਭਜਾ ਕੇ ਸਿੱਧਵਾਂ ਬੇਟ ਰੋਡ ਵੱਲ ਲੈ ਗਏ। ਜਦੋਂ ਪੁਲਸ ਨੇ ਕਾਰ ਸਵਾਰਾਂ ਦਾ ਪਿੱਛਾ ਕੀਤਾ ਤਾਂ ਉਹ ਕੁੱਝ ਹੀ ਦੂਰੀ 'ਤੇ ਆਪਣੀ ਕਾਰ ਛੱਡ ਕੇ ਮੌਕੇ ਤੋਂ ਭੱਜ ਗਏ। ਬਾਜ਼ਾਰ 'ਚ ਭੀੜ ਜ਼ਿਆਦਾ ਹੋਣ ਕਾਰਨ ਕਾਰ ਸਵਾਰ ਮੌਕੇ ਤੋਂ ਭੱਜਣ 'ਚ ਕਾਮਯਾਬ ਹੋ ਗਏ। ਡੀ. ਐੱਸ. ਪੀ. ਨੇ ਦੱਸਿਆ ਕਿ ਜਦੋਂ ਪੁਲਸ ਵੱਲੋਂ ਕਾਰ ਦੀ ਤਲਾਸ਼ੀ ਲਈ ਗਈ ਤਾਂ ਕਾਰ ਵਿੱਚੋਂ ਭਾਰਤੀ ਕਰੰਸੀ ਬਰਾਮਦ ਹੋਈ। ਇਸ ਸਬੰਧੀ ਉੱਚ ਅਧਿਕਾਰੀਆਂ ਨੂੰ ਸੂਚਿਤ ਕੀਤਾ ਗਿਆ। ਜਦੋਂ ਜਗਰਾਓਂ ਪੁੱਜ ਕੇ ਰਕਮ ਦੀ ਗਿਣਤੀ ਕੀਤੀ ਗਈ ਤਾਂ ਕੁੱਲ ਰਕਮ 40 ਲੱਖ, 25 ਹਜ਼ਾਰ 850 ਰੁਪਏ ਨਿਕਲੀ, ਜਿਸ ਨੂੰ ਮਾਲਖ਼ਾਨਾ ਥਾਣੇ 'ਚ ਜਮ੍ਹਾਂ ਕਰਵਾਇਆ ਗਿਆ। ਡੀ. ਐੱਸ. ਪੀ. ਰਾਣਾ ਨੇ ਦੱਸਿਆ ਕਿ ਭੱਜਣ ਵਾਲੇ ਨੌਜਵਾਨਾਂ ਦੇ ਨਾਂ ਜਤਿਸ਼ ਗਰੋਵਰ ਵਾਸੀ ਮੁਹੱਲਾ ਬੁੱਧਵਾਸ ਵਾਲ ਫਿਰੋਜ਼ਪੁਰ, ਯੋਗੇਸ਼ ਕੁਮਾਰ ਵਾਸੀ ਵਾਰਡ ਨੰਬਰ-8 ਰਾਮਦਾਸ ਨਗਰ ਫਿਰੋਜ਼ਪੁਰ ਅਤੇ ਰੋਹਿਤ ਸੇਠੀ ਵਾਸੀ ਫਿਰੋਜ਼ਪੁਰ ਹੈ। ਇਸ ਸਬੰਧੀ ਆਮਦਨ ਟੈਕਸ ਵਿਭਾਗ ਨੂੰ ਇਤਲਾਹ ਦਿੱਤੀ ਗਈ, ਜਿਨ੍ਹਾਂ ਨੇ ਅਗਲੀ ਕਾਰਵਾਈ ਸ਼ੁਰੂ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਸਰਦਾਰ ਨਛੱਤਰ ਸਿੰਘ ਜੀ ਯੂ.ਕੇ ਅਤੇ ਸਮੂਹ ਪਰਿਵਾਰ ਵੱਲੋਂ ਕੌਮੀ ਤਿਉਹਾਰ ਹੋਲੇ ਮਹੱਲੇ ਨੂੰ ਸਮਰਪਿਤ

# ਦੂਸਰਾ ਖੇਡ ਮੇਲਾ ਪਿੰਡ ਛੋਕਰਾਂ (ਜਲੰਧਰ) ਵਿਖੇ ਕਰਵਾਇਆ ਗਿਆ

### ਸਮਾਪਤੀ ਉਪਰੰਤ ਸ. ਨਛੱਤਰ ਸਿੰਘ ਯੂ.ਕੇ ਵੱਲੋਂ ਸਮੂਹ ਸ਼ਖ਼ਸੀਅਤਾਂ ਅਤੇ ਸੇਵਾਦਾਰਾਂ ਦਾ ਸਨਮਾਨ ਤੇ ਧੰਨਵਾਦ










**ਆਵਾਜਿ ਕੌਮ ਬਿਊਰੋ ਵੱਲੋਂ ਖਾਸ ਰਿਪੋਰਟ**

ਕੌਮੀ ਤਿਉਹਾਰ ਹੋਲੇ ਮਹੱਲੇ ਨੂੰ ਸਮਰਪਿਤ ਅਤੇ ਸਲਾਨਾ ਦੂਸਰਾ ਖੇਡ ਮੇਲਾ ਪਿੰਡ ਛੋਕਰਾਂ ਜਲੰਧਰ ਵਿਖੇ ਬੜੀ ਧੂਮ ਧਾਮ ਨਾਲ ਕਰਵਾਇਆ ਗਿਆ, ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਅਤੇ ਸਮਾਪਤੀ ਦੀ ਅਰਦਾਸ ਤੋਂ ਉਪਰੰਤ ਮਹੱਲਾ ਕੱਢਿਆ ਗਿਆ ਅਤੇ ਸਟੇਜ ਉੱਪਰ ਟੀਮਾਂ ਵੱਲੋਂ ਗੱਤਕੇ ਦੇ ਜੌਹਰ ਵਿਖਾਏ ਗਏ। ਜੇਤੂ ਟੀਮਾਂ ਨੂੰ ਟਰਾਫੀਆਂ ਅਤੇ ਨਗਦ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਇਸ ਉਪਰੰਤ ਕਬੱਡੀ ਦੇ ਜੌਹਰ ਵਿਖਾਏ ਗਏ ਅਤੇ ਟੀਮਾਂ ਨੇ ਖੇਡ ਰਾਹੀਂ ਦਰਸ਼ਕਾਂ ਦੇ ਦਿਲ ਜਿੱਤੇ।ਅਤੇ ਜੇਤੂ ਟੀਮਾਂ ਨੂੰ ਨਗਦ ਰਾਸ਼ੀ ਅਤੇ ਟਰਾਫੀਆਂ ਨਾਲ ਸਰਦਾਰ ਨਛੱਤਰ ਸਿੰਘ ਜੀ ਯੂ.ਕੇ ਵੱਲੋਂ ਸਨਮਾਨਿਤ ਕੀਤਾ ਗਿਆ। ਅਤੇ ਨਾਲ ਦੀ ਨਾਲ ਹੈਵੀ ਵੈਟ ਲਿਫਟਿੰਗ ਚੈਂਪੀਅਨਾਂ ਵੱਲੋਂ ਵੀ ਖੇਡ



ਵਿੱਚ ਭਾਗ ਲਿਆ ਗਿਆ।ਅਤੇ ਜੇਤੂਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਉਪਰੰਤ ਖੇਡਾਂ ਦੀ ਸਮਾਪਤੀ ਤੇ ਸਵ: ਸਰਦਾਰ ਗੁਰਨਾਮ ਸਿੰਘ ਯੂ.ਕੇ ਗੋਲਡਨ ਸਪੋਸਰ, ਅਤੇ ਕੁਲਵਿੰਦਰ ਸਿੰਘ ਯੂ.ਕੇ ਗੋਲਡਨ ਸਪੋਸਰ, ਅਤੇ ਸਰਦਾਰ ਨਛੱਤਰ ਸਿੰਘ ਗੋਲਡਨ ਸਪੋਸਰ, ਸਮੂਹ ਪਰਿਵਾਰ ਵੱਲੋਂ ਇਸ ਖੇਡ ਮੇਲੇ ਵਿੱਚ ਪਹੁੰਚੀਆਂ ਹੋਈਆਂ ਮਹਾਨ ਪੱਥਕ ਅਤੇ ਰਾਜਨੀਤਕ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਅਤੇ ਇਲਾਕੇ ਦੀਆਂ ਮਹਾਨ ਸ਼ਖ਼ਸੀਅਤਾਂ ਦਾ ਵੀ ਮਾਨ ਸਨਮਾਨ ਕੀਤਾ ਗਿਆ। ਇਸ ਮੌਕੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ, ਅਤੇ ਉਹਨਾਂ ਨਾਲ ਸੰਤ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਐਸ. ਜੀ. ਪੀ. ਸੀ. ਅਤੇ ਬਾਬਾ ਸਵਰਨਜੀਤ ਸਿੰਘ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਦੋਆਬਾ, ਅਤੇ ਹੋਰ ਵੀ ਕਈ ਹਾਜ਼ਰ ਸਨ। ਇਹ ਸਮਾਗਮ ਸਵ: ਗੁਰਨਾਮ ਸਿੰਘ ਯੂ.ਕੇ , ਨਛੱਤਰ ਸਿੰਘ ਯੂ.ਕੇ , ਕੁਲਵਿੰਦਰ ਸਿੰਘ ਯੂ.ਕੇ, ਪਿੰਡ ਛੋਕਰਾਂ ਦੇ ਪਰਿਵਾਰ ਵੱਲੋਂ ਅਤੇ ਨਿਹੰਗ ਸਿੰਘ ਜਥੇਬੰਦੀਆਂ, ਗ੍ਰਾਮ ਪੰਚਾਇਤ ਪਿੰਡ ਛੋਕਰਾਂ, ਸਮੂਹ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ, ਨੌਜਵਾਨ ਸਭਾਵਾਂ, ਅਤੇ ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਗਿਆ।ਵਿਸ਼ੇਸ਼ ਸਹਿਯੋਗੀ ਖਾਲਸਾ ਗੱਤਕਾ ਫੈਡਰੇਸ਼ਨ ਸ਼ਹੀਦ ਭਗਤ ਸਿੰਘ ਕਬੱਡੀ ਕਲੱਬ ਅਤੇ ਐਨ.ਆਰ.ਆਈ ਵੀਰ, ਪਿੰਡ ਛੋਕਰਾਂ।ਸਮਾਪਤੀ ਉਪਰੰਤ ਸਰਦਾਰ ਨਛੱਤਰ ਸਿੰਘ ਯੂ.ਕੇ ਵੱਲੋਂ ਸਮੂਹ ਸ਼ਖ਼ਸੀਅਤਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ। ਅਤੇ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243